ਸ਼ਨੀਵਾਰ, 13 ਜੂਨ, 2026
30 ਜੇਠ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 12

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 13 JUNE, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਖਾੜੀ ਤੋਂ ਠੰਢੇ ਬੁੱਲੇ, ਅਮਨ ਸਮਝੌਤਾ ਕਾਫੀ ਕਰੀਬ

## ਇੱਕ-ਦੋ ਦਿਨਾਂ 'ਚ ਸਮਝੌਤਾ ਸਹੀਬੰਦ ਹੋ ਜਾਵੇਗਾ : ਟਰੰਪ, ਸਮਝੌਤੇ 'ਚ ਮਦਦ ਲਈ ਪਾਕਿਸਤਾਨੀ ਜਨਰਲ ਮੁਨੀਰ ਦੀਆਂ ਸਿਫਤਾਂ


ਟਰੰਪ ਦੀ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਤੇ ਜਨਰਲ ਮੁਨੀਰ ਨਾਲ ਪੁਰਾਣੀ ਤਸਵੀਰ।

**ਤਹਿਰਾਨ (ਨ ਜ਼ ਸ)**
ਈਰਾਨ ਨੇ ਅਮਰੀਕਾ ਨਾਲ ਪ੍ਰਸਤਾਵਤ ਸ਼ਾਂਤੀ ਸਮਝੌਤੇ ਦੇ ਤਾਜ਼ਾ ਵੇਰਵੇ ਜਾਰੀ ਕੀਤੇ ਹਨ। ਸਮਝੌਤੇ ਦੇ ਖਰੜੇ ਵਿੱਚ 30 ਦਿਨਾਂ ਦੇ ਅੰਦਰ ਹਾਰਮੁਜ਼ ਜਲਡਮਰੂ ਨੂੰ ਦੁਬਾਰਾ ਖੋਲ੍ਹਣਾ, 24 ਅਰਬ ਡਾਲਰ ਦੀ ਫ੍ਰੀਜ਼ ਕੀਤੀ ਗਈ ਈਰਾਨੀ ਸੰਪਤੀ ਦੀ ਵਾਪਸੀ ਅਤੇ ਪ੍ਰਮਾਣੂ ਮੁੱਦਿਆਂ 'ਤੇ ਗੱਲਬਾਤ ਦੀ 60 ਦਿਨਾਂ ਦੀ ਮਿਆਦ ਸ਼ਾਮਲ ਹੈ। ਈਰਾਨ ਨੇ ਇਨ੍ਹਾਂ ਰਿਪੋਰਟਾਂ ਨੂੰ ਰੱਦ ਕੀਤਾ ਹੈ ਕਿ ਉਹ ਰਣਨੀਤਕ ਜਲਮਾਰਗ ਦਾ ਕੰਟਰੋਲ ਛੱਡ ਦੇਵੇਗਾ। ਉਸਨੇ ਜ਼ੋਰ ਦੇ ਕੇ ਕਿਹਾ ਹੈ ਕਿ ਸ਼ਿਪਿੰਗ ਮੁੜ ਸ਼ੁਰੂ ਹੋਣ 'ਤੇ ਵੀ ਹਾਰਮੁਜ਼ ਜਲਡਮਰੂ ਈਰਾਨੀ ਅਧਿਕਾਰ ਅਧੀਨ ਰਹੇਗਾ। ਈਰਾਨੀ ਅਧਿਕਾਰੀਆਂ ਨੇ ਇਹ ਵੀ ਜ਼ੋਰ ਦਿੱਤਾ ਹੈ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਗੱਲਬਾਤ ਵਿੱਚ ਸਫਲਤਾ ਦੇ ਦਾਅਵਿਆਂ ਦੇ ਬਾਵਜੂਦ, ਅਜੇ ਤੱਕ ਕੋਈ ਅੰਤਮ ਸਮਝੌਤਾ ਨਹੀਂ ਹੋਇਆ ਹੈ।

ਟਰੰਪ ਨੇ ਵੀਰਵਾਰ ਕਿਹਾ ਸੀ ਕਿ ਉਸਨੇ ਈਰਾਨ 'ਤੇ ਲਗਾਤਾਰ ਤੀਜੇ ਦਿਨ ਦੇ ਹਮਲੇ ਇਸ ਕਰਕੇ ਰੋਕ ਦਿੱਤੇ ਸਨ ਕਿ ਗੱਲਬਾਤ ਸਮਝੌਤੇ ਦੇ ਨੇੜੇ ਪੁੱਜ ਗਈ ਸੀ। ਉਸਨੇ ਕਿਹਾ ਕਿ ਸਮਝੌਤੇ 'ਤੇ ਦਸਤਖਤਾਂ ਦਾ ਸਮਾਂ ਅਤੇ ਸਥਾਨ ਛੇਤੀ ਹੀ ਐਲਾਨ ਦਿੱਤਾ ਜਾਵੇਗਾ। ਇਸਤੋਂ ਪਹਿਲਾਂ ਇੱਕ ਸੀਨੀਅਰ ਈਰਾਨੀ ਅਧਿਕਾਰੀ ਨੇ ਦੱਸਿਆ ਕਿ ਅਮਰੀਕਾ ਨਾਲ ਕਰਾਰਨਾਮੇ ਦਾ ਪ੍ਰਸਤਾਵ ਚੋਟੀ ਦੇ ਨੇਤਾਵਾਂ ਦੇ ਵਿਚਾਰ ਅਧੀਨ ਹੈ, ਹਾਲਾਂਕਿ ਕਿਸੇ ਵੀ ਸਮਝੌਤੇ ਦਾ ਸਮਾਂ ਅਨਿਸ਼ਚਿਤ ਹੈ। ਜੇ ਸਮਝੌਤਾ ਸਿਰੇ ਚੜ੍ਹ ਜਾਂਦਾ ਹੈ ਤਾਂ ਇਹ ਤਿੰਨ ਮਹੀਨਿਆਂ ਤੋਂ ਚੱਲ ਰਹੇ ਸੰਘਰਸ਼ ਨੂੰ ਖਤਮ ਕਰਨ ਵੱਲ ਹੁਣ ਤੱਕ ਦਾ ਸਭ ਤੋਂ ਵੱਡਾ ਕੂਟਨੀਤਕ ਕਦਮ ਹੋਵੇਗਾ, ਜਿਸ ਨੇ ਹਜ਼ਾਰਾਂ ਜਾਨਾਂ ਲਈਆਂ ਹਨ ਅਤੇ ਵਿਸ਼ਵਵਿਆਪੀ ਊਰਜਾ ਦੀਆਂ ਕੀਮਤਾਂ ਨੂੰ ਉੱਚਾ ਚੁੱਕਿਆ ਹੈ। ਟਰੰਪ ਨੇ ਕਿਹਾ ਹੈ ਕਿ ਈਰਾਨ ਨਾਲ ਜੰਗ ਖਤਮ ਕਰਨ ਲਈ ਮਹਾਨ ਸਮਝੌਤੇ 'ਤੇ ਯੂਰਪ ਵਿੱਚ ਦਸਤਖਤ ਕੀਤੇ ਜਾਣਗੇ, ਸੰਭਵ ਤੌਰ 'ਤੇ ਇਸ ਹਫਤੇ ਦੇ ਅੰਤ ਵਿੱਚ। ਟਰੰਪ ਨੇ ਓਵਲ ਦਫਤਰ ਵਿੱਚ ਪੱਤਰਕਾਰਾਂ ਨੂੰ ਕਿਹਾ, "ਅਸੀਂ ਈਰਾਨ ਨਾਲ ਜੰਗ ਦਾ ਇੱਕ ਵਧੀਆ ਹੱਲ ਕੱਢਿਆ ਹੈ। ਦੋਵੇਂ ਧਿਰਾਂ ਦਸਤਾਵੇਜ਼ਾਂ ਨੂੰ ਅੰਤਮ ਰੂਪ ਦੇ ਰਹੀਆਂ ਹਨ, ਜੋ ਕਿ ਅਗਲੇ ਕੁਝ ਦਿਨਾਂ ਵਿੱਚ ਪੂਰਾ ਹੋ ਜਾਣਾ ਚਾਹੀਦਾ ਹੈ, ਸ਼ਾਇਦ ਯੂਰਪ ਵਿੱਚ ਦਸਤਖਤ ਕਰਨਗੀਆਂ। ਇਹ ਇੱਕ ਬਹੁਤ ਵਧੀਆ ਗੱਲ ਹੈ।"

ਟਰੰਪ ਨੇ ਕਿਹਾ ਕਿ ਉਸਦਾ ਮੰਨਣਾ ਹੈ ਕਿ ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਾਮਨੇਈ ਨੇ ਨਿੱਜੀ ਤੌਰ 'ਤੇ ਸਮਝੌਤੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਸਨੇ ਇਹ ਵੀ ਕਿਹਾ ਕਿ ਹਾਰਮੁਜ਼ ਜਲਡਮਰੂ, ਜੋ ਕਿ ਵਿਸ਼ਵਵਿਆਪੀ ਤੇਲ ਸ਼ਿਪਮੈਂਟ ਲਈ ਇੱਕ ਮੁੱਖ ਰਸਤਾ ਹੈ, ਸਮਝੌਤੇ 'ਤੇ ਦਸਤਖਤ ਹੋਣ ਤੋਂ ਬਾਅਦ ਦੁਬਾਰਾ ਖੁੱਲ੍ਹ ਜਾਵੇਗਾ। ਈਰਾਨੀ ਮੀਡੀਆ ਨੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਾਈ ਦੇ ਹਵਾਲੇ ਨਾਲ ਕਿਹਾ ਹੈ ਕਿ ਗੱਲਬਾਤ ਅਧੀਨ ਖਰੜੇ ਦੇ ਜ਼ਿਆਦਾਤਰ ਹਿੱਸੇ ਨੂੰ ਪੂਰਾ ਕਰ ਲਿਆ ਗਿਆ ਹੈ, ਪਰ ਈਰਾਨ ਆਪਣੀਆਂ ਮੰਗਾਂ ਨਹੀਂ ਛੱਡੇਗਾ। ਇਹ ਇੱਕ ਬਹੁਤ ਮਹੱਤਵਪੂਰਨ ਮੁੱਦਾ ਹੈ, ਜਿਸਦੀ ਇਸ ਸਮੇਂ ਸੰਬੰਧਤ ਫੈਸਲਾ ਲੈਣ ਵਾਲੀਆਂ ਸੰਸਥਾਵਾਂ ਵੱਲੋਂ ਸਮੀਖਿਆ ਕੀਤੀ ਜਾ ਰਹੀ ਹੈ। ਦੱਸਿਆ ਜਾਂਦਾ ਹੈ ਕਿ ਕਤਰ, ਸੰਯੁਕਤ ਅਰਬ ਅਮੀਰਾਤ ਅਤੇ ਪਾਕਿਸਤਾਨ ਦੇ ਨੇਤਾਵਾਂ ਨੇ ਟਰੰਪ ਨਾਲ ਗੱਲ ਕੀਤੀ ਜਦੋਂ ਉਸਨੇ ਚੇਤਾਵਨੀ ਦਿੱਤੀ ਕਿ ਈਰਾਨ ਨੂੰ 'ਅੱਜ ਰਾਤ ਬਹੁਤ ਸਖਤ' ਮਾਰਿਆ ਜਾ ਸਕਦਾ ਹੈ ਅਤੇ ਉਸ ਨੂੰ ਕੋਈ ਕਾਰਵਾਈ ਨਾ ਕਰਨ ਦੀ ਅਪੀਲ ਕੀਤੀ। ਇਨ੍ਹਾਂ ਦੇਸ਼ਾਂ ਦਾ ਤਹਿਰਾਨ ਵਿੱਚ ਅਤੇ ਸੁਪਰੀਮ ਲੀਡਰ ਮੋਜਤਬਾ ਖਾਮਨੇਈ 'ਤੇ ਪ੍ਰਭਾਵ ਹੈ। ਟਰੰਪ ਨੇ ਈਰਾਨ 'ਤੇ ਅਮਰੀਕੀ ਹਮਲੇ ਨੂੰ ਟਾਲਣ ਵਿੱਚ ਮਦਦ ਕਰਨ ਲਈ ਪਾਕਿਸਤਾਨ ਨੂੰ ਸਿਹਰਾ ਦਿੱਤਾ ਹੈ। ਇਸਨੂੰ ਅਜਿਹੇ ਸਮੇਂ ਵਿੱਚ ਪਾਕਿਸਤਾਨ ਦੀ ਇੱਕ ਅਣਕਿਆਸੀ ਕੂਟਨੀਤਕ ਜਿੱਤ ਵਜੋਂ ਦੇਖਿਆ ਜਾ ਰਿਹਾ ਹੈ ਜਦੋਂ ਇਸਲਾਮਾਬਾਦ ਆਪਣੇ ਆਪ ਨੂੰ ਖਿੱਤੇ 'ਚ ਸਟੈਬਲਾਈਜ਼ਰ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਟਰੰਪ ਨੇ ਕਿਹਾ ਕਿ ਉਸਨੇ ਪਾਕਿਸਤਾਨ ਤੇ ਕੁਝ ਖਾੜੀ ਦੇਸ਼ਾਂ ਦੀ ਬੇਨਤੀ 'ਤੇ ਈਰਾਨ 'ਤੇ ਹਮਲਾ ਰੋਕਿਆ। ਟਰੰਪ ਨੇ ਪਾਕਿਸਤਾਨ ਦੇ ਜਨਰਲ ਅਸੀਮ ਮੁਨੀਰ ਦੀ ਪ੍ਰਸ਼ੰਸਾ ਕਰਦਿਆਂ ਕਿਹਾ, "ਮੈਂ ਉਸਨੂੰ ਜਨਰਲ ਕਹਿੰਦਾ ਹਾਂ। ਉਹ ਇੱਕ ਜਨਰਲ ਹੈ। ਉਹ ਇੱਕ ਮਹਾਨ ਜਨਰਲ ਹੈ, ਇੰਨਾ ਮਹਾਨ ਕਿ ਉਹ ਅਸਲ ਵਿੱਚ ਇੱਕ ਫੀਲਡ ਮਾਰਸ਼ਲ ਹੈ, ਇੱਕ ਪੌਡਾ ਉੱਪਰ।"

ਟਰੰਪ ਨੇ ਅੱਗੇ ਕਿਹਾ ਕਿ ਪ੍ਰਸਤਾਵਤ ਸਮਝੌਤੇ ਦੇ ਵਿਚਾਰ-ਵਟਾਂਦਰੇ ਅਤੇ ਅੰਤਮ ਬਿੰਦੂਆਂ ਨੂੰ ਅਮਰੀਕਾ, ਯੂ ਏ ਈ, ਕਤਰ, ਇਜ਼ਰਾਈਲ, ਸਾਊਦੀ ਅਰਬ, ਤੁਰਕੀ, ਬਹਿਰੀਨ, ਕੁਵੈਤ, ਪਾਕਿਸਤਾਨ, ਜਾਰਡਨ ਅਤੇ ਮਿਸਰ ਸਮੇਤ ਸਾਰੀਆਂ ਧਿਰਾਂ ਵੱਲੋਂ 'ਸੰਕਲਪ ਅਤੇ ਵਿਸਥਾਰ ਦੋਵਾਂ ਵਿੱਚ' ਮਨਜ਼ੂਰੀ ਦਿੱਤੀ ਗਈ ਹੈ। ਟਰੰਪ ਨੇ ਖਾਸ ਤੌਰ 'ਤੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੀਲਡ ਮਾਰਸ਼ਲ ਅਸੀਮ ਮੁਨੀਰ ਨੂੰ ਸਿਹਰਾ ਦਿੱਤਾ। ਉਸਨੇ ਅੱਗੇ ਕਿਹਾ ਕਿ ਇਸਲਾਮਾਬਾਦ ਤਹਿਰਾਨ ਨੂੰ ਇੱਕ ਸਮਝੌਤੇ 'ਤੇ ਪਹੁੰਚਣ ਲਈ ਮਨਾਉਣ ਦੀਆਂ ਕੋਸ਼ਿਸ਼ਾਂ ਜਾਰੀ ਰੱਖ ਰਿਹਾ ਹੈ। ਸਾਊਦੀ ਅਰਬ ਨੇ ਵੀ ਕਤਰ ਦੇ ਨਾਲ-ਨਾਲ ਪਾਕਿਸਤਾਨ ਦੇ ਭਰਾਤਰੀ ਇਸਲਾਮੀ ਗਣਰਾਜ ਵੱਲੋਂ ਸਪਾਂਸਰ ਕੀਤੀ ਗਈ ਰਚਨਾਤਮਕ ਗੱਲਬਾਤ ਵੱਲ ਵਾਪਸ ਜਾਣ ਲਈ ਧਿਰਾਂ ਨੂੰ ਲਗਾਤਾਰ ਪ੍ਰੇਰਤ ਕੀਤਾ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਇੱਕ ਸੰਖੇਪ ਬਿਆਨ ਜਾਰੀ ਕਰਕੇ ਕਿਹਾ ਕਿ ਟਰੰਪ ਈਰਾਨ ਨਾਲ ਆਪਣੇ ਸਮਝੌਤੇ ਵਿੱਚ ਇਜ਼ਰਾਈਲੀ ਤਰਜੀਹਾਂ ਨੂੰ ਧਿਆਨ ਵਿੱਚ ਰੱਖਣਗੇ, ਯਾਨੀ ਕਿ ਈਰਾਨ ਵੱਲੋਂ ਯੂਰੇਨੀਅਮ ਨੂੰ ਭਰਪੂਰ ਕਰਨ 'ਤੇ ਰੋਕ ਅਤੇ ਮਿਜ਼ਾਈਲਾਂ ਬਣਾਉਣ ਦੀ ਸਮਰੱਥਾ।

# ਡੈਮ ਭਰਨ ਨਾਲ ਹੜ੍ਹਾਂ ਦਾ ਖਤਰਾ ਮੰਡਰਾਇਆ



**ਨੰਗਲ (ਨਵਾਂ ਜ਼ਮਾਨਾ ਸਰਵਿਸ)**
ਪਾਣੀ ਦਾ ਪੱਧਰ ਵਧਣ ਕਾਰਨ ਭਾਖੜਾ ਡੈਮ ਤੇ ਪੌਂਗ ਡੈਮ ਤੋਂ ਵਾਧੂ ਪਾਣੀ ਛੱਡੇ ਜਾਣ ਦੀਆਂ ਰਿਪੋਰਟਾਂ ਹਨ। ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹ ਦਿੱਤੇ ਗਏ ਹਨ ਜਿਸ ਕਾਰਨ ਬਿਆਸ ਦਰਿਆ ਦੇ ਨੇੜਲੇ ਇਲਾਕਿਆਂ ਵਿਚ ਸਾਵਧਾਨੀ ਵਰਤਣ ਲਈ ਅਲਰਟ ਜਾਰੀ ਕੀਤਾ ਗਿਆ ਹੈ। ਭਾਖੜਾ ਡੈਮ 'ਚ ਪਾਣੀ ਦਾ ਪੱਧਰ ਸ਼ੁੱਕਰਵਾਰ ਨੂੰ 1576.22 ਫੁੱਟ ਦਰਜ ਕੀਤਾ ਗਿਆ ਜੋ ਕਿ ਪਿਛਲੇ ਸਾਲ ਨਾਲੋਂ ਕਰੀਬ 22 ਫੁੱਟ ਵੱਧ ਅਤੇ ਔਸਤ ਨਾਲੋਂ ਕਰੀਬ 30 ਫੁੱਟ ਵੱਧ ਹੈ। ਪਿਛਲੇ ਸਾਲ ਅੱਜ ਦੇ ਦਿਨ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ 1554.84 ਫੁੱਟ ਸੀ। ਡੈਮ ਵਿੱਚ ਔਸਤ ਪਾਣੀ ਦਾ ਪੱਧਰ 1546.18 ਫੁੱਟ ਹੋਣਾ ਚਾਹੀਦਾ ਹੈ। ਸ਼ੁੱਕਰਵਾਰ ਨੂੰ ਭਾਖੜਾ ਡੈਮ 'ਚ ਪਾਣੀ ਦਾ ਪੱਧਰ 19074 ਕਿਊਸਿਕ ਰਿਹਾ ਹੈ ਜੋ ਕਿ ਪਿਛਲੇ ਸਾਲ ਦੇ ਪੱਧਰ ਨਾਲੋਂ ਘੱਟ ਹੈ। ਇਸੇ ਦੌਰਾਨ ਵੀਰਵਾਰ ਨੂੰ ਭਾਖੜਾ ਤੋਂ 23150 ਕਿਊਸਿਕ ਪਾਣੀ ਛੱਡਿਆ ਗਿਆ, ਜੋ ਕਿ ਔਸਤ 26322 ਕਿਊਸਿਕ ਨਾਲੋਂ ਘੱਟ ਹੈ। ਨੰਗਲ ਡੈਮ ਤੋਂ ਨੰਗਲ ਹਾਈਡਲ ਚੈਨਲ 'ਚ 12350 ਕਿਊਸਿਕ, ਸ੍ਰੀ ਅਨੰਦਪੁਰ ਸਾਹਿਬ ਹਾਈਡਲ ਚੈਨਲ 'ਚ 10150 ਅਤੇ ਦਰਿਆ ਸਤਲੁਜ 'ਚ 600 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ।

ਭਾਖੜਾ ਡੈਮ 'ਚ ਪਾਣੀ ਦਾ ਵੱਧ ਤੋਂ ਵੱਧ ਪੱਧਰ 1680 ਫੁੱਟ ਰੱਖਿਆ ਜਾਂਦਾ ਹੈ ਪਰ ਜੇ ਲੋੜ ਪਵੇ ਤਾਂ ਪਾਣੀ ਦਾ ਪੱਧਰ 1685 ਫੁੱਟ ਤੱਕ ਲਿਜਾਇਆ ਜਾ ਸਕਦਾ ਹੈ। ਭਾਖੜਾ ਡੈਮ ਦੀ ਝੀਲ 'ਗੋਬਿੰਦ ਸਾਗਰ' 65 ਵਰਗ ਮੀਲ ਖੇਤਰ 'ਚ ਫੈਲੀ ਹੈ ਅਤੇ ਇਸ 'ਚ 78 ਲੱਖ ਏਕੜ ਫੁੱਟ ਪਾਣੀ ਦਾ ਭੰਡਾਰ ਕਰਨ ਦੀ ਸਮਰੱਥਾ ਹੈ। 20 ਸਤੰਬਰ ਤੱਕ ਵਧੇਰੇ ਪਾਣੀ ਆਉਣ ਦੀ ਸੰਭਾਵਨਾ ਰਹਿੰਦੀ ਹੈ। ਭਾਖੜਾ ਬਿਆਸ ਪ੍ਰਬੰਧ ਬੋਰਡ ਨੇ ਪੰਜਾਬ ਹਰਿਆਣਾ, ਰਾਜਸਥਾਨ ਨੂੰ ਬੇਨਤੀ ਕੀਤੀ ਹੈ ਕਿ ਉਹ ਵੱਧ ਪਾਣੀ ਲੈ ਲੈਣ। ਅਜਿਹਾ ਕਰਨ ਨਾਲ ਨਾ ਸਿਰਫ ਖੇਤੀ ਲਈ ਪਾਣੀ ਮਿਲੇਗਾ ਸਗੋਂ ਹੜ੍ਹ ਦਾ ਖਤਰਾ ਵੀ ਘੱਟ ਜਾਵੇਗਾ। ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸੂਬਿਆਂ ਵੱਲੋਂ ਪਾਣੀ ਦੀ ਮੰਗ ਘੱਟ ਆਉਣ ਕਾਰਨ ਹੀ ਡੈਮ ਵਿੱਚ ਪਾਣੀ ਦਾ ਪੱਧਰ ਵਧਿਆ ਹੈ। ਇਸੇ ਤਰ੍ਹਾਂ ਪੌਂਗ ਡੈਮ ਵਿੱਚ ਵੀ ਪਾਣੀ ਦਾ ਪੱਧਰ ਵੀਰਵਾਰ ਨੂੰ 1326.52 ਫੁੱਟ ਦਰਜ ਕੀਤਾ ਗਿਆ ਸੋ ਔਸਤ 1305.93 ਨਾਲੋਂ ਤਕਰੀਬਨ 19 ਫੁੱਟ ਅਤੇ ਪਿਛਲੇ ਸਾਲ ਦੇ 1290.81 ਫੁੱਟ ਨਾਲੋਂ ਕਰੀਬ 36 ਫੁੱਟ ਵੱਧ ਹੈ।

# ਬੰਟੀ ਰੁਮਾਣਾ ਨੂੰ ਟੋਰਾਂਟੋ ਏਅਰਪੋਰਟ ਤੋਂ ਵਾਪਸ ਮੋੜਿਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**
ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਨਜ਼ਦੀਕੀ ਅਤੇ ਫਰੀਦਕੋਟ ਦੇ ਹਲਕਾ ਇੰਚਾਰਜ ਪਰਮਬੰਸ ਸਿੰਘ ਬੰਟੀ ਰਮਾਣਾ ਨੂੰ ਕੈਨੇਡਾ ਵਿਚ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ, ਜਿਸ ਤੋਂ ਬਾਅਦ ਉਹ ਵਾਪਸ ਭਾਰਤ ਮੁੜ ਆਏ ਹਨ।

ਪ੍ਰਾਪਤ ਜਾਣਕਾਰੀ ਅਨੁਸਾਰ ਬੰਟੀ ਰੋਮਾਣਾ ਨੂੰ ਟੋਰਾਂਟੋ ਏਅਰਪੋਰਟ 'ਤੇ ਕੈਨੇਡੀਅਨ ਅਧਿਕਾਰੀਆਂ ਵੱਲੋਂ ਰੋਕਿਆ ਗਿਆ ਅਤੇ ਰੋਕੇ ਜਾਣ ਤੋਂ ਬਾਅਦ ਬੰਟੀ ਰੋਮਾਣਾ ਨੇ ਖ਼ੁਦ ਇਸ ਪੂਰੇ ਘਟਨਾਕ੍ਰਮ 'ਤੇ ਗੱਲ ਕਰਦੇ ਕਿਹਾ ਕਿ ਉਨ੍ਹਾਂ ਨੂੰ ਕੈਨੇਡਾ ਵਿੱਚ ਐਂਟਰੀ ਨਹੀਂ ਦਿੱਤੀ ਗਈ ਅਤੇ ਉਹ ਹੁਣ ਵਾਪਸ ਭਾਰਤ ਪਰਤ ਰਹੇ ਹਨ। ਉਹਨਾਂ ਦੱਸਿਆ ਕਿ ਕੈਨੇਡਾ ਦੇ ਇਮੀਗ੍ਰੇਸ਼ਨ ਮੰਤਰਾਲੇ ਅਤੇ ਏਅਰਪੋਰਟ ਅਥਾਰਟੀ ਕੋਲ ਉਨ੍ਹਾਂ ਦੇ ਖ਼ਿਲਾਫ਼ ਇੱਕ ਸ਼ਿਕਾਇਤ ਦਰਜ ਕਰਵਾਈ ਗਈ ਸੀ। ਸ਼ਿਕਾਇਤ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਉਸ ਸ਼ਿਕਾਇਤ ਵਿੱਚ ਉਹਨਾਂ ਦੇ ਸਾਰੇ ਕੇਸਾਂ ਦੀ ਪੂਰੀ ਡਿਟੇਲ ਦਿੱਤੀ ਗਈ ਸੀ, ਜਿਵੇਂ ਕਿ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਅਤੇ ਨਗਰ ਕੌਂਸਲ ਚੋਣਾਂ ਦਾ ਕੇਸ। ਇਸ ਦੇ ਨਾਲ ਹੀ ਇਹਨਾਂ ਕੇਸਾਂ ਦੀਆਂ ਅਦਾਲਤੀ ਸੁਣਵਾਈਆਂ ਦਾ ਵੇਰਵਾ ਵੀ ਸ਼ਿਕਾਇਤ ਵਿੱਚ ਸ਼ਾਮਲ ਸੀ। ਉਹਨਾਂ ਕਿਹਾ ਕਿ ਇਹ ਸਾਰੇ ਕੇਸ ਸਿਆਸੀ ਤੇ ਸਰਕਾਰ ਦੇ ਖਿਲਾਫ ਕੀਤੇ ਗਏ ਮੁਜ਼ਾਹਰਿਆਂ ਕਰਕੇ ਦਰਜ ਕੀਤੇ ਗਏ ਹਨ ਅਤੇ ਕੋਈ ਵੀ ਮੁਕੱਦਮਾ ਅਪਰਾਧਿਕ ਨਹੀਂ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤ ਵਿੱਚ ਇਹ ਦਾਅਵਾ ਕੀਤਾ ਗਿਆ ਸੀ ਕਿ ਉਹ ਇੱਥੇ ਇੱਕ ਸਿਆਸੀ ਦੌਰੇ 'ਤੇ ਆਏ ਹਨ, ਜਿਸ ਦੀ ਕੈਨੇਡੀਅਨ ਨਿਯਮਾਂ ਮੁਤਾਬਕ ਆਗਿਆ ਨਹੀਂ ਹੈ।

## ਨਿਸ਼ਾਨੇਬਾਜ਼ ਜਸਪਾਲ ਰਾਣਾ ਦਾ ਦੇਹਾਂਤ



**ਨਵੀਂ ਦਿੱਲੀ** : ਭਾਰਤੀ ਪਿਸਟਲ ਸ਼ੂਟਿੰਗ ਟੀਮ ਦੀਆਂ ਇਤਿਹਾਸਕ ਸਫ਼ਲਤਾਵਾਂ ਹਾਸਲ ਕਰਨ ਵਾਲੇ ਮਸ਼ਹੂਰ ਨਿਸ਼ਾਨੇਬਾਜ਼ ਅਤੇ ਕੋਚ ਜਸਪਾਲ ਰਾਣਾ ਹੁਣ ਸਾਡੇ ਵਿਚਕਾਰ ਨਹੀਂ ਰਹੇ। ਆਪਣੀ ਜ਼ਿੱਦ ਅਤੇ ਅਸੂਲਾਂ ਲਈ ਜਾਣੇ ਜਾਂਦੇ 49 ਸਾਲਾ ਰਾਣਾ ਦਾ ਸ਼ੁੱਕਰਵਾਰ ਨੂੰ ਦਿੱਲੀ ਦੇ ਸਾਕੇਤ ਸਥਿਤ ਮੈਕਸ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਦਿਲ ਵਿੱਚ ਬਲਾਕੇਜ ਹੋਣ ਕਾਰਨ ਹਸਪਤਾਲ ਵਿੱਚ ਉਨ੍ਹਾਂ ਦਾ ਸਟੰਟ ਪਾਉਣ ਦਾ ਅਪਰੇਸ਼ਨ (ਪ੍ਰੋਸੀਜਰ) ਹੋਇਆ ਸੀ, ਜਿਸ ਤੋਂ ਬਾਅਦ ਡਾਕਟਰਾਂ ਨੇ ਜਲਦੀ ਹੀ ਦੂਜਾ ਪ੍ਰੋਸੀਜਰ ਤੈਅ ਕੀਤਾ ਹੋਇਆ ਸੀ, ਪਰ ਇਸ ਤੋਂ ਪਹਿਲਾਂ ਕਿ ਕੁਝ ਹੋਰ ਹੁੰਦਾ, ਉਨ੍ਹਾਂ ਦੀ ਅਚਾਨਕ ਹੋਈ ਮੌਤ ਨੇ ਪੂਰੇ ਖੇਡ ਜਗਤ ਅਤੇ ਸ਼ੂਟਿੰਗ ਭਾਈਚਾਰੇ ਨੂੰ ਡੂੰਘਾ ਸਦਮਾ ਦਿੱਤਾ ਹੈ। ਜਸਪਾਲ ਰਾਣਾ ਦਾ ਜੀਵਨ ਬਿਲਕੁਲ ਉਨ੍ਹਾਂ ਦੇ ਖੇਡ ਕਰੀਅਰ ਦੀ ਤਰ੍ਹਾਂ ਹੀ ਉਤਰਾਅ-ਚੜ੍ਹਾਅ ਵਾਲਾ ਰਿਹਾ। ਇੱਕ ਨੌਜਵਾਨ ਸਿਤਾਰੇ ਵਜੋਂ, ਰਾਣਾ ਨੇ 1994 ਵਿੱਚ ਵਰਲਡ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਸੋਨ ਤਗਮਾ ਜਿੱਤ ਕੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਏਸ਼ੀਆਈ ਖੇਡਾਂ ਦੇ ਸੈਂਟਰ ਫਾਇਰ ਪਿਸਟਲ ਈਵੈਂਟ ਵਿੱਚ ਸੋਨ ਤਗਮਾ ਜਿੱਤਿਆ। ਉਨ੍ਹਾਂ ਦੇ ਕਰੀਅਰ ਦਾ ਸੁਨਹਿਰੀ ਦੌਰ 2006 ਦੀਆਂ ਦੋਹਾ ਏਸ਼ੀਆਈ ਖੇਡਾਂ ਦੌਰਾਨ ਦੇਖਣ ਨੂੰ ਮਿਲਿਆ, ਜਿੱਥੇ ਉਨ੍ਹਾਂ ਨੇ ਤਿੰਨ ਸੋਨ ਤਗਮੇ ਆਪਣੇ ਨਾਂਅ ਕੀਤੇ।

## ਇੱਕ ਦਿਨ 'ਚ 200 ਲੀਟਰ ਤੋਂ ਵੱਧ ਨਹੀਂ ਮਿਲੇਗਾ ਡੀਜ਼ਲ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ ਦੀ ਕਾਲਾਬਾਜ਼ਾਰੀ ਨੂੰ ਰੋਕਣ ਅਤੇ ਨਿਯਮਤ ਕਰਨ ਲਈ ਜ਼ਰੂਰੀ ਵਸਤੂਆਂ ਐਕਟ, 1955 ਦੇ ਤਹਿਤ ਇੱਕ ਨਵਾਂ ਆਦੇਸ਼ ਜਾਰੀ ਕੀਤਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਕਿਸੇ ਵੀ ਵਾਹਨ ਜਾਂ ਵਿਅਕਤੀ ਨੂੰ ਪੈਟਰੋਲ ਪੰਪ 'ਤੇ ਪ੍ਰਤੀ ਦਿਨ 200 ਲੀਟਰ ਤੋਂ ਵੱਧ ਡੀਜ਼ਲ ਵੇਚਣ ਦੀ ਇਜਾਜ਼ਤ ਨਹੀਂ ਹੋਵੇਗੀ। ਨਵੇਂ ਨਿਯਮ ਦਾ ਲੰਬੀ ਅਤੇ ਦਰਮਿਆਨੀ ਦੂਰੀ ਦੇ ਸਾਮਾਨ ਦੀ ਢੋਆ-ਢੁਆਈ ਕਰਨ ਵਾਲੇ ਟਰੱਕਾਂ 'ਤੇ ਅਸਰ ਪੈਣ ਦੀ ਸੰਭਾਵਨਾ ਹੈ।

# ਭਗਵੰਤ ਮਾਨ ਦਾ 2027 'ਚ ਦੁਬਾਰਾ ਪੰਜਾਬ ਦਾ ਮੁੱਖ ਮੰਤਰੀ ਬਣਨਾ ਤੈਅ : ਕੇਜਰੀਵਾਲ

## ਰਵਾਇਤੀ ਪਾਰਟੀਆਂ ਇਮਾਨਦਾਰ ਸ਼ਾਸਨ ਤੋਂ ਡਰਦੀਆਂ : ਭਗਵੰਤ ਮਾਨ



**ਬਠਿੰਡਾ/ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**
ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਬਠਿੰਡਾ ਨਗਰ ਨਿਗਮ ਚੋਣਾਂ ਵਿੱਚ ਪਾਰਟੀ ਦੀ ਸ਼ਾਨਦਾਰ ਜਿੱਤ ਨੂੰ ਪੰਜਾਬ ਦੇ ਲੋਕਾਂ ਵੱਲੋਂ ਭਗਵੰਤ ਮਾਨ ਸਰਕਾਰ ਦੇ ਚਾਰ ਸਾਲਾਂ ਦੇ ਇਮਾਨਦਾਰ ਅਤੇ ਲੋਕ-ਪੱਖੀ ਸ਼ਾਸਨ 'ਤੇ ਲਗਾਈ ਮੋਹਰ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਰੋਡ ਸ਼ੋਅ ਦੌਰਾਨ ਲੋਕਾਂ ਦੀ ਵੱਡੀ ਭਾਗੀਦਾਰੀ ਅਤੇ ਉਤਸ਼ਾਹ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ। ਬਠਿੰਡਾ ਵਿੱਚ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਸਰਕਾਰ 'ਤੇ ਭ੍ਰਿਸ਼ਟਾਚਾਰ ਦਾ ਇੱਕ ਵੀ ਦੋਸ਼ ਨਹੀਂ ਲੱਗਾ, ਜੋ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਵਿਲੱਖਣ ਉਦਾਹਰਨ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਦਾ ਇਹ ਲਗਾਤਾਰ ਭਰੋਸਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਦੀ ਮੁੜ ਵਾਪਸੀ ਦਾ ਰਾਹ ਸਾਫ਼ ਕਰ ਰਿਹਾ ਹੈ।

ਕੇਜਰੀਵਾਲ ਨੇ ਕਿਹਾ ਕਿ ਹੁਣ ਪਾਰਟੀ ਦਾ ਮੁੱਖ ਟੀਚਾ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਸਰਕਾਰ ਨੇ ਕਈ ਲੋਕ-ਹਿਤੈਸ਼ੀ ਫੈਸਲੇ ਕੀਤੇ ਹਨ ਅਤੇ ਬਾਕੀ ਰਹਿੰਦੇ ਵਿਕਾਸ ਕਾਰਜ ਵੀ ਅਗਲੇ ਕਾਰਜਕਾਲ ਵਿੱਚ ਪੂਰੇ ਕੀਤੇ ਜਾਣਗੇ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਥਾਨਕ ਚੋਣਾਂ ਦੌਰਾਨ ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੇ ਇਕੱਠੇ ਹੋ ਕੇ 'ਆਪ' ਦਾ ਮੁਕਾਬਲਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਨੂੰ ਨਕਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਫਤਵਾ ਇਮਾਨਦਾਰ ਰਾਜਨੀਤੀ ਅਤੇ ਲੋਕ-ਪੱਖੀ ਸ਼ਾਸਨ ਵਿੱਚ ਵਿਸ਼ਵਾਸ ਦਾ ਪ੍ਰਤੀਕ ਹੈ। ਭਗਵੰਤ ਮਾਨ ਨੇ ਕਿਹਾ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਸਰਕਾਰ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਪੰਜਾਬ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਇੱਕ ਖੁਸ਼ਹਾਲ, ਤਰੱਕੀਸ਼ੀਲ ਅਤੇ ਸਿਹਤਮੰਦ 'ਰੰਗਲਾ ਪੰਜਾਬ' ਸਿਰਜਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ ਅਤੇ ਲੋਕਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਕੈਂਸਰ ਦੀਆਂ ਦਵਾਈਆਂ ਦੀਆਂ ਕੀਮਤਾਂ 'ਚ 50 ਫੀਸਦ ਤੱਕ ਦਾ ਵਾਧਾ



**ਨਵੀਂ ਦਿੱਲੀ (ਨ ਜ਼ ਸ)**
ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ ਨੇ ਤਿੰਨ ਵੱਖ-ਵੱਖ ਸਰਕਾਰੀ ਨੋਟੀਫਿਕੇਸ਼ਨ ਜਾਰੀ ਕਰਦਿਆਂ ਕੈਂਸਰ ਦੇ ਇਲਾਜ ਵਿੱਚ ਵਰਤੀਆਂ ਜਾਣ ਵਾਲੀਆਂ ਅਹਿਮ ਕੀਮੋਥੈਰੇਪੀ ਦਵਾਈਆਂ, ਐਂਟੀ-ਟੈਟਨਸ ਇਮਿਊਨੋਗਲੋਬੂਲਿਨ ਇੰਜੈਕਸ਼ਨਾਂ ਅਤੇ ਬੱਚਿਆਂ ਦੇ ਰੋਗਾਂ ਨਾਲ ਸੰਬੰਧਤ ਮੁੱਖ ਟੀਕਿਆਂ (ਵੈਕਸੀਨਾਂ) ਦੀਆਂ ਜ਼ਿਆਦਾਤਰ ਕੀਮਤਾਂ (ਸੀਲਿੰਗ ਪ੍ਰਾਈਸ) ਵਿੱਚ ਭਾਰੀ ਵਾਧੇ ਨੂੰ ਮਨਜ਼ੂਰੀ ਦਿੱਤੀ ਹੈ। ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ ਨੇ ਇਸ ਵਾਧੇ ਪਿੱਛੇ ਕੱਚੇ ਮਾਲ ਦੀਆਂ ਵਧਦੀਆਂ ਕੀਮਤਾਂ ਅਤੇ ਬਜ਼ਾਰ ਵਿੱਚ ਇਨ੍ਹਾਂ ਜ਼ਰੂਰੀ ਦਵਾਈਆਂ ਦੀ ਸਪਲਾਈ ਪ੍ਰਭਾਵਿਤ ਹੋਣ (ਕਿੱਲਤ) ਦੇ ਖ਼ਤਰੇ ਦਾ ਹਵਾਲਾ ਦਿੱਤਾ ਹੈ। ਕੈਂਸਰ ਦੀਆਂ ਦੋ ਮੁੱਖ ਦਵਾਈਆਂ 'ਕਾਰਬੋਪਲਾਟਿਨ' ਅਤੇ 'ਸਿਸਪਲਾਟਿਨ' ਦੀਆਂ ਕੀਮਤਾਂ ਵਿੱਚ ਇੱਕੋ ਵਾਰ 50 ਫੀਸਦੀ ਦਾ ਵਾਧਾ ਕੀਤਾ ਹੈ। ਹੁਣ ਕਾਰਬੋਪਲਾਟਿਨ (10 ਮਿਲੀਗ੍ਰਾਮ/ ਮਿਲੀਲੀਟਰ) ਇੰਜੈਕਸ਼ਨ ਦੀ ਕੀਮਤ ਵਧ ਕੇ 90.74 ਰੁਪਏ ਪ੍ਰਤੀ ਮਿਲੀਲੀਟਰ ਅਤੇ ਸਿਸਪਲਾਟਿਨ (1 ਮਿਲੀਗ੍ਰਾਮ/ ਮਿਲੀਲੀਟਰ) ਦੀ ਕੀਮਤ 10.89 ਰੁਪਏ ਪ੍ਰਤੀ ਮਿਲੀਲੀਟਰ ਹੋ ਗਈ ਹੈ। ਅਥਾਰਟੀ ਅਨੁਸਾਰ ਕੱਚੇ ਮਾਲ ਦੀਆਂ ਕੀਮਤਾਂ ਵਧਣ ਕਾਰਨ ਇਨ੍ਹਾਂ ਦਵਾਈਆਂ ਦਾ ਉਤਪਾਦਨ ਘਾਟੇ ਵਾਲਾ ਕਾਰੋਬਾਰ ਬਣ ਗਿਆ ਸੀ, ਜਿਸ ਕਾਰਨ ਉਤਪਾਦਨ ਉਪਰ ਅਸਰ ਪੈ ਰਿਹਾ ਸੀ। ਹਸਪਤਾਲਾਂ, ਕੈਂਸਰ ਮਾਹਰਾਂ ਅਤੇ ਨਿਰਮਾਤਾਵਾਂ ਨੇ ਪਹਿਲਾਂ ਹੀ ਇਨ੍ਹਾਂ ਦੀ ਸਪਲਾਈ ਵਿੱਚ ਆ ਰਹੀ ਰੁਕਾਵਟ ਬਾਰੇ ਚਿੰਤਾ ਜਤਾਈ ਸੀ। ਅਥਾਰਟੀ ਅਨੁਸਾਰ ਜੇਕਰ ਇਹ ਦਵਾਈਆਂ ਬਜ਼ਾਰ ਵਿੱਚ ਨਾ ਮਿਲਦੀਆਂ ਤਾਂ ਕੈਂਸਰ ਦੇ ਮਰੀਜ਼ਾਂ ਨੂੰ ਹੋਰ ਮਹਿੰਗੇ ਬਦਲ ਚੁਣਨੇ ਪੈ ਸਕਦੇ ਸਨ। ਇਨ੍ਹਾਂ ਸੋਧੀਆਂ ਹੋਈਆਂ ਕੀਮਤਾਂ ਦੀ ਛੇ ਮਹੀਨਿਆਂ ਬਾਅਦ ਦੁਬਾਰਾ ਸਮੀਖਿਆ ਕੀਤੀ ਜਾਵੇਗੀ। ਐਂਟੀ-ਟੈਟਨਸ ਇਮਿਊਨੋਗਲੋਬੂਲਿਨ ਇੰਜੈਕਸ਼ਨ ਦੀ ਕੀਮਤ ਵਿੱਚ ਵੀ 50 ਫੀਸਦੀ ਦਾ ਵਾਧਾ ਪ੍ਰਵਾਨ ਕੀਤਾ ਗਿਆ ਹੈ, ਜਿਸ ਨੂੰ ਸਿਰਫ਼ 'ਮੈਸਰਜ਼ ਭਾਰਤ ਸੇਰਮਜ਼ ਐਂਡ ਵੈਕਸੀਨਜ਼ ਲਿਮਟਿਡ' ਕੰਪਨੀ ਹੀ ਬਣਾਉਂਦੀ ਹੈ।

# 'ਕਾਕਰੋਚਾਂ' ਵੱਲੋਂ ਅੰਮ੍ਰਿਤਸਰ 'ਚ ਪ੍ਰਦਰਸ਼ਨ ਅੱਜ

**ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)**
ਦਿੱਲੀ ਦੇ ਜੰਤਰ-ਮੰਤਰ ਅਤੇ ਪੁਣੇ ਸਮੇਤ ਕਈ ਹੋਰ ਸ਼ਹਿਰਾਂ ਵਿੱਚ ਜ਼ੋਰਦਾਰ ਪ੍ਰਦਰਸ਼ਨ ਕਰਨ ਤੋਂ ਬਾਅਦ, ਦੇਸ਼ ਭਰ ਵਿੱਚ ਚਰਚਾ ਦਾ ਵਿਸ਼ਾ ਬਣੀ 'ਕਾਕਰੋਚ ਜਨਤਾ ਪਾਰਟੀ' ਹੁਣ ਪੰਜਾਬ ਵਿੱਚ ਦਸਤਕ ਦੇਣ ਜਾ ਰਹੀ ਹੈ। ਪਾਰਟੀ ਦੇ ਸੰਸਥਾਪਕ ਅਤੇ ਨੌਜਵਾਨ ਕਾਰਕੁਨ ਅਭਿਜੀਤ ਦੀਪਕੇ ਨੇ ਐਲਾਨ ਕੀਤਾ ਹੈ ਕਿ ਉਨ੍ਹਾਂ ਦਾ ਅਗਲਾ ਵੱਡਾ ਵਿਰੋਧ ਪ੍ਰਦਰਸ਼ਨ 13 ਜੂਨ ਨੂੰ ਅੰਮ੍ਰਿਤਸਰ ਵਿਖੇ ਕੀਤਾ ਜਾਵੇਗਾ। ਦੇਸ਼ ਦੇ ਨੌਜਵਾਨਾਂ, ਖ਼ਾਸ ਕਰਕੇ 'ਜਨਰੇਸ਼ਨ ਜ਼ੈੱਡ' ਦੀ ਅਗਵਾਈ ਵਾਲੀ ਇਹ ਮੁਹਿੰਮ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ। ਨੌਜਵਾਨਾਂ ਦਾ ਇਹ ਗੁੱਸਾ ਨੀਟ ਪ੍ਰੀਖਿਆ ਦੇ ਪੇਪਰ ਲੀਕ ਹੋਣ ਅਤੇ ਸੀ.ਬੀ.ਐੱਸ.ਈ. ਬੋਰਡ ਪ੍ਰੀਖਿਆਵਾਂ ਦੇ ਨਤੀਜਿਆਂ ਵਿੱਚ ਹੋਈਆਂ ਕਥਿਤ ਗੜਬੜੀਆਂ ਖ਼ਿਲਾਫ਼ ਭੜਕਿਆ ਹੈ। ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਅਤੇ ਇੰਸਟਾਗ੍ਰਾਮ 'ਤੇ ਇੱਕ ਵੀਡੀਓ ਸੰਦੇਸ਼ ਸਾਂਝਾ ਕਰਦਿਆਂ ਦੱਸਿਆ ਕਿ 'ਕਾਕਰੋਚ ਜਨਤਾ ਪਾਰਟੀ' ਵੱਲੋਂ 13 ਜੂਨ ਨੂੰ ਸ਼ਾਮ 4 ਵਜੇ ਅੰਮ੍ਰਿਤਸਰ ਦੇ ਗੋਲਡਨ ਗੇਟ ਵਿਖੇ ਇੱਕ ਸ਼ਾਂਤਮਈ ਰੋਸ ਪ੍ਰਦਰਸ਼ਨ ਉਲੀਕਿਆ ਗਿਆ ਹੈ। ਉਨ੍ਹਾਂ ਨੇ ਪੰਜਾਬ ਦੇ ਵਿਦਿਆਰਥੀਆਂ, ਨੌਜਵਾਨਾਂ ਅਤੇ ਵਲੰਟੀਅਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਭਵਿੱਖ ਦੀ ਰੱਖਿਆ ਅਤੇ ਸਿੱਖਿਆ ਪ੍ਰਣਾਲੀ ਵਿੱਚ ਜਵਾਬਦੇਹੀ ਤੈਅ ਕਰਨ ਲਈ ਵੱਡੀ ਗਿਣਤੀ ਵਿੱਚ ਇਸ ਪ੍ਰਦਰਸ਼ਨ ਦਾ ਹਿੱਸਾ ਬਣਨ। ਇੰਟਰਨੈੱਟ ਦੇ ਆਨਲਾਈਨ ਫੋਰਮਾਂ ਅਤੇ ਮੀਮਜ਼ ਤੋਂ ਸ਼ੁਰੂ ਹੋਇਆ

• ਬਾਕੀ ਸਫਾ 2 'ਤੇ

## ਹਰਮਨਬੀਰ ਸਿੰਘ ਹੋਣਗੇ ਬਾਰਡਰ ਰੇਂਜ ਦੇ ਨਵੇਂ ਡੀ ਆਈ ਜੀ



**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਸੂਬੇ ਦੇ ਦੋ ਆਈ ਪੀ ਐੱਸ ਅਧਿਕਾਰੀਆਂ ਦੇ ਤਬਾਦਲੇ ਕੀਤੇ ਹਨ। ਗ੍ਰਿਹ ਵਿਭਾਗ ਵੱਲੋਂ ਜਾਰੀ ਹੁਕਮਾਂ ਅਨੁਸਾਰ ਆਈ ਪੀ ਐੱਸ ਅਧਿਕਾਰੀ ਹਰਮਨਬੀਰ ਸਿੰਘ ਨੂੰ ਡਿਪਟੀ ਇੰਸਪੈਕਟਰ ਜਨਰਲ ਬਾਰਡਰ ਰੇਂਜ ਅੰਮ੍ਰਿਤਸਰ ਵਜੋਂ ਤਾਇਨਾਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਹਰਮਨਬੀਰ ਸਿੰਘ ਪੰਜਾਬ ਆਰਮਡ ਪੁਲੀਸ (ਪੀ ਏ ਪੀ) ਜਲੰਧਰ ਵਿਖੇ ਤਾਇਨਾਤ ਸਨ। ਬਾਰਡਰ ਰੇਂਜ 'ਚ ਡੀ ਆਈ ਜੀ ਵਜੋਂ ਤਾਇਨਾਤ ਆਈ ਪੀ ਐੱਸ ਅਧਿਕਾਰੀ ਵਿਵੇਕ ਸ਼ੀਲ ਸੋਨੀ ਨੂੰ ਹੁਣ ਤਬਦੀਲ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਅਗਲੇ ਹੁਕਮਾਂ ਤੱਕ ਡਾਇਰੈਕਟਰ ਜਨਰਲ ਆਫ਼ ਪੁਲੀਸ ਪੰਜਾਬ ਨੂੰ ਰਿਪੋਰਟ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

## ਅੱਜ-ਨਾਮਾ

ਅਵਾੜੇ ਦਿੱਲੀ ਤੋਂ ਫੇਰ ਨੇ ਆਉਣ ਲੱਗੇ,
ਅਕਾਲੀ-ਭਾਜਪਾ ਦਾ ਜੁੜਨਾ ਜੋੜ ਬੇਲੀ।
ਭਾਜਪਾ ਨੀਤੀ ਨਹੀਂ ਆਪਣੀ ਕਦੀ ਦੱਸੀ,
ਕਰਦੀ ਹਾਂ ਨਹੀਂ ਦਿੰਦੀ ਗੱਲ ਤੋੜ ਬੇਲੀ।
ਕਾਹਲੀ ਸੁਣੀ ਕੁਝ ਧਿਰ ਅਕਾਲੀਆਂ ਦੀ,
ਜਾਪਦੀ ਜਿਨ੍ਹਾਂ ਨੂੰ ਬਹੁਤ ਆ ਲੋੜ ਬੇਲੀ।
ਪਈ ਜਦ ਸਾਂਝ ਤਾਂ ਵੋਟ ਆ ਵਧ ਸਕਦੇ,
ਵਿਛੇ ਕਈ ਰਾਹਾਂ 'ਚ ਕੰਡੇ ਤੇ ਰੋੜ ਬੇਲੀ।
ਹੋਏ ਨਾ 'ਕੱਠੇ ਤਾਂ ਦੋਵਾਂ ਦੀ ਔਖ ਡਾਢੀ,
ਜਾਵੇ ਵਕਤ ਫਿਰ ਹੱਥਾਂ ਤੋਂ ਕਿਰੀ ਬੇਲੀ।
ਏਧਰ-ਓਧਰ ਕੁਝ ਫੈਸਲਾ ਕਰਨ ਔਖਾ,
ਘੁੰਮਣਘੇਰੀ ਵਿੱਚ ਬੇੜੀ ਹੈ ਘਿਰੀ ਬੇਲੀ।

-ਤੀਸ ਮਾਰ ਖਾਂ

# ਵੈਂਕਟਾਚਲਮ ਏ ਆਈ ਬੀ ਈ ਏ ਦੇ ਜਨਰਲ ਸਕੱਤਰ ਤੇ ਰਾਮ ਬਾਬੂ ਪ੍ਰਧਾਨ ਚੁਣੇ ਗਏ


ਵੈਂਕਟਾਚਲਮ, ਰਾਮਬਾਬੂ

**ਨਵੀਂ ਦਿੱਲੀ (ਨ ਜ਼ ਸ)**
20 ਅਪ੍ਰੈਲ 1946 ਵਿੱਚ ਬਣੀ ਬੈਂਕ ਕਰਮਚਾਰੀਆਂ ਦੀ ਸਿਰਮੌਰ ਜਥੇਬੰਦੀ ਆਲ ਇੰਡੀਆ ਬੈਂਕ ਇੰਪਲਾਇਜ਼ ਐਸੋਸੀਏਸ਼ਨ (ਏ ਆਈ ਬੀ ਈ ਏ) ਦੀ 30ਵੀਂ ਕਾਨਫਰੰਸ ਦਾ ਮੁਲਤਵੀ ਪ੍ਰਤੀਨਿਧੀ ਸੈਸ਼ਨ ਬੇਂਗਲੂਰੂ ਵਿੱਚ ਸਫਲਤਾਪੂਰਵਕ ਸੰਪੰਨ ਹੋ ਗਿਆ। ਇਸ ਸੈਸ਼ਨ ਦੌਰਾਨ ਮਹੱਤਵਪੂਰਨ ਪ੍ਰਸਤਾਵ ਪਾਸ ਕੀਤੇ ਗਏ, ਸੰਸਥਾ ਦੇ ਨਿਯਮਾਂ ਅਤੇ ਉਪ-ਨਿਯਮਾਂ ਵਿੱਚ ਸੋਧਾਂ ਨੂੰ ਮਨਜ਼ੂਰੀ ਦਿੱਤੀ ਗਈ ਅਤੇ ਨਵੀਂ ਲੀਡਰਸ਼ਿਪ ਦੀ ਚੋਣ ਕੀਤੀ ਗਈ। 30ਵੀਂ ਕਾਨਫਰੰਸ ਦਾ ਪ੍ਰਤੀਨਿਧੀ ਸੈਸ਼ਨ 22 ਅਪ੍ਰੈਲ 2026 ਨੂੰ ਬੇਂਗਲੂਰੂ ਵਿੱਚ ਹੋਇਆ ਸੀ, ਪਰ ਕੁਝ ਰੁਕਾਵਟਾਂ ਕਾਰਨ ਮੁਲਤਵੀ ਕਰ ਦਿੱਤਾ ਗਿਆ ਸੀ, ਜਿਸ ਕਾਰਨ ਸਾਰੇ ਕਾਰਜ ਪੂਰੇ ਨਹੀਂ ਹੋ ਸਕੇ ਸਨ। ਬਾਕੀ ਰਹਿੰਦਾ ਏਜੰਡਾ ਪੂਰਾ ਕਰਨ ਲਈ ਇਹ ਸੈਸ਼ਨ 10 ਜੂਨ ਨੂੰ ਬੇਂਗਲੂਰੂ ਵਿੱਚ ਦੁਬਾਰਾ ਬੁਲਾਇਆ ਗਿਆ। ਸੈਸ਼ਨ ਦੀ ਪ੍ਰਧਾਨਗੀ ਪ੍ਰਧਾਨ ਰਾਜਨ ਨਾਗਰ ਅਤੇ ਹੋਰ ਉਪ ਪ੍ਰਧਾਨਾਂ ਨੇ ਕੀਤੀ। ਇਸ ਮੌਕੇ ਏ ਆਈ ਬੀ ਈ ਏ ਦੇ ਸਾਬਕਾ ਅਹੁਦੇਦਾਰ ਕੇ ਸ੍ਰੀਨਿਵਾਸਨ ਦੀ ਯਾਦ ਵਿੱਚ ਇੱਕ ਮਿੰਟ ਦਾ ਮੌਨ ਵੀ ਰੱਖਿਆ ਗਿਆ।

ਸੈਸ਼ਨ ਦੌਰਾਨ ਜਨਰਲ ਸਕੱਤਰ ਨੇ ਡੈਲੀਗੇਟਾਂ ਵੱਲੋਂ ਚਰਚਾ ਦੌਰਾਨ ਉਠਾਏ ਗਏ ਸਵਾਲਾਂ ਅਤੇ ਸੁਝਾਵਾਂ ਦਾ ਜਵਾਬ ਦਿੱਤਾ। ਵਿਚਾਰ- ਵਟਾਂਦਰੇ ਤੋਂ ਬਾਅਦ ਜਨਰਲ ਸਕੱਤਰ ਦੀ ਰਿਪੋਰਟ ਭਾਰੀ ਬਹੁਮਤ ਨਾਲ ਮਨਜ਼ੂਰ ਕਰ ਲਈ ਗਈ।

ਏ ਆਈ ਬੀ ਈ ਏ ਵੱਲੋਂ ਦੱਸਿਆ ਗਿਆ ਕਿ ਕੇਂਦਰੀ ਕਮੇਟੀ ਦੁਆਰਾ ਮਨਜ਼ੂਰ ਕੀਤੇ ਗਏ ਸੰਗਠਨਾਤਮਕ ਮਸਲਿਆਂ ਅਤੇ ਮੰਗਾਂ ਨਾਲ ਸੰਬੰਧਤ 40 ਪ੍ਰਸਤਾਵ ਪ੍ਰਤੀਨਿਧੀਆਂ ਸਾਹਮਣੇ ਰੱਖੇ ਗਏ ਸਨ। ਇਹ ਸਾਰੇ ਪ੍ਰਸਤਾਵ ਵੀ ਭਾਰੀ ਬਹੁਮਤ ਨਾਲ ਪਾਸ ਕਰ ਦਿੱਤੇ ਗਏ। ਪ੍ਰਤੀਨਿਧੀਆਂ ਨੇ ਏ ਆਈ ਬੀ ਈ ਏ ਦੇ ਨਿਯਮਾਂ ਅਤੇ ਉਪ-ਨਿਯਮਾਂ ਵਿੱਚ ਸੋਧਾਂ ਦੇ ਪ੍ਰਸਤਾਵ 'ਤੇ ਵੀ ਵਿਚਾਰ ਕੀਤਾ। ਇਸ ਸੋਧ ਅਨੁਸਾਰ 7,000 ਜਾਂ ਇਸ ਤੋਂ ਵੱਧ ਮੈਂਬਰਸ਼ਿਪ ਵਾਲੀਆਂ ਰਾਜ ਫੈਡਰੇਸ਼ਨਾਂ ਵਿੱਚੋਂ ਦੋ ਯੂਥ (ਨੌਜਵਾਨ) ਜਨਰਲ ਕੌਂਸਲ ਮੈਂਬਰ ਅਤੇ ਦੋ ਮਹਿਲਾ ਜਨਰਲ ਕੌਂਸਲ ਮੈਂਬਰ ਸ਼ਾਮਲ ਕੀਤੇ ਜਾਣਗੇ। ਇਸ ਸੋਧ ਨੂੰ ਵੀ ਸੈਸ਼ਨ ਵਿੱਚ ਮੌਜੂਦ ਪ੍ਰਤੀਨਿਧੀਆਂ ਨੇ ਭਾਰੀ ਬਹੁਮਤ ਨਾਲ ਮਨਜ਼ੂਰੀ ਦਿੱਤੀ।

ਸੈਸ਼ਨ ਨੇ ਸਾਬਕਾ ਆਗੂਆਂ ਡੀ ਡੀ ਰੁਸਤੋਗੀ, ਬੀ ਐੱਸ ਆਰ ਮੋਹਨ ਰੈੱਡੀ ਅਤੇ ਸੀ ਡੀ ਜੋਸਨ 'ਤੇ ਅਧਾਰਤ ਚੋਣ ਕਮਿਸ਼ਨ ਦੀ ਨਿਯੁਕਤੀ ਨੂੰ ਮਨਜ਼ੂਰੀ ਦਿੱਤੀ। ਚੋਣ ਪ੍ਰਕਿਰਿਆ ਵਿੱਚ ਕੁੱਲ 1,028 ਪ੍ਰਤੀਨਿਧੀਆਂ ਨੇ ਵੋਟਾਂ ਪਾਈਆਂ। ਚੋਣਾਂ ਦੇ ਨਤੀਜੇ ਵਜੋਂ ਬੀ ਐੱਸ ਰਾਮਬਾਬੂ ਪ੍ਰਧਾਨ ਅਤੇ ਸੀ ਐੱਚ ਵੈਂਕਟਾਚਲਮ ਜਨਰਲ ਸਕੱਤਰ ਚੁਣੇ ਗਏ। ਨਵੀਂ ਟੀਮ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਦੀ ਨੁਮਾਇੰਦਗੀ ਕਰਨ ਵਾਲੇ ਉਪ ਪ੍ਰਧਾਨ, ਸਕੱਤਰ, ਜਾਇੰਟ ਸਕੱਤਰ, ਖਜ਼ਾਨਚੀ ਅਤੇ ਜਾਇੰਟ ਖਜ਼ਾਨਚੀ ਵੀ ਸ਼ਾਮਲ ਹਨ।

**ਨਵੀਂ ਚੁਣੀ ਗਈ ਟੀਮ ਇਸ ਤਰ੍ਹਾਂ ਹੈ :**
ਪ੍ਰਧਾਨ-ਬੀ ਐੱਸ ਰਾਮਬਾਬੂ (ਆਂਧਰਾ ਪ੍ਰਦੇਸ਼ ਅਤੇ ਤੇਲੰਗਾਨਾ), ਉਪ ਪ੍ਰਧਾਨ-ਜੇ ਪੀ ਸ਼ਰਮਾ (ਦਿੱਲੀ), ਸ਼ੰਕਰ ਐੱਨ (ਮਹਾਰਾਸ਼ਟਰ), ਪਾਰਥਾ ਚੰਦਾ (ਪੱਛਮੀ ਬੰਗਾਲ), ਜਨਕ ਰਾਵਲ (ਗੁਜਰਾਤ), ਜਨਰਲ ਸਕੱਤਰ-ਸੀ ਐੱਚ ਵੈਂਕਟਾਚਲਮ (ਤਾਮਿਲਨਾਡੂ), ਸਕੱਤਰ-ਇੰਦਰਨੀਲ ਮਿੱਤਰਾ (ਪੱਛਮੀ ਬੰਗਾਲ), ਸੰਯੁਕਤ ਸਕੱਤਰ-ਬੀ ਰਾਮ ਪ੍ਰਕਾਸ਼ (ਕੇਰਲ), ਜੇ ਜੇ ਧੋਲਕੀਆ (ਗੁਜਰਾਤ), ਅਨਿਰੁੱਧ ਕੁਮਾਰ (ਬਿਹਾਰ), ਏ ਐੱਮ ਪੇਰੇਰਾ (ਗੋਆ), ਰਜਨੀਸ਼ ਗੁਪਤਾ (ਉੱਤਰ ਪ੍ਰਦੇਸ਼), ਆਰ ਕਾਰਥਿਕ (ਤਾਮਿਲਨਾਡੂ), ਵੀ ਉਦਯਕੁਮਾਰ (ਆਂਧਰਾ ਪ੍ਰਦੇਸ਼-ਤੇਲੰਗਾਨਾ), ਰਿਚਾ ਗਾਂਧੀ (ਮੱਧ ਪ੍ਰਦੇਸ਼), ਕੇ ਜੀ ਪਨੀਂਦਰਾ (ਕਰਨਾਟਕ), ਗੌਰਵ ਸ਼ਰਮਾ (ਅਸਾਮ), ਬੀ ਜੈਰਾਮ (ਮਹਾਰਾਸ਼ਟਰ), ਖਜ਼ਾਨਚੀ-ਸੀ ਆਰ ਕੁਮਾਰਨ (ਤਾਮਿਲਨਾਡੂ) ਅਤੇ ਸੰਯੁਕਤ ਖਜ਼ਾਨਚੀ-ਨਵੀਨ ਮੋਦੀ (ਮੱਧ ਪ੍ਰਦੇਸ਼)

## ਕੁਝ ਫੁੱਟਬਾਲ ਮੈਚ ਡੀ ਡੀ ਸਪੋਰਟਸ 'ਤੇ ਫ੍ਰੀ

**ਨਵੀਂ ਦਿੱਲੀ (ਨ ਜ਼ ਸ)**-ਫੁੱਟਬਾਲ ਵਿਸ਼ਵ ਕੱਪ ਦੇ ਦੀਵਾਨੇ ਜ਼ੀ 5 ਨੂੰ ਘੱਟੋ-ਘੱਟ 799 ਰੁਪਏ ਦਿੱਤੇ ਬਿਨਾਂ ਟੂਰਨਾਮੈਂਟ ਦੇਖਣ ਦੇ ਹੋਰ ਤਰੀਕੇ ਲੱਭ ਰਹੇ ਹਨ।

ਫੀਫਾ ਵਿਸ਼ਵ ਕੱਪ ਦੇ ਪ੍ਰਸਾਰਣ ਅਧਿਕਾਰਾਂ ਬਾਰੇ ਆਖਰੀ ਸਮੇਂ ਤੱਕ ਅਨਿਸ਼ਚਿਤਤਾ ਬਣੀ ਹੋਈ ਸੀ। ਅੰਤ ਵਿੱਚ, ਇਹ ਜ਼ੀ ਹੀ ਸੀ, ਜੋ ਡਿਜ਼ਨੀ ਹੌਟਸਟਾਰ ਅਤੇ ਹੋਰ ਪ੍ਰਤੀਯੋਗੀਆਂ ਤੋਂ ਪਹਿਲਾਂ ਫੀਫਾ ਨਾਲ ਇੱਕ ਸਮਝੌਤੇ 'ਤੇ ਪਹੁੰਚਣ ਵਿੱਚ ਕਾਮਯਾਬ ਰਿਹਾ। ਆਪਣੇ ਵਿਸਤ੍ਰਿਤ ਸਪੋਰਟਸ ਪੋਰਟਫੋਲੀਓ ਨੂੰ ਵਧਾਉਣ ਲਈ, ਨੈੱਟਵਰਕ ਨੇ ਚਾਰ ਨਵੇਂ ਚੈਨਲ ਪੇਸ਼ ਕੀਤੇ ਹਨ: ਯੂਨਾਈਟ8 ਸਪੋਰਟਸ 1, ਯੂਨਾਈਟ8 ਸਪੋਰਟਸ 1 ਐੱਚ ਡੀ, ਯੂਨਾਈਟ8 ਸਪੋਰਟਸ 2, ਅਤੇ ਯੂਨਾਈਟ8 ਸਪੋਰਟਸ 2 ਐੱਚ ਡੀ। ਜਿਨ੍ਹਾਂ ਲੋਕਾਂ ਦੀ ਜ਼ੀ5 ਜਾਂ ਖੇਡ ਚੈਨਲਾਂ ਤੱਕ ਪਹੁੰਚ ਨਹੀਂ ਹੈ, ਦੂਰਦਰਸ਼ਨ ਨੇ ਐਲਾਨ ਕੀਤਾ ਹੈ ਕਿ ਉਹ ਆਪਣੇ ਨੈੱਟਵਰਕ 'ਤੇ ਟੂਰਨਾਮੈਂਟ ਦੇ 104 ਵਿੱਚੋਂ ਚੋਣਵੇਂ 8 ਮੈਚਾਂ ਦਾ ਪ੍ਰਸਾਰਣ ਕਰੇਗਾ। ਡੀ ਡੀ ਸਪੋਰਟਸ ਨੇ ਮੈਕਸੀਕੋ ਅਤੇ ਦੱਖਣੀ ਅਫਰੀਕਾ ਵਿਚਕਾਰ ਉਦਘਾਟਨੀ ਮੈਚ ਦਾ ਪ੍ਰਸਾਰਣ ਕੀਤਾ। ਡੀ ਡੀ ਸਪੋਰਟਸ ਡੀਡੀ ਫ੍ਰੀ ਡਿਸ਼ 'ਤੇ ਕੁਆਰਟਰ ਫਾਈਨਲ ਤੋਂ ਸ਼ੁਰੂ ਹੋਣ ਵਾਲੇ ਨਾਕਆਊਟ ਦੌਰ ਦਾ ਪ੍ਰਸਾਰਣ ਵੀ ਕਰੇਗਾ। ਕੁਆਰਟਰ ਫਾਈਨਲ 9, 10 ਅਤੇ 11 ਜੁਲਾਈ ਨੂੰ ਹੋਣੇ ਤੈਅ ਹਨ, ਜਿਸ ਤੋਂ ਬਾਅਦ ਸੈਮੀਫਾਈਨਲ 14 ਅਤੇ 15 ਜੁਲਾਈ ਨੂੰ ਹੋਣਗੇ। ਫਾਈਨਲ 19 ਜੂਨ ਨੂੰ ਹੋਵੇਗਾ।

# 4 ਦੇ ਚੰਡੀਗੜ੍ਹ ਧਰਨੇ 'ਚ ਵੱਡੀ ਗਿਣਤੀ ਕਿਸਾਨ ਸ਼ਮੂਲੀਅਤ ਕਰਨਗੇ : ਗੁਰਦੀਪ ਸਿੰਘ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਰਾਮਪੁਰਾ ਵੱਲੋਂ ਮੀਟਿੰਗ ਬਲਾਕ ਪ੍ਰਧਾਨ ਸਰਦੂਲ ਸਿੰਘ ਰਾਮਨਿਵਾਸ ਦੀ ਪ੍ਰਧਾਨਗੀ ਹੇਠ ਪਿੰਡ ਰਾਮਪੁਰਾ ਵਿਖੇ ਕੀਤੀ ਗਈ। ਮੀਟਿੰਗ ਵਿੱਚ ਬਲਾਕ ਅਧੀਨ ਪੈਂਦੀਆਂ ਇਕਾਈਆਂ ਦੇ ਪ੍ਰਧਾਨ/ਵਰਕਰ ਤੇ ਵਿਸ਼ੇਸ਼ ਤੌਰ 'ਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਵੀ ਹਾਜ਼ਰ ਹੋਏ।ਮੀਟਿੰਗ ਵਿੱਚ ਕਿਸਾਨਾਂ ਨੂੰ ਆ ਰਹੀਆਂ ਦੁਰਪੇਸ਼ ਸਮੱਸਿਆਵਾਂ ਸਬੰਧੀ ਖੁੱਲ੍ਹੇ ਕੇ ਵਿਚਾਰ ਚਰਚਾ ਕੀਤੀ ਗਈ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਤੇ ਉਗਰਾਹਾਂ ਵੱਲੋਂ ਸਾਂਝੇ ਤੌਰ 'ਤੇ ਭਖਦੇ ਮਸਲਿਆਂ ਨੂੰ ਲੈ ਕੇ 4 ਜੁਲਾਈ 2026 ਚੰਡੀਗੜ੍ਹ ਵਿਖੇ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਬਲਾਕ ਰਾਮਪੁਰਾ 'ਚੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਉਣ ਲਈ ਸਲਾਹ ਮਸ਼ਵਰਾ ਕੀਤਾ ਗਿਆ। ਇਸ ਉਪਰੰਤ ਬਲਾਕ ਰਾਮਪੁਰਾ ਦੇ ਆਗੂ ਜਗਦੀਸ਼ ਸਿੰਘ ਰਾਮਪੁਰਾ ਤੇ ਸੁਖਜਿੰਦਰ ਸਿੰਘ ਸੁੱਖੀ ਨੇ ਕਿਹਾ ਕਿ ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੇ ਵਧੇ ਰੇਟਾਂ ਖ਼ਿਲਾਫ਼, ਯੂਰੀਆ ਤੇ ਹੋਰ ਖਾਦਾਂ ਦੀ ਕਿੱਲਤ ਖ਼ਿਲਾਫ਼, ਸਨਅਤੀ ਮਜ਼ਦੂਰਾਂ ਤੇ ਪੰਜਾਬ ਵਿੱਚ ਹੱਕ ਮੰਗਦੇ ਲੋਕਾਂ 'ਤੇ ਜਬਰ ਖਿਲਾਫ ਚਾਰ ਨਵੇਂ ਕਿਰਤ ਕੋਡ ਰੱਦ ਕਰਵਾਉਣ ਲਈ, ਹਰ ਖੇਤ ਨੂੰ ਨਹਿਰੀ ਪਾਣੀ ਤੇ ਹਰ ਘਰ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ, ਮੁਕਤ ਵਪਾਰ ਸਮਝੌਤਾ ਰੱਦ ਕਰਵਾਉਣ ਲਈ, ਚਿੱਪ ਵਾਲੇ ਸਮਾਰਟ ਮੀਟਰ ਲਾਉਣੇ ਬੰਦ ਕਰਵਾਉਣ ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਸਥਾਈ ਮੈਂਬਰੀ ਖਤਮ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕਰਵਾ ਕੇ ਪਹਿਲਾਂ ਵਾਲੀ ਸਥਿਤੀ ਬਹਾਲ ਕਰਵਾਉਣ ਆਦਿ ਮੰਗਾਂ ਨੂੰ ਲੈ ਕੇ 4 ਜੁਲਾਈ 2026 ਨੂੰ ਚੰਡੀਗੜ੍ਹ ਵਿੱਚ ਦਿੱਤੇ ਜਾ ਰਹੇ ਰੋਸ ਧਰਨੇ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਦੇ ਕਾਫ਼ਲੇ ਸ਼ਮੂਲੀਅਤ ਕਰਨਗੇ।ਇਸ ਮੌਕੇ ਬਲਾਕ ਆਗੂ ਸੁਰਜੀਤ ਸਿੰਘ ਰੋਮਾਣਾ, ਹੇਮ ਰਾਜ ਬਾਲਿਆਂਵਾਲੀ, ਗੁਰਜੰਟ ਸਿੰਘ ਬਾਲਿਆਂਵਾਲੀ, ਸੁਖਦੇਵ ਸਿੰਘ ਝੰਡੂਕੇ, ਗੁਰਮੇਲ ਸਿੰਘ ਝੰਡੂਕੇ, ਪਰਮਜੀਤ ਸਿੰਘ ਪੰਮੀ ਰਾਮਪੁਰਾ, ਮਿੱਠੂ ਸਿੰਘ ਰਾਮਨਿਵਾਸ ਆਦਿ ਹਾਜ਼ਰ ਸਨ।

# ਭਾਰਤ ਵਿਕਾਸ ਪ੍ਰੀਸ਼ਦ ਨੇ ਤੁਲਸੀ ਦੇ ਬੂਟੇ ਵੰਡੇ



**ਧੂਰੀ (ਮਨੋਹਰ ਸਿੰਘ ਸੱਗੂ)**-ਭਾਰਤ ਵਿਕਾਸ ਪ੍ਰੀਸ਼ਦ (ਸਵਾਮੀ ਵਿਵੇਕਾਨੰਦ) ਸ਼ਾਖਾ ਧੂਰੀ ਵੱਲੋਂ ਪ੍ਰਧਾਨ ਬਸੰਤ ਕੁਮਾਰ ਦੀ ਅਗਵਾਈ ਹੇਠ ਸ਼ਹਿਰ ਦੇ ਲੋਹਾ ਬਾਜ਼ਾਰ 'ਚ ਸਟਾਲ ਲਗਾਕੇ ਤੁਲਸੀ ਦੇ ਬੂਟੇ ਵੰਡੇ ਗਏ।ਇਸ ਮੌਕੇ ਪ੍ਰੀਸ਼ਦ ਦੇ ਸਾਬਕਾ ਪ੍ਰਧਾਨ ਸੁਰੇਸ਼ ਬਾਂਸਲ ਨੇ ਕਿਹਾ ਕਿ ਤੁਲਸੀ ਦਾ ਜਿੱਥੇ ਧਾਰਮਿਕ ਪੱਖ ਤੋਂ ਵਿਸ਼ੇਸ਼ ਮਹੱਤਵ ਹੈ ਉਥੇ ਇਸ ਦਾ ਇਸਤੇਮਾਲ ਅਨੇਕਾਂ ਬਿਮਾਰੀਆਂ ਨੂੰ ਦੂਰ ਕਰਨ 'ਚ ਸਹਾਇਕ ਦਵਾਈਆਂ ਬਣਾਉਣ ਲਈ ਵੀ ਕੀਤਾ ਜਾਂਦਾ ਹੈ। ਬਸੰਤ ਕੁਮਾਰ ਨੇ ਕਿਹਾ ਕਿ ਵਾਤਾਵਰਨ ਦੀਸਾਂਭ ਸੰਭਾਲ ਕਰਨਾ ਹਰੇਕ ਇਨਸਾਨ ਦੀ ਜਿੰਮੇਵਾਰੀ ਬਣਦੀ ਹੈ।ਪ੍ਰਦੀਪ ਕੁਮਾਰ, ਧੰਨਪਤ ਰਾਏ ਧੰਨਾ, ਨੀਲੂ ਮਿੱਤਲ, ਰਜੇਸ਼ ਕੁਮਾਰ ਰਾਜੀ ਅਤੇ ਮੋਹਨ ਲਾਲ ਆਦਿ ਵੀ ਇਸ ਮੌਕੇ ਮੌਜੂਦ ਸਨ।

# ਸਰਕਾਰ ਆਪਣੇ ਕੀਤੇ ਵਾਅਦਿਆਂ 'ਤੇ ਖਰੀ ਨਹੀਂ ਉੱਤਰੀ : ਗੁਰਮੇਲ ਸਿੰਘ

## ਮਨਰੇਗਾ ਕਰਮਚਾਰੀਆਂ ਦੀ ਕਲਮਛੋੜ ਹੜਤਾਲ ਦਾ ਕੀਤਾ ਸਮਰਥਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਨਰੇਗਾ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਕਲਮਛੋੜ ਹੜਤਾਲ ਨੂੰ ਡੱਟਵਾਂ ਸਮਰਥਨ ਦੇਣ ਦਾ ਐਲਾਨ ਕਰਦਿਆਂ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਨੇ ਮਹਿਲ ਕਲਾਂ ਪਹੁੰਚ ਕੇ ਹੜਤਾਲੀ ਮੁਲਾਜ਼ਮਾਂ ਨਾਲ ਗੱਲਬਾਤ ਕੀਤੀ।ਇਸ ਮੌਕੇ ਆਗੂ ਮੌੜ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦਿਆਂ 'ਤੇ ਖਰੀ ਨਹੀਂ ਉੱਤਰੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਦਾਅਵੇ ਕੀਤੇ ਗਏ ਸਨ, ਪਰ ਦੂਜੇ ਪਾਸੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਮਨਰੇਗਾ ਮੁਲਾਜ਼ਮਾਂ ਨੂੰ ਪੱਕੇ ਨਹੀਂ ਕੀਤਾ ਜਾ ਰਿਹਾ।ਪਿਛਲੇ ਸੱਤ ਮਹੀਨਿਆਂ ਤੋਂ ਮਨਰੇਗਾ ਮੁਲਾਜ਼ਮਾਂ ਨੂੰ ਤਨਖਾਹ ਨਾ ਮਿਲਣ ਕਾਰਨ ਪਰਿਵਾਰ ਆਰਥਿਕ ਸੰਕਟ ਦਾ ਸ਼ਿਕਾਰ ਹੋਏ ਹਨ।ਆਗੂ ਮੌੜ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਅਗਵਾਈ ਹੇਠ ਸਰਕਾਰ ਆਉਣ 'ਤੇ ਮਨਰੇਗਾ ਕਰਮਚਾਰੀਆਂ ਦੀਆਂ ਭਖਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਜਾਵੇਗਾ।ਉਨ੍ਹਾਂ ਹੱਕ ਮੰਗਦੇ ਨੌਜਵਾਨਾਂ ਉੱਪਰ ਅੰਨ੍ਹੇਵਾਹ ਜਬਰ ਢਾਹੇ ਜਾਣ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ।ਇਸ ਮੌਕੇ ਜਥੇਬੰਦੀ ਦੇ ਬਲਾਕ ਪ੍ਰਧਾਨ ਬੂਟਾ ਸਿੰਘ, ਏ ਪੀ ਓ ਰਮਨਦੀਪ ਕੌਰ, ਜੇ ਈ ਇੰਦਰਜੀਤ ਸਿੰਘ, ਗ੍ਰਾਮ ਸੇਵਕ ਕੁਲਦੀਪ ਸਿੰਘ, ਮਹਿੰਦਰ ਸਿੰਘ ਰਾਇਸਰ, ਗਗਨਦੀਪ ਬਰਨਾਲਾ, ਕੁਲਵੀਰ ਕੌਰ, ਹਰਪ੍ਰੀਤ ਕੌਰ ਗਹਿਲ, ਜਸਵੀਰ ਕੌਰ, ਰਣਜੀਤ ਸਿੰਘ ਚੌਹਾਣ ਕੇ ਤੇ ਮਹਿੰਦਰ ਸਿੰਘ ਮਹਿਲ ਕਲਾਂ ਨੇ ਕਿਹਾ ਕਿ ਲਗਾਤਾਰ ਸੇਵਾਵਾਂ ਦੇਣ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀਆਂ ਹੱਕੀ ਜਾਇਜ਼ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬਕਾਇਆ ਤਨਖਾਹਾਂ ਜਲਦ ਜਾਰੀ ਕੀਤੀਆਂ ਜਾਣ ਤੇ ਮਨਰੇਗਾ ਕਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ।

# ਸੀਵਰੇਜ ਦੇ ਓਵਰਫਲੋਅ ਹੋਣ ਕਾਰਨ ਲੋਕ ਪ੍ਰੇਸ਼ਾਨ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸਨੌਰ ਦੇ ਗੁੱਗਾ ਮਾੜੀ ਕਲੋਨੀ 'ਚ ਸੀਵਰੇਜ ਦੇ ਲਗਾਤਾਰ ਓਵਰਫਲੋਅ ਹੋਣ ਕਾਰਨ ਇਲਾਕੇ ਦੇ ਵਸਨੀਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੜਕਾਂ 'ਤੇ ਗੰਦਾ ਪਾਣੀ ਖੜ੍ਹਾ ਹੋਣ ਨਾਲ ਨਾ ਸਿਰਫ਼ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ, ਸਗੋਂ ਬਦਬੂ ਅਤੇ ਗੰਦਗੀ ਕਾਰਨ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵੱਧ ਗਿਆ ਹੈ।ਇਸ ਗੰਭੀਰ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਚੇਅਰਮੈਨ ਚੌਧਰੀ ਨਿਰਮਲ ਸਿੰਘ ਭੱਟੀਆ ਆਪਣੇ ਸਾਥੀਆਂ ਸਮੇਤ ਮੌਕੇ 'ਤੇ ਪਹੁੰਚੇ।ਉਨ੍ਹਾਂ ਇਸ ਸਮੱਸਿਆ ਨਾਲ ਜੂਝ ਰਹੇ ਵਸਨੀਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਹਾਲਾਤ ਦਾ ਜਾਇਜ਼ਾ ਲਿਆ।ਵਸਨੀਕ ਨੇ ਦੱਸਿਆ ਕਿ ਉਹ ਕਾਫ਼ੀ ਸਮੇਂ ਤੋਂ ਇਸ ਸਮੱਸਿਆ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਸੀਵਰੇਜ ਦਾ ਗੰਦਾ ਪਾਣੀ ਘਰਾਂ ਦੇ ਬਾਹਰ ਖੜ੍ਹਾ ਰਹਿੰਦਾ ਹੈ, ਜਿਸ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਹੋਰ ਲੋਕਾਂ ਨੂੰ ਆਉਣ-ਜਾਣ ਵਿੱਚ ਦਿੱਕਤਾਂ ਆ ਰਹੀਆਂ ਹਨ।

# ਮਾਤਾ ਗੁਜਰੀ ਕਾਲਜ ਵਿਖੇ ਵਿਸ਼ੇਸ਼ ਪਲੇਸਮੈਂਟ ਡਰਾਈਵ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਨਾਮਵਰ ਉਦਯੋਗਿਕ ਕੰਪਨੀ ਟਰਾਈਡੈਂਟ ਗਰੁੱਪ ਦੇ ਸਹਿਯੋਗ ਨਾਲ ਕਾਲਜ ਦੇ ਬੀ.ਐਸ.ਸੀ. ਐਗਰੀਕਲਚਰ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਕੈਂਪਸ ਪਲੇਸਮੈਂਟ ਡਰਾਈਵ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੌਕੇ ਟਰਾਈਡੈਂਟ ਗਰੁੱਪ ਦੇ ਅਧਿਕਾਰੀਆਂ ਦੀ ਟੀਮ ਨੇ ਕਾਲਜ ਕੈਂਪਸ ਦਾ ਦੌਰਾ ਕੀਤਾ ਜਿਸ ਵਿੱਚ ਕੌਟਨ ਸੋਰਸਿੰਗ ਦੇ ਗਰੁੱਪ ਹੈੱਡ ਸਤੀਸ਼ ਕੁਮਾਰ ਅਰੋੜਾ, ਕੌਟਨ ਪ੍ਰੋਕਿਊਰਮੈਂਟ ਦੇ ਹੈੱਡ ਉਦੈ ਸਿੰਘ ਅਤੇ ਹਿਊਮਨ ਰਿਸੋਰਸ ਬਿਜ਼ਨਸ ਪਾਰਟਨਰ ਸੋਨੂ ਸ਼ਾਮਲ ਸਨ।ਪਲੇਸਮੈਂਟ ਡਰਾਈਵ ਦੌਰਾਨ ਵਿਦਿਆਰਥੀਆਂ ਨੂੰ ਕੰਪਨੀ ਦੀ ਕਾਰਜ-ਪ੍ਰਣਾਲੀ, ਰੁਜ਼ਗਾਰ ਦੇ ਮੌਕਿਆਂ ਅਤੇ ਖੇਤੀਬਾੜੀ ਖੇਤਰ ਵਿੱਚ ਉਪਲਬਧ ਕਰੀਅਰ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਡਰਾਈਵ ਵਿੱਚ ਕੁੱਲ 28 ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ ਅਤੇ ਇੰਟਰਵਿਊ ਦੇ ਵੱਖ-ਵੱਖ ਪੜਾਵਾਂ ਵਿੱਚ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ। ਵਰਣਨਯੋਗ ਹੈ ਕਿ ਇਹ ਭਰਤੀ ਮੁਹਿੰਮ ਕੌਟਨ ਪ੍ਰੋਕਿਊਰਮੈਂਟ ਅਫ਼ਸਰ ਦੇ ਅਹੁਦੇ ਲਈ ਆਯੋਜਿਤ ਕੀਤੀ ਗਈ ਸੀ ਜਿਸ ਲਈ ਸਾਲਾਨਾ 7.2 ਲੱਖ ਰੁਪਏ ਤੱਕ ਦਾ ਆਕਰਸ਼ਕ ਪੈਕੇਜ ਨਿਰਧਾਰਤ ਕੀਤਾ ਗਿਆ ਹੈ। ਇੰਟਰਵਿਊ ਪ੍ਰਕਿਰਿਆ ਪੂਰੀ ਹੋਣ ਉਪਰੰਤ ਚੋਣ ਦੇ ਅੰਤਿਮ ਨਤੀਜੇ ਜਲਦ ਹੀ ਟਰਾਈਡੈਂਟ ਗਰੁੱਪ ਵੱਲੋਂ ਐਲਾਨੇ ਜਾਣਗੇ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਵਿੱਦਿਆ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਨੇ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ। ਕਾਲਜ ਦੇ ਡੀਨ ਪਲੇਸਮੈਂਟ ਡਾ. ਕਮਲਪ੍ਰੀਤ ਕੌਰ ਤੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਭਰਤੀ ਟੀਮ ਦੇ ਅਧਿਕਾਰੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਵਧੀਆ ਮੌਕੇ ਉਪਲਬਧ ਕਰਵਾਉਣ ਪ੍ਰਤੀ ਕਾਲਜ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਡਰਾਈਵ ਦੇ ਸਫ਼ਲ ਆਯੋਜਨ ਵਿਚ ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਸੰਤੋਸ਼ ਕੁਮਾਰ ਅਤੇ ਡਾ. ਸੰਦੀਪ ਕੁਮਾਰ ਸਿੰਘ ਨੇ ਮਹੱਤਵਪੂਰਨ ਯੋਗਦਾਨ ਪਾਇਆ।

# ਪੰਜਾਬ ਰਾਜ ਵਪਾਰੀ ਕਮਿਸ਼ਨ ਧੂਰੀ ਵੱਲੋਂ ਵਪਾਰੀਆਂ ਨਾਲ ਬੈਠਕ

## ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰ ਵਚਨਬੱਧ : ਚੇਅਰਮੈਨ ਪੁਸ਼ਪਿੰਦਰ ਸ਼ਰਮਾ



**ਧੂਰੀ (ਸੁਖਦੇਵ, ਮੋਹਿਤ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀਆਂ ਤੇ ਕਾਰੋਬਾਰੀਆਂ ਨੂੰ ਵਪਾਰ ਲਈ ਹੋਰ ਵਧੀਆ, ਪਾਰਦਰਸ਼ੀ ਤੇ ਸਾਜ਼ਗਾਰ ਮਾਹੌਲ ਪ੍ਰਦਾਨ ਕਰਨ ਦੇ ਮੰਤਵ ਨਾਲ ਬਣਾਏ ਗਏ ਪੰਜਾਬ ਰਾਜ ਵਪਾਰੀ ਕਮਿਸ਼ਨ ਦੀ ਹਲਕਾ ਧੂਰੀ ਇਕਾਈ ਵੱਲੋਂ ਸਦਰ ਬਾਜ਼ਾਰ ਧੂਰੀ ਵਿਖੇ ਵਪਾਰੀਆਂ ਨਾਲ ਵਿਸ਼ੇਸ਼ ਬੈਠਕ ਕੀਤੀ ਗਈ।ਬੈਠਕ ਦੌਰਾਨ ਛੋਟੇ ਤੇ ਦਰਮਿਆਨੇ ਵਪਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪਣੇ ਕਾਰੋਬਾਰ ਨਾਲ ਸਬੰਧਤ ਮੁੱਦੇ ਤੇ ਮੁਸ਼ਕਲਾਂ ਕਮਿਸ਼ਨ ਸਾਹਮਣੇ ਰੱਖੀਆਂ।ਇਸ ਮੌਕੇ ਪੰਜਾਬ ਰਾਜ ਵਾਪਰੀ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਵਪਾਰੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਤੇ ਭਰੋਸਾ ਦਿਵਾਇਆ ਕਿ ਵਪਾਰੀਆਂ ਵੱਲੋਂ ਉਠਾਏ ਗਏ ਹਰ ਜਾਇਜ਼ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਪਾਰੀਆਂ ਨੂੰ ਬਿਨਾਂ ਕਿਸੇ ਰੁਕਾਵਟ ਆਪਣੇ ਕਾਰੋਬਾਰ ਨੂੰ ਅੱਗੇ ਵਧਾਉਣ ਲਈ ਅਨੁਕੂਲ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ।ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ, ਕਿਉਂਕਿ ਵਪਾਰਕ ਗਤੀਵਿਧੀਆਂ ਨਾਲ ਨਾ ਸਿਰਫ਼ ਰੁਜ਼ਗਾਰ ਦੇ ਮੌਕੇ ਪੈਦਾ ਹੁੰਦੇ ਹਨ, ਸਗੋਂ ਸਰਕਾਰੀ ਮਾਲੀਏ ਵਿੱਚ ਵੀ ਅਹਿਮ ਯੋਗਦਾਨ ਪੈਂਦਾ ਹੈ।ਇਸ ਲਈ ਵਪਾਰੀਆਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨਾ ਪੰਜਾਬ ਸਰਕਾਰ ਦੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਪੰਜਾਬ ਰਾਜ ਵਾਪਰੀ ਕਮਿਸ਼ਨ ਵਪਾਰੀਆਂ ਤੇ ਸਰਕਾਰ ਵਿਚਕਾਰ ਇੱਕ ਅਹਿਮ ਪੁਲ ਵਜੋਂ ਕੰਮ ਕਰ ਰਿਹਾ ਹੈ।ਕਮਿਸ਼ਨ ਵੱਲੋਂ ਵੱਖ-ਵੱਖ ਸ਼ਹਿਰਾਂ ਅਤੇ ਕਸਬਿਆਂ ਵਿੱਚ ਜਾ ਕੇ ਵਪਾਰੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ ਤਾਂ ਜੋ ਜ਼ਮੀਨੀ ਪੱਧਰ 'ਤੇ ਆਉਣ ਵਾਲੀਆਂ ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾ ਸਕੇ।ਬੈਠਕ ਦੌਰਾਨ ਵਪਾਰੀਆਂ ਨੇ ਆਪਣੀਆਂ ਵੱਖ-ਵੱਖ ਮੰਗਾਂ ਅਤੇ ਸੁਝਾਅ ਕਮਿਸ਼ਨ ਦੇ ਧਿਆਨ ਵਿੱਚ ਲਿਆਂਦੇ। ਚੇਅਰਮੈਨ ਨੇ ਭਰੋਸਾ ਦਿਵਾਇਆ ਕਿ ਸਾਰੇ ਸੁਝਾਵਾਂ ਨੂੰ ਸਕਾਰਾਤਮਕ ਤਰੀਕੇ ਨਾਲ ਵਿਚਾਰਿਆ ਜਾਵੇਗਾ ਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦਾ ਯੋਗ ਹੱਲ ਕੱਢਣ ਲਈ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਹਲਕਾ ਧੂਰੀ ਇਕਾਈ ਦੇ ਅਹੁਦੇਦਾਰ, ਵਪਾਰ ਮੰਡਲ ਦੇ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

# ਡਾ: ਸੁਖਵਿੰਦਰ ਸਿੰਘ ਸ਼੍ਰੋਮਣੀ ਅਕਾਲੀ ਦੇ ਪ੍ਰਮੁੱਖ ਬੁਲਾਰੇ ਨਿਯੁਕਤ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਦੀ ਸਿਫਾਰਸ਼ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਵਫਾਦਾਰ ਸਿਪਾਹੀ ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ ਨੂੰ ਵਿਧਾਨ ਸਭਾ ਹਲਕਾ ਮਹਿਲ ਕਲਾਂ ਦਾ ਪ੍ਰਮੁੱਖ ਬੁਲਾਰਾ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਉਪਰ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਮੈਂਬਰ ਜਨਰਲ ਕੌਂਸਲ ਬਲਦੇਵ ਸਿੰਘ ਗਾਗੇਵਾਲ, ਪ੍ਰਧਾਨ ਵਪਾਰੀ ਵਿੰਗ ਸੰਦੀਪ ਕੁਮਾਰ ਰਿੰਕੂ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਬਚਿੱਤਰ ਸਿੰਘ ਧਾਲੀਵਾਲ, ਜਗਦੇਵ ਸਿੰਘ ਬਦੇਸ਼ਾ, ਬਲਰਾਜ ਸਿੰਘ ਟੱਲੇਵਾਲ, ਗੁਰਦੀਪ ਸਿੰਘ ਛਾਪਾ, ਡਾ: ਹਰਨੇਕ ਸਿੰਘ ਪੰਡੋਰੀ, ਜਸਵਿੰਦਰ ਸਿੰਘ ਦੀਦਾਰਗੜ੍ਹ, ਕੁਲਵੰਤ ਸਿੰਘ ਜਗਦੇ, ਮਾ: ਹਰਬੰਸ ਸਿੰਘ ਸ਼ੇਰਪੁਰ, ਜਸਵੀਰ ਸਿੰਘ ਪ੍ਰਧਾਨ ਟਰਾਂਸਪੋਰਟ ਵਿੰਗ, ਚੇਅਰਮੈਨ ਲਛਮਣ ਸਿੰਘ ਮੂੰਮ, ਗੁਰਦੀਪ ਸਿੰਘ ਟਿਵਾਣਾ, ਕਲੱਟਰ ਸਿੰਘ ਪੰਡੋਰੀ, ਜਸਪ੍ਰੀਤ ਸਿੰਘ ਜੱਸੀ ਖੇੜੀ, ਦਰਸ਼ਨ ਸਿੰਘ ਪ੍ਰਧਾਨ, ਪਰਮਪ੍ਰੀਤ ਸਿੰਘ ਬਾਜਵਾ, ਸੁਖਵਿੰਦਰ ਸਿੰਘ ਸਰਾਂ, ਪ੍ਰਧਾਨ ਐਸ ਸੀ ਵਿੰਗ ਜਗਸੀਰ ਸਿੰਘ ਗਹਿਲ ,ਸੁਖਮਿੰਦਰ ਸਿੰਘ ਛੀਨੀਵਾਲ, ਕੁਲਦੀਪ ਸਿੰਘ ਪੰਜਗਰਾਈਆਂ, ਸੰਮਤੀ ਮੈਂਬਰ ਜਸਵਿੰਦਰ ਕੌਰ ਮੂੰਮ, ਬੀਬੀ ਹਰਦੀਪ ਕੌਰ ਭੋਤਨਾ, ਜਸਵਿੰਦਰ ਕੌਰ ਰਾਏਸਰ, ਪ੍ਰਧਾਨ ਇਸਤਰੀ ਵਿੰਗ ਬਲਜੀਤ ਕੌਰ ਖ਼ਾਲਸਾ ਤੇ ਬੀਬੀ ਜਸਵਿੰਦਰ ਕੌਰ ਕੁਰੜ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

# ਮਾਛੀਕੇ ਵਿਖੇ ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਬਲਾਕ ਪ੍ਰਧਾਨ ਹੋਲਡਰ ਡਿੱਪੂ ਸੁਖਦੇਵ ਸਿੰਘ ਮਾਛੀਕੇ ਤੇ ਕੇਵਲ ਸਿੰਘ ਮਾਛੀਕੇ ਦੇ ਡਿੱਪੂ 'ਤੇ ਮੇਰੀ ਰਸੋਈ ਸਕੀਮ ਤਹਿਤ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡਣ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਪਿੰਡ ਮਾਛੀਕੇ ਵਿੱਚ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸਰਪੰਚ ਜਗਮੋਹਨ ਸਿੰਘ, ਡਾ. ਜਗਦੇਵ ਸਿੰਘ ਬੱਬੂ ਮਾਛੀਕੇ, ਸੋਸ਼ਲ ਮੀਡੀਆ ਹਲਕਾ ਇੰਚਾਰਜ ਸੰਦੀਪ ਸਿੰਘ ਵਾਲੀਆਂ, ਆਪ ਆਗੂ ਮੈਂਗਲ ਸਿੰਘ, ਕਰਮਜੀਤ ਸਿੰਘ ਸਾਬਕਾ ਮੈਂਬਰ, ਹਾਕਮ ਸਿੰਘ ਪੰਚ, ਅਮਰਜੀਤ ਸਿੰਘ ਮਿੱਟੂ ਆਪ ਆਗੂ ਸਮੇਤ ਹੋਰ ਪਾਰਟੀ ਆਗੂ ਤੇ ਪਿੰਡ ਵਾਸੀ ਹਾਜ਼ਰ ਸਨ।ਇਸ ਮੌਕੇ ਸੁਖਦੇਵ ਸਿੰਘ ਮਾਛੀਕੇ ਨੇ ਕਿਹਾ ਕਿ ਉਹ ਹਮੇਸ਼ਾ ਲੋਕ ਭਲਾਈ ਦੇ ਕੰਮਾਂ ਲਈ ਵਚਨਬੱਧ ਹਨ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਸੇਵਾਵਾਂ ਜਾਰੀ ਰੱਖੀਆਂ ਜਾਣਗੀਆਂ।ਸਮਾਗਮ ਦੌਰਾਨ ਹਾਜ਼ਰ ਆਗੂਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਮਾਜ ਹਿੱਤ ਵਿੱਚ ਇੱਕ ਸ਼ਲਾਘਾਯੋਗ ਕਦਮ ਦੱਸਿਆ।



# ਚੌਥੇ ਦਿਨ ਵੀ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ

## ਸਾਥੀ ਅਧਿਆਪਕਾਂ ਨੇ ਸ਼ਹਿਰ 'ਚ ਕੱਢਿਆ ਪੈਦਲ ਮਾਰਚ, ਮੁੱਖ ਮੰਤਰੀ ਕੈਂਪਸ ਦਫ਼ਤਰ ਅੱਗੇ ਧਰਨਾ ਪ੍ਰਦਰਸ਼ਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-5994 ਕਾਡਰ ਈ.ਟੀ.ਟੀ. ਅਧਿਆਪਕਾਂ ਵਿੱਚੋਂ ਰਹਿੰਦੇ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਟੈਲੀਫੋਨ ਐਕਸਚੇਂਜ ਵਿੱਚ ਸਥਿਤ ਇੱਕ ਉੱਚੇ ਮੋਬਾਇਲ ਟਾਵਰ 'ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਬਰਨਾਲਾ ਚੌਥੇ ਦਿਨ ਵੀ ਲਗਾਤਾਰ ਉੱਪਰ ਹੀ ਡਟਿਆ ਰਿਹਾ।ਅਸਮਾਨੋਂ ਵਰ੍ਹਦੀ ਤਪਦੀ-ਕੜਕਦੀ ਗਰਮੀ ਤੇ ਬੀਤੀ ਰਾਤ ਆਏ ਤੇਜ਼ ਝੱਖੜ-ਮੀਂਹ ਦੇ ਬਾਵਜੂਦ ਹਰਜੀਤ ਸਿੰਘ ਨੇ ਆਪਣਾ ਹੌਸਲਾ ਪ੍ਰਚੰਡ ਰੱਖਿਆ ਤੇ ਮੋਰਚੇ 'ਤੇ ਅਡੋਲ ਖੜ੍ਹਾ ਰਿਹਾ।ਆਪਣੇ ਸਾਥੀ ਦੀ ਜ਼ਿੰਦਗੀ ਨੂੰ ਖ਼ਤਰੇ ਵਿੱਚ ਦੇਖਦਿਆਂ ਤੇ ਸਰਕਾਰ ਦੇ ਵਤੀਰੇ ਤੋਂ ਖ਼ਫ਼ਾ ਹੋ ਕੇ ਬੇਰੁਜ਼ਗਾਰ ਅਧਿਆਪਕਾਂ ਨੇ ਧੂਰੀ ਸ਼ਹਿਰ ਦੇ ਬਾਜ਼ਾਰਾਂ ਵਿੱਚ ਪੈਦਲ ਰੋਸ ਮਾਰਚ ਕੱਢਿਆ।ਹੱਥਾਂ ਵਿੱਚ ਮੰਗਾਂ ਦੀਆਂ ਤਖ਼ਤੀਆਂ ਫੜੀ ਇਨ੍ਹਾਂ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।ਸ਼ਹਿਰ ਨਿਵਾਸੀਆਂ ਨੇ ਵੀ ਅਧਿਆਪਕਾਂ ਦੇ ਇਸ ਸੰਘਰਸ਼ ਪ੍ਰਤੀ ਹਮਦਰਦੀ ਜਤਾਈ।ਇਹ ਰੋਸ ਮਾਰਚ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਗੁਜ਼ਰਦਾ ਹੋਇਆ ਅਖ਼ੀਰ ਮੁੱਖ ਮੰਤਰੀ ਦੇ ਕੈਂਪਸ ਦਫ਼ਤਰ ਵਿਖੇ ਪਹੁੰਚਿਆ, ਜਿੱਥੇ ਗੁੱਸੇ ਵਿੱਚ ਆਏ ਅਧਿਆਪਕਾਂ ਨੇ ਦਫ਼ਤਰ ਦੇ ਮੁੱਖ ਗੇਟ ਅੱਗੇ ਪੱਕਾ ਧਰਨਾ ਮਾਰ ਦਿੱਤਾ।ਯੂਨੀਅਨ ਮੈਂਬਰਾਂ ਨੇ ਕਿਹਾ ਕਿ ਸਰਕਾਰ ਘਰ-ਘਰ ਰੁਜ਼ਗਾਰ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਯੋਗਤਾ ਰੱਖਣ ਦੇ ਬਾਵਜੂਦ ਨੌਜਵਾਨਾਂ ਨੂੰ ਹੱਕਾਂ ਲਈ ਟਾਵਰਾਂ 'ਤੇ ਚੜ੍ਹਨਾ ਪੈ ਰਿਹਾ ਹੈ।ਜੇਕਰ ਹਰਜੀਤ ਸਿੰਘ ਦਾ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਇਸ ਦੀ ਸਿੱਧੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ।

# ਸੂਬੇ ਅੰਦਰ ਬਦ ਤੋਂ ਬਦਤਰ ਹੋਈ ਕਾਨੂੰਨ ਵਿਵਸਥਾ ਵਿਰੁੱਧ ਬਸਪਾ ਵੱਲੋਂ ਰੋਸ ਪ੍ਰਦਰਸ਼ਨ

## ਆਗੂਆਂ ਨੇ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਮੋਗਾ ਦੇ ਦੀ ਟੀਮ ਵੱਲੋਂ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਚੜਿੱਕ ਦੀ ਅਗਵਾਈ ਵਿੱਚ ਬਸਪਾ ਹਾਈ ਕਮਾਂਡ ਦੇ ਨਿਰਦੇਸ਼ ਅਨੁਸਾਰ ਏ ਡੀ ਸੀ ਮੋਗਾ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਬਸਪਾ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਆਗੂਆਂ ਨੇ ਕਿਹਾ ਕਿ ਆਪ ਦੀ ਮਾਨ ਸਰਕਾਰ ਵੱਲੋਂ ਸੂਬੇ ਅੰਦਰ ਬਦ ਤੋਂ ਬਦਤਰ ਹੋਈ ਕਾਨੂੰਨ ਵਿਵਸਥਾ 'ਤੇ ਕਾਬੂ ਪਾਉਣ ਅਤੇ ਪੜ੍ਹੇ ਲਿਖੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਪੁਲਸ ਪਾਸੋਂ ਅੰਨ੍ਹਾ ਤਸ਼ਦਦ ਕਰਵਾਇਆ ਜਾ ਰਿਹਾ ਹੈ, ਜੋ ਅਤਿਅੰਤ ਮੰਦਭਾਗਾ ਹੈ, ਜਿੱਥੇ ਨੌਜਵਾਨਾਂ ਦੇ ਰੁਜ਼ਗਾਰ 'ਤੇ ਡਾਕਾ ਹੈ, ਉੱਥੇ ਹੀ ਮਨੁੱਖੀ ਅਧਿਕਾਰਾਂ ਦੀ ਵੀ ਘੋਰ ਉਲੰਘਣਾ ਹੈ।ਬਸਪਾ ਆਗੂਆਂ ਨੇ ਕਿਹਾ ਕਿ ਪੰਜਾਬ ਆਪ ਸਰਕਾਰ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ 'ਚ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋ ਚੁਕੀ ਹੈ, ਜਿਸ ਦੇ ਨਤੀਜੇ ਵਜੋਂ 5 ਜੂਨ 2026 ਨੂੰ ਪਟਿਆਲਾ ਵਿਖੇ ਬੇਰੁਜ਼ਗਾਰ ਨੌਜਵਾਨ ਆਪਣਾ ਬਣਦਾ ਹੱਕ ਲੈਣ ਲਈ ਸ਼ਾਂਤਮਈ ਰੋਸ ਮੁਜ਼ਾਹਰਾ ਕਰ ਰਹੇ ਸਨ, ਤਾਂ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੁਲਸ ਅਧਿਕਾਰੀਆਂ ਨੇ 2600 ਬੇਰੁਜ਼ਗਾਰ ਟੈਸਟ ਪਾਸ ਕਰ ਚੁੱਕੇ ਲਾਈਨਮੈਨਾਂ 'ਤੇ ਅੰਨ੍ਹੇਵਾਹ ਤਸ਼ੱਦਦ ਕੀਤਾ, ਜਿਸ ਦੇ ਰੋਸ ਵਜੋਂ ਬਹੁਜਨ ਸਮਾਜ ਪਾਰਟੀ ਮੋਗਾ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੂਬਾ ਜਨਰਲ ਸੈਕਟਰੀ ਸੰਤ ਰਾਮ ਮੱਲੀ, ਜ਼ਿਲ੍ਹਾ ਪ੍ਰਧਾਨ ਮੋਗਾ ਜਗਤਾਰ ਸਿੰਘ ਚੜਿੱਕ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਸਹੋਤਾ ਘੱਲ ਕਲਾਂ, ਸਾਬਕਾ ਜ਼ਿਲ੍ਹਾ ਪ੍ਰਧਾਨ ਹਰਦੇਵ ਸਿੰਘ ਤਖਾਣਵੱਧ, ਜ਼ਿਲ੍ਹਾ ਸਕੱਤਰ ਮੰਦਰ ਸਿੰਘ, ਹਲਕਾ ਇੰਚਾਰਜ ਧਰਮਕੋਟ ਜਗਤਾਰ ਸਿੰਘ ਲੌਂਗੀਵਿੰਡ, ਹਲਕਾ ਇੰਚਾਰਜ ਬਾਘਾ ਪੁਰਾਣਾ ਬਲਵਿੰਦਰ ਸਿੰਘ, ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ ਕੇਵਲ ਸਿੰਘ ਸੈਦੋਕੇ, ਹਲਕਾ ਇੰਚਾਰਜ ਮੋਗਾ ਵਾਰਿਸ਼ ਮਸੀਹ, ਹਲਕਾ ਪ੍ਰਧਾਨ ਧਰਮਕੋਟ ਪਿਰਥੀ ਸਿੰਘ, ਹਲਕਾ ਪ੍ਰਧਾਨ ਮੋਗਾ ਦੇਵ ਸਿੰਘ ਘਾਲੀ, ਹਲਕਾ ਪ੍ਰਧਾਨ ਨਿਹਾਲ ਸਿੰਘ ਵਾਲਾ ਭਰਪੂਰ ਸਿੰਘ ਖੋਟੇ, ਸੇਵਕ ਸਿੰਘ ਮਾਣੂੰਕੇ ਸੀਨੀ. ਆਗੂ, ਬੱਬੂ ਦੁੱਨੇਕੇ ਹਲਕਾ ਸਕੱਤਰ, ਭਾਗ ਸਿੰਘ ਮਾਣੂੰਕੇ, ਬਿੱਕਰ ਸਿੰਘ ਬੱਧਨੀ ਕਲਾਂ, ਬਲਜੀਤ ਸਿੰਘ ਕੋਟ ਈਸੇ ਖਾਂ, ਲਖਵੀਰ ਸਿੰਘ ਚੜਿੱਕ, ਬਲਵਿੰਦਰ ਸਿੰਘ ਜਾਵਹਾਰ ਸਿੰਘ ਵਾਲਾ, ਨੱਥਾ ਸਿੰਘ ਲੰਗੇਆਣਾ, ਪ੍ਰਧਾਨ ਔਰਤ ਵਿੰਗ ਬੀਬੀ ਕੁਲਵਿੰਦਰ ਕੌਰ, ਗੁਰਮੇਲ ਸਿੰਘ ਤੇ ਹੋਰ ਸਾਥੀ ਹਾਜ਼ਰ ਸਨ।

# ਸਰਕਾਰ ਵੱਲੋਂ ਅਧਿਆਪਕਾਂ ਦੀ ਆਪਣੇ ਰਾਜਨੀਤਕ ਮੁਫ਼ਾਦਾਂ ਲਈ ਵਰਤੋਂ : ਆਗੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਡਰੱਗ ਕਮ ਸਮਾਜਿਕ-ਆਰਥਿਕ ਸੈਂਸਸ ਦੇ ਨਾਂਅ ਹੇਠ ਅਧਿਆਪਕਾਂ ਦੀਆਂ ਵੱਡੇ ਪੱਧਰ 'ਤੇ ਲਗਾਈਆਂ ਜਾ ਰਹੀਆਂ ਗੈਰ-ਵਿਦਿਅਕ ਡਿਊਟੀਆਂ ਦੇ ਵਿਰੋਧ 'ਚ ਅਧਿਆਪਕ ਵਰਗ ਖੁੱਲ੍ਹ ਕੇ ਮੈਦਾਨ ਵਿੱਚ ਆ ਗਿਆ ਹੈ। ਸਮੂਹ ਅਧਿਆਪਕ ਜਥੇਬੰਦੀਆਂ ਨੇ ਦੋਸ਼ ਲਾਇਆ ਹੈ ਕਿ ਸਰਕਾਰ ਸਿੱਖਿਆ ਪ੍ਰਣਾਲੀ ਨੂੰ ਨਜ਼ਰਅੰਦਾਜ਼ ਕਰਕੇ ਅਧਿਆਪਕਾਂ ਨੂੰ ਆਪਣੇ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਮੰਤਵਾਂ ਦੀ ਪੂਰਤੀ ਲਈ ਵਰਤ ਰਹੀ ਹੈ, ਜਿਸ ਕਾਰਨ ਸਰਕਾਰੀ ਸਕੂਲਾਂ 'ਚ ਪੜ੍ਹਾਈ ਦਾ ਮਾਹੌਲ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਸ ਸਬੰਧੀ ਸ਼ੁੱਕਰਵਾਰ ਨੂੰ ਬੀ.ਡੀ.ਪੀ.ਓ. ਦਫ਼ਤਰ ਮਹਿਲ ਕਲਾਂ ਵਿਖੇ ਸਮੂਹ ਅਧਿਆਪਕ ਜਥੇਬੰਦੀਆਂ ਦੀ ਇੱਕ ਅਹਿਮ ਇਕੱਤਰਤਾ ਹੋਈ, ਜਿਸ ਨੂੰ ਸੰਬੋਧਨ ਕਰਦਿਆਂ ਅਧਿਆਪਕ ਆਗੂ ਨਿਰਮਲ ਸਿੰਘ ਚੁਹਾਨਕੇ, ਦਲਜਿੰਦਰ ਸਿੰਘ, ਜਗਦੀਪ ਸਿੰਘ ਭੱਦਲਵੱਡ ਤੇ ਬਲਜਿੰਦਰ ਪ੍ਰਭੂ ਨੇ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਇਸ ਸਰਵੇ ਲਈ ਸਵੈ-ਇੱਛੁਕ ਮੁਲਾਜ਼ਮਾਂ ਦੀ ਭਰਤੀ ਸਬੰਧੀ ਇਸ਼ਤਿਹਾਰ ਜਾਰੀ ਕਰ ਰਹੀ ਹੈ, ਜਦ ਕਿ ਦੂਜੇ ਪਾਸੇ ਸਿੱਖਿਆ ਵਿਭਾਗ ਰਾਹੀਂ ਅਧਿਆਪਕਾਂ ਦੀਆਂ ਜਬਰੀ ਡਿਊਟੀਆਂ ਲਗਾ ਕੇ ਉਨ੍ਹਾਂ ਨੂੰ ਸਰਵੇ ਕਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ।ਅਧਿਆਪਕ ਆਗੂਆਂ ਨੇ ਕਿਹਾ ਕਿ ਸੱਤਾ 'ਚ ਆਉਣ ਤੋਂ ਪਹਿਲਾਂ ਭਗਵੰਤ ਮਾਨ ਨੇ ਵਾਅਦਾ ਕੀਤਾ ਸੀ ਕਿ ਅਧਿਆਪਕਾਂ ਤੋਂ ਕੋਈ ਗੈਰ-ਵਿਦਿਅਕ ਡਿਊਟੀ ਨਹੀਂ ਲਈ ਜਾਵੇਗੀ ਅਤੇ ਉਨ੍ਹਾਂ ਨੂੰ ਸਿਰਫ਼ ਸਿੱਖਿਆ ਕਾਰਜਾਂ ਲਈ ਸਮਰਪਿਤ ਕੀਤਾ ਜਾਵੇਗਾ।ਪ੍ਰੰਤੂ ਹਕੀਕਤ ਇਸ ਤੋਂ ਬਿਲਕੁਲ ਉਲਟ ਹੈ।ਇਸ ਮੌਕੇ ਹਰਜਿੰਦਰ ਸਿੰਘ ਲਾਲੀ, ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ, ਪ੍ਰੇਮ ਸਿੰਘ ਆਦਿ ਅਧਿਆਪਕ ਆਗੂਆਂ ਨੇ ਸੰਘਰਸ਼ ਨੂੰ ਮਜ਼ਬੂਤ ਕਰਨ ਦਾ ਅਹਿਦ ਕੀਤਾ।

# ਪ੍ਰੈੱਸ ਕਲੱਬ ਕੋਟ ਈਸੇ ਖਾਂ ਦੀ ਮਹੀਨਾਵਾਰ ਮੀਟਿੰਗ 'ਚ ਲਏ ਅਹਿਮ ਫੈਸਲੇ



**ਕੋਟ ਈਸੇ ਖਾਂ (ਅਰੋੜਾ)**-ਪ੍ਰੈੱਸ ਕਲੱਬ ਕੋਟ ਈਸੇ ਖਾਂ ਦੀ ਮਹੀਨਾਵਾਰ ਮੀਟਿੰਗ ਸਿਟੀ ਚੋਇਸ ਰੈਸਟੋਰੈਂਟ, ਮੋਗਾ ਰੋਡ ਕੋਟ ਈਸੇ ਖਾਂ ਵਿਖੇ ਕਲੱਬ ਦੇ ਪ੍ਰਧਾਨ ਜਗਰਾਜ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ, ਜਿਸ ਕਲੱਬ ਦੇ ਬਹੁਤੇ ਮੈਂਬਰਾਂ ਨੇ ਸ਼ਿਰਕਤ ਕੀਤੀ, ਜਦਕਿ ਜੋ ਮੈਂਬਰ ਕਿਸੇ ਕਾਰਨ ਮੌਕੇ 'ਤੇ ਹਾਜ਼ਰ ਨਹੀਂ ਹੋ ਸਕੇ, ਉਨ੍ਹਾਂ ਆਨਲਾਈਨ ਵੀਡੀਓ ਕਾਲ ਰਾਹੀਂ ਆਪਣੀ ਹਾਜ਼ਰੀ ਦਰਜ ਕਰਵਾਈ।

ਮੀਟਿੰਗ ਦੌਰਾਨ ਸਰਬਸੰਮਤੀ ਨਾਲ ਇਹ ਅਹਿਮ ਫੈਸਲਾ ਲਿਆ ਗਿਆ ਕਿ ਕੋਟ ਈਸੇ ਖਾਂ ਖੇਤਰ ਦੀਆਂ ਸਰਕਾਰੀ, ਗੈਰ-ਸਰਕਾਰੀ, ਸਮਾਜਿਕ ਤੇ ਰਾਜਨੀਤਕ ਗਤੀਵਿਧੀਆਂ ਨਾਲ ਸਬੰਧਤ ਖ਼ਬਰਾਂ ਉਸ ਸਮੇਂ ਤੱਕ ਪ੍ਰਕਾਸ਼ਤ ਨਹੀਂ ਕੀਤੀਆਂ ਜਾਣਗੀਆਂ, ਜਦੋਂ ਤੱਕ ਉਨ੍ਹਾਂ ਬਾਰੇ ਪ੍ਰੈੱਸ ਕਲੱਬ ਨੂੰ ਅਗਾਊਂ ਜਾਣਕਾਰੀ ਨਹੀਂ ਦਿੱਤੀ ਜਾਂਦੀ।ਕਲੱਬ ਵੱਲੋਂ ਅਪੀਲ ਕੀਤੀ ਗਈ ਕਿ ਆਪਣੀਆਂ ਗਤੀਵਿਧੀਆਂ ਦੀ ਜਾਣਕਾਰੀ ਪ੍ਰੈੱਸ ਕਲੱਬ ਤੱਕ ਪਹੁੰਚਾਉਣ ਲਈ ਕਲੱਬ ਦੇ ਜਨਰਲ ਸਕੱਤਰ ਬਖਸ਼ੀਸ਼ ਕੁਮਾਰ (ਬਖਸ਼ੀ) ਨਾਲ ਮੋਬਾਈਲ ਨੰਬਰ 97800-01046 'ਤੇ ਸੰਪਰਕ ਕੀਤਾ ਜਾਵੇ, ਤਾਂ ਜੋ ਸੰਬੰਧਤ ਖ਼ਬਰਾਂ ਨੂੰ ਸਮੇਂ ਸਿਰ ਪ੍ਰਮੁੱਖਤਾ ਨਾਲ ਪ੍ਰਕਾਸ਼ਤ ਕੀਤਾ ਜਾ ਸਕੇ।

ਇਸ ਮੌਕੇ ਕਲੱਬ ਦੇ ਸਰਪ੍ਰਸਤ ਪੁਨੀਤ ਗਰੋਵਰ, ਚੇਅਰਮੈਨ ਖੇਤਪਾਲ ਸਿੰਘ, ਪ੍ਰਧਾਨ ਜਗਰਾਜ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਡਾ. ਕੁਲਵੰਤ ਸਿੰਘ ਸੰਧੂ ਤੇ ਜੋਗਿੰਦਰ ਪਾਲ ਮਾਲੜਾ, ਮੀਤ ਪ੍ਰਧਾਨ ਅਜੈ ਅਰੋੜਾ ਤੇ ਡਾ. ਰਾਜ ਦਵਿੰਦਰ ਸਿੰਘ ਗਿੱਲ, ਜਨਰਲ ਸਕੱਤਰ ਬਖਸ਼ੀਸ਼ ਕੁਮਾਰ (ਬਖਸ਼ੀ), ਸਕੱਤਰ ਡਾ. ਮਹਿੰਦਰ ਸਿੰਘ ਤੇ ਗੁਰਦੇਵ ਸਿੰਘ ਦੌਲੇਵਾਲ, ਖਜ਼ਾਨਚੀ ਤੇ ਪ੍ਰੈੱਸ ਸਕੱਤਰ ਮਨੀ ਅਰੋੜਾ, ਵਿਕਾਸ ਗਰੋਵਰ ਤੋਂ ਇਲਾਵਾ ਸਲਾਹਕਾਰ ਗੁਰਮੀਤ ਸਿੰਘ ਖਾਲਸਾ ਤੇ ਓਂਕਾਰ ਸਿੰਘ ਦੌਲੇਵਾਲ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਇਸਤਰੀ ਵਿੰਗ ਦੀ ਪ੍ਰਧਾਨ ਹਰਗੋਬਿੰਦ ਕੌਰ ਦਾ ਅੜੈਚਾਂ 'ਚ ਨਿੱਘਾ ਸਵਾਗਤ



**ਦੋਰਾਹਾ (ਹਰਮਿੰਦਰ ਸੇਠ)**-ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਦੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਵੱਲੋਂ ਹਲਕਾ ਪਾਇਲ ਦੇ ਇਤਿਹਾਸਕ ਨਗਰ ਘੁਡਾਣੀ ਕਲਾਂ ਵਿਖੇ ਬੀਬੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਨ ਉਪਰੰਤ ਇਸਤਰੀ ਵਿੰਗ ਦੀ ਸੀਨੀਅਰ ਆਗੂ ਬੀਬੀ ਜਸਪ੍ਰੀਤ ਕੌਰ ਧਾਲੀਵਾਲ ਦੇ ਗ੍ਰਹਿ ਅੜੈਚਾਂ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੀਤੀ ਗਈ।ਇਸ ਮੌਕੇ ਬੀਬੀ ਜਸਪ੍ਰੀਤ ਕੌਰ ਧਾਲੀਵਾਲ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਬੀਬੀ ਹਰਗੋਬਿੰਦ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ। ਘਰੇਲੂ ਮਾਹੌਲ ਵਿੱਚ ਹੋਈ ਇਸ ਵਿਸ਼ੇਸ਼ ਮੁਲਾਕਾਤ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ, ਇਸਤਰੀ ਵਿੰਗ ਨੂੰ ਹੋਰ ਮਜ਼ਬੂਤ ਕਰਨ ਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਹਲਕਾ ਇੰਚਾਰਜ ਮਨਜੀਤ ਸਿੰਘ ਮਦਨੀਪੁਰ, ਸੀਨੀਅਰ ਟਕਸਾਲੀ ਆਗੂ ਨਵਨੀਤ ਮਾਂਗਟ, ਬਲਕਾਰ ਮਾਂਗਟ, ਕਾਕੂ ਧਾਲੀਵਾਲ ਤੋਂ ਇਲਾਵਾ ਹੋਰ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

# ਸਫਾ 1 ਦੇ ਬਾਕੀ...

## 'ਕਾਕਰੋਚਾਂ' ਵੱਲੋਂ ਅੰਮ੍ਰਿਤਸਰ...

ਇਹ ਦੇਸ਼ ਵਿਆਪੀ ਅੰਦੋਲਨ ਹੁਣ ਸੜਕਾਂ 'ਤੇ ਉੱਤਰ ਆਇਆ ਹੈ। ਇਸ ਲਹਿਰ ਨੇ ਦੇਸ਼ ਦੀ ਸਿੱਖਿਆ ਪ੍ਰਣਾਲੀ ਅਤੇ ਸਰਕਾਰੀ ਪ੍ਰੀਖਿਆਵਾਂ ਦੇ ਪ੍ਰਬੰਧਨ ਨੂੰ ਲੈ ਕੇ ਨੌਜਵਾਨਾਂ ਨੂੰ ਲਾਮਬੰਦ ਕੀਤਾ ਹੈ, ਜਿਸ ਨਾਲ ਦੇਸ਼ ਭਰ ਵਿੱਚ ਪ੍ਰੀਖਿਆਵਾਂ ਦੇ ਸੁਧਾਰਾਂ ਨੂੰ ਲੈ ਕੇ ਇੱਕ ਵੱਡੀ ਬਹਿਸ ਛਿੜ ਗਈ ਹੈ। ਇਹ ਮੁਹਿੰਮ ਵਿਦਿਆਰਥੀਆਂ ਨਾਲ ਹੋ ਰਹੀ ਲਾਪਰਵਾਹੀ ਵਿਰੁੱਧ ਜਵਾਬਦੇਹੀ ਦੀ ਮੰਗ ਕਰ ਰਹੀ ਹੈ ਅਜਿਹੇ ਸਮੇਂ ਜਦੋਂ ਪੰਜਾਬ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਿੱਚ ਜੁਟ ਰਿਹਾ ਹੈ ਅਤੇ ਸਾਰੀਆਂ ਰਵਾਇਤੀ ਸਿਆਸੀ ਪਾਰਟੀਆਂ ਜ਼ਮੀਨੀ ਪੱਧਰ 'ਤੇ ਆਪਣਾ ਵੋਟ-ਬੈਂਕ ਮਜ਼ਬੂਤ ਕਰਨ ਲਈ ਸਰਗਰਮ ਹਨ, 'ਕਾਕਰੋਚ ਜਨਤਾ ਪਾਰਟੀ' ਦਾ ਇਹ ਪ੍ਰਦਰਸ਼ਨ ਪੰਜਾਬ ਦੇ ਸਿਆਸੀ ਤਾਪਮਾਨ ਨੂੰ ਹੋਰ ਵਧਾ ਸਕਦਾ ਹੈ।

# ਰਾਜਪਾਲ ਕਟਾਰੀਆ ਵੱਲੋਂ ਸਮਾਜ ਸੇਵੀ ਮੱਖਣ ਗਰਗ ਦਾ ਸਨਮਾਨ




**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਇਲਾਕੇ ਦੇ ਸਮਾਜ ਸੇਵੀ ਮੱਖਣ ਲਾਲ ਗਰਗ ਨੂੰ ਉਨ੍ਹਾਂ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਬਦਲੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਸਨਮਾਨਿਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਨੂੰ ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ-3090 ਵੱਲੋਂ ਪਟਿਆਲਾ ਵਿਖੇ ਕਰਵਾਏ ਗਏ ਇੱਕ ਸਮਾਗਮ 'ਚ ਦਿੱਤਾ ਗਿਆ।ਸਮਾਗਮ ਵਿੱਚ ਰਾਜਪਾਲ ਸ੍ਰੀ ਕਟਾਰੀਆ ਵੱਲੋਂ ਡਿਸਟ੍ਰਿਕਟ ਗਵਰਨਰ ਅਮਿਤ ਸਿੰਗਲਾ ਅਤੇ ਮਾਨਿਕ ਰਾਜ ਦੀ ਪ੍ਰਧਾਨਗੀ 'ਚ ਤਿਆਰ ਕੀਤੀ ਰੋਟਰੀ ਡਿਸਟ੍ਰਿਕਟ ਡਾਇਰੈਕਟਰੀ ਨੂੰ ਜਾਰੀ ਕੀਤਾ ਗਿਆ।ਸਮਾਗਮ 'ਚ ਰੋਟਰੀ ਕੌਂਸਲ ਗਵਰਨਰ ਦੇ ਮੈਂਬਰ ਘਨਸ਼ਿਆਮ ਕਾਂਸਲ, ਪ੍ਰੇਮ ਅਗਰਵਾਲ, ਅਮਜ਼ਦ ਅਲੀ, ਪ੍ਰਦੀਪ ਚਾਹਲ, ਰਾਜ ਪਾਸੀ, ਸ਼ਿਵ ਸ਼ੰਕਰ, ਸੰਜੇ ਠਕਰਾਲ, ਭਾਜਪਾ ਜਿਲ੍ਹਾ ਪ੍ਰਧਾਨ ਦਮਨ ਬਾਜਵਾ, ਸੇਵਾ ਮੁਕਤ ਡੀ ਆਈ ਜੀ ਮਨਦੀਪ ਸਿੰਘ ਸਿੱਧੂ ਆਦਿ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਬੰਦੀ ਨੂੰ ਮਜ਼ਬੂਤ ਕਰਨ ਦੀ ਮੁਹਿੰਮ ਤੇਜ਼ : ਸੰਮੇਵਾਲੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਨੇ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਧਿਆਨ 'ਚ ਰੱਖਦਿਆਂ ਜਥੇਬੰਦੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਦੀ ਮੁਹਿੰਮ ਤੇਜ਼ ਕਰ ਦਿੱਤੀ ਹੈ। ਇਹ ਜਾਣਕਾਰੀ ਸ਼੍ਰੋਮਣੀ ਅਕਾਲੀ ਦਲ ਹਲਕਾ ਮਹਿਲ ਕਲਾਂ ਦੇ ਨਵ-ਨਿਯੁਕਤ ਅਬਜ਼ਰਵਰ ਪ੍ਰੀਤਇੰਦਰਜੀਤ ਸਿੰਘ ਸੰਮੇਵਾਲੀ ਨੇ ਮਹਿਲ ਕਲਾਂ ਵਿਖੇ ਸਰਕਲ ਪ੍ਰਧਾਨਾਂ ਅਤੇ ਵੱਖ-ਵੱਖ ਵਿੰਗਾਂ ਦੇ ਆਗੂਆਂ ਨਾਲ ਗੱਲਬਾਤ ਕਰਨ ਉਪਰੰਤ ਦਿਤੀ। ਸੰਮੇਵਾਲੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਮਿਹਨਤੀ ਅਤੇ ਸਮਰਪਿਤ ਵਰਕਰਾਂ ਨੂੰ ਅੱਗੇ ਲਿਆਉਣ ਦੀ ਨੀਤੀ 'ਤੇ ਚੱਲਦਾ ਆਇਆ ਹੈ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਕਾਰਕੁਨਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਸੂਬੇ ਭਰ ਵਿੱਚ ਸੰਗਠਨ ਨੂੰ ਨਵੀਂ ਤਾਕਤ ਦੇਣ ਲਈ ਵੱਖ-ਵੱਖ ਵਿੰਗਾਂ ਦੇ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ ਅਤੇ ਉਹ ਆਪਣੇ ਉੱਤੇ ਰੱਖੇ ਗਏ ਵਿਸ਼ਵਾਸ਼ 'ਤੇ ਪੂਰੀ ਤਨਦੇਹੀ, ਇਮਾਨਦਾਰੀ ਅਤੇ ਨਿਸ਼ਠਾ ਨਾਲ ਖਰਾ ਉਤਰਨਗੇ।ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਅਤੇ ਵੱਖ-ਵੱਖ ਆਗੂਆਂ ਨੇ ਨਵ-ਨਿਯੁਕਤ ਅਬਜ਼ਰਵਰ ਸੰਮੇਵਾਲੀ ਨੂੰ ਵਿਸ਼ਵਾਸ ਦਿਵਾਇਆ ਕਿ ਹਲਕਾ ਮਹਿਲ ਕਲਾਂ ਅੰਦਰ ਬੂਥ ਪੱਧਰ 'ਤੇ ਇੰਚਾਰਜ ਲਗਾਉਣ ਦਾ ਕੰਮ ਛੇਤੀ ਪੂਰਾ ਕਰ ਲਿਆ ਜਾਵੇਗਾ।ਪਾਰਟੀ ਦੇ ਪ੍ਰਮੁੱਖ ਬੁਲਾਰੇ ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਜਥੇਦਾਰ ਬਚਿੱਤਰ ਸਿੰਘ ਧਾਲੀਵਾਲ, ਜਗਦੇਵ ਸਿੰਘ ਬਦੇਸ਼ਾ, ਸੁਖਮੰਦਰ ਸਿੰਘ ਛੀਨੀਵਾਲ ਕਲਾਂ, ਗੁਰਦੀਪ ਸਿੰਘ ਟਿਵਾਣਾ, ਜੀਵਨ ਸਿੰਘ ਕੁਰੜ, ਹਰਪਾਲ ਸਿੰਘ ਪੰਡੋਰੀ, ਕੁਲਵੰਤ ਸਿੰਘ ਜਗਦੇ ਆਦਿ ਆਗੂਆਂ ਨੇ ਕਿਹਾ ਕਿ ਪਿੰਡ ਪੱਧਰ 'ਤੇ ਵਰਕਰਾਂ ਦੀ ਮੁੜ ਸਰਗਰਮੀ ਅਤੇ ਜਥੇਬੰਦਕ ਢਾਂਚੇ ਦੀ ਮਜ਼ਬੂਤੀ ਨਾਲ ਸ਼੍ਰੋਮਣੀ ਅਕਾਲੀ ਦਲ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਸਿਆਸਤ ਵਿੱਚ ਇੱਕ ਮਜ਼ਬੂਤ ਸ਼ਕਤੀ ਵਜੋਂ ਉਭਰੇਗਾ।

# ਤਰਕਸ਼ੀਲ ਸੁਸਾਇਟੀ ਵੱਲੋਂ ਬਾਲ ਸਿਰਜਣਾਤਮਕ ਕੈਂਪ




**ਲੁਧਿਆਣਾ (ਸਤੀਸ਼ ਸਚਦੇਵਾ)**-ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਲਗਾਏ ਬਾਲ ਸਿਰਜਣਾਤਮਕ ਬਾਲ ਕੈਂਪ ਦੌਰਾਨ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਉਨ੍ਹਾਂ ਅੰਦਰ ਛੁਪੀ ਕਲਾ ਨੂੰ ਵਿਕਸਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ।ਇਸ ਕੈਂਪ ਦੌਰਾਨ ਅੱਜ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਉਨ੍ਹਾਂ ਨੂੰ ਹਰ ਘਟਨਾ ਦੇ ਵਾਪਰਨ ਪਿੱਛੇ ਛੁਪੇ ਕਾਰਨ ਨੂੰ ਸਮਝਣ ਲਈ ਤਰਕ ਦੇ ਹਵਾਲੇ ਦੇ ਕੇ ਪੜਤਾਲ ਕਰਨ ਦੀ ਜਾਂਚ ਸਿਖਾਈ।ਕੁੱਝ ਜਾਦੂ ਕਹੇ ਜਾਣ ਦੇ ਟ੍ਰਿਕਾਂ ਰਾਹੀਂ ਇਨ੍ਹਾਂ ਪਿੱਛੇ ਛੁਪੇ ਵਿਗਿਆਨ ਨੂੰ ਸਪੱਸ਼ਟ ਕਰਕੇ ਕਰਾਮਾਤਾਂ ਕਹੇ ਜਾਣ ਵਾਲੇ ਢੌਂਗ ਨੂੰ ਨੰਗਾ ਕੀਤਾ।ਤਰਕਸ਼ੀਲ ਆਗੂਆਂ ਜਸਵੰਤ ਜ਼ੀਰਖ, ਸ਼ਮਸ਼ੇਰ ਨੂਰਪੁਰੀ, ਸਤੀਸ਼ ਸੱਚਦੇਵਾ ਵੱਲੋਂ ਇਸ ਕੈਂਪ ਵਿੱਚ ਹਾਜ਼ਰ ਹੋ ਕੇ ਵੱਖ ਵੱਖ ਕਰਾਮਾਤੀ ਟ੍ਰਿੱਕ ਵਿਖਾ ਕੇ ਬਹੁਤ ਸੌਖੇ ਢੰਗ ਨਾਲ ਵਿਗਿਆਨਕ ਨਜ਼ਰੀਆ ਵਿਕਸਤ ਕਰਨ ਲਈ ਪ੍ਰੇਰਿਤ ਕੀਤਾ।ਤਰਕਸ਼ੀਲ ਆਗੂਆਂ ਵੱਲੋਂ ਬੱਚਿਆਂ ਨਾਲ ਕਈ ਸਵਾਲ ਜਵਾਬ ਵੀ ਕੀਤੇ ਗਏ। ਨੌਜਵਾਨਾਂ ਰਾਕੇਸ਼ ਆਜ਼ਾਦ, ਪ੍ਰਤਾਪ ਸਿੰਘ, ਅਰੁਣ ਕੁਮਾਰ, ਮਿਨਾਖਸ਼ੀ ਉਰਫ ਮੀਨੂ ਨੇ ਇਸ ਮੌਕੇ ਪ੍ਰਬੰਧਾਂ ਵਿੱਚ ਅਹਿਮ ਜ਼ੁੰਮੇਵਾਰੀ ਨਿਭਾਈ।

# ਆਮ ਆਦਮੀ ਕਲੀਨਿਕ ਵਿਖੇ ਮਨਾਇਆ ਵਾਤਾਵਰਣ ਦਿਵਸ




**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੇ ਦਿਨੀਂ ਸੀਨੀਅਰ ਮੈਡੀਕਲ ਅਫ਼ਸਰ ਸਰਦੂਲਗੜ੍ਹ ਡਾ. ਵੇਦ ਪ੍ਰਕਾਸ਼ ਦੇ ਦਿਸ਼ਾ ਨਿਰਦੇਸ਼ ਤਹਿਤ ਆਮ ਆਦਮੀ ਕਲੀਨਿਕ ਜਟਾਣਾ ਕਲਾਂ ਵਿਖੇ ਡਾ. ਮਨਜਿੰਦਰ ਕੌਰ ਮੈਡੀਕਲ ਅਫ਼ਸਰ ਦੀ ਅਗਵਾਈ 'ਚ ਵਾਤਾਵਰਣ ਦੀ ਸੰਭਾਲ ਸਬੰਧੀ ਤੇ ਦਰੱਖਤਾਂ ਦੀ ਮਹੱਤਤਾ ਦਾ ਮਨੁੱਖੀ ਜ਼ਿੰਦਗੀ 'ਚ ਯੋਗਦਾਨ ਅਤੇ ਮਹੱਤਤਾ ਸਬੰਧੀ ਆਮ ਲੋਕਾਂ ਤੇ ਹਾਜ਼ਰ ਮਰੀਜ਼ਾਂ ਨੂੰ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ।ਇਸ ਸਮੇਂ ਫਰਮਾਸਿਸਟ ਤਲਜਿੰਦਰ ਸਿੰਘ ਨੇ ਕਲੀਨਿਕ 'ਚ ਛਾਂਦਾਰ ਦਰੱਖ਼ਤ ਲਗਾ ਕੇ ਇਹ ਪ੍ਰੇਰਨਾ ਵੀ ਦਿੱਤੀ ਗਈ ਕਿ ਜਿੱਥੇ ਦਰੱਖਤ ਲਗਾਉਣੇ ਜ਼ਰੂਰੀ ਹਨ, ਉੱਥੇ ਉਨ੍ਹਾਂ ਦੀ ਸਾਂਭ ਸੰਭਾਲ ਕਰਨਾ ਉਸ ਤੋਂ ਵੀ ਅਤਿ ਜ਼ਰੂਰੀ ਹੈ ਤਾਂ ਕਿ ਅਸੀਂ ਵਾਤਾਵਰਣ ਨੂੰ ਬਚਾਉਣ 'ਚ ਆਪਣਾ ਬਣਦਾ ਯੋਗਦਾਨ ਪਾ ਸਕੀਏ।ਇਸ ਸਮੇਂ ਵੱਖ ਵੱਖ ਤਰ੍ਹਾਂ ਦੇ ਬੂਟੇ ਲਗਾ ਕੇ ਕਲੀਨਿਕ ਨੂੰ ਸੁੰਦਰ ਬਣਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਸਮੇਂ ਸੀ ਏ ਅਮਨਦੀਪ ਕੌਰ ਤੇ ਅਮਨਦੀਪ ਕੌਰ ਹੈਲਪਰ ਵੀ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਭੀਖੀ ਦੀ ਮੀਟਿੰਗ



**ਭੀਖੀ (ਧਰਮਵੀਰ ਸ਼ਰਮਾ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਭੀਖੀ ਦੀ ਮਹੀਨਾਵਾਰ ਮੀਟਿੰਗ ਸਥਾਨਕ ਸਤੀ ਮਾਤਾ ਮੰਦਰ ਵਿਖੇ ਜ਼ਿਲ੍ਹਾ ਪ੍ਰਧਾਨ ਸਤਪਾਲ ਰਿਸ਼ੀ ਦੀ ਰਹਿਨੁਮਾਈ ਹੇਠ ਹੋਈ, ਜਿਸ ਵਿੱਚ ਡਾਕਟਰ ਸਾਥੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਜਲਦ ਤੋਂ ਜਲਦ ਮੰਨੀਆਂ ਜਾਣ।ਇਸ ਮੌਕੇ ਪ੍ਰੈਕਟੀਸ਼ਨਰਾਂ ਵੱਲੋਂ ਵਧ ਰਹੀਆਂ ਸਮਾਜਿਕ ਬੁਰਾਈਆਂ ਸਬੰਧੀ ਚਿੰਤਾ ਪ੍ਰਗਟ ਕੀਤੀ ਗਈ ਤੇ ਪ੍ਰੈਕਟੀਸ਼ਨਰਾਂ ਨੂੰ ਵੱਧ ਤੋਂ ਵੱਧ ਸਮਾਜ ਸੇਵਾ ਕਰਨ ਤੇ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਪ੍ਰੇਰਿਤ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ ਨੇ ਸੰਬੋਧਨ ਕਰਦਿਆਂ ਦੇਸ਼ ਵਿੱਚ ਵਧ ਰਹੀ ਮਹਿੰਗਾਈ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਇਹ ਮਹਿੰਗਾਈ ਸਿਰਫ ਕੇਂਦਰ ਸਰਕਾਰ ਦੀ ਦੇਣ ਹੈ।ਇਸ ਮੌਕੇ ਪ੍ਰੈਕਟੀਸ਼ਨਰਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਨ੍ਹਾਂ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਸਾਰੇ ਸਾਥੀਆਂ ਨੂੰ ਸੰਘਰਸ਼ ਲਈ ਤਿਆਰ ਰਹਿਣ ਦੀ ਅਪੀਲ ਕੀਤੀ।ਇਸ ਮੌਕੇ ਸਕੱਤਰ ਡਾ. ਪਾਲ ਸਿੰਘ, ਪ੍ਰੈੱਸ ਸਕੱਤਰ ਜਸਵੰਤ ਸਿੰਘ, ਗੋਰਾ ਲਾਲ, ਜਗਸੀਰ ਮਾਖਾ, ਬਿੰਦਰ ਢੈਪਈ, ਡਾ. ਗੁਲਾਬ, ਗੁਰਮੀਤ ਬੀਰੋਕੇ, ਬਿੰਦਰ ਮੱਤੀ, ਦਰਸ਼ਨ ਧਲੇਵਾਂ, ਰਾਮ ਲਾਲ ਹਾਜ਼ਰ ਸਨ।

# ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਵਿਖੇ ਸਵਿਮਿੰਗ ਪੂਲ ਦਾ ਨਿਰਮਾਣ ਕਾਰਜ ਆਰੰਭ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਤੇ ਖੇਡ ਸਹੂਲਤਾਂ ਦੇ ਵਿਸਤਾਰ ਲਈ ਸਵਿਮਿੰਗ ਪੂਲ ਦੇ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਭੂਮੀ ਪੂਜਨ ਨਾਲ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼, ਮੈਨੇਜਰ ਗੁਰਪ੍ਰੀਤ ਸਿੰਘ, ਪ੍ਰਿੰਸੀਪਲ ਸੰਜੀਵ ਕੁਮਾਰ, ਉਪ-ਪ੍ਰਿੰਸੀਪਲ ਵਿਕਰਮਜੀਤ ਸਿੰਘ, ਯੋਗ ਪ੍ਰਮੁੱਖ ਵਿਪਿਨ ਕੁਮਾਰ, ਕੋਆਰਡੀਨੇਟਰ ਅਨਮੋਲ ਕੌਸ਼ਲ, ਨਿਰਮਲਜੀਤ ਕੌਰ, ਅਧਿਆਪਕਾਂ ਤੇ ਹੋਰ ਪਤਵੰਤੇ ਸੱਜਣਾਂ ਨੇ ਨਿਰਮਾਣ ਕਾਰਜ ਦੇ ਸਫਲ ਤੇ ਜਲਦ ਪੂਰਾ ਹੋਣ ਦੀ ਕਾਮਨਾ ਕਰਦੇ ਹੋਏ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਸੰਜੀਵ ਕੁਮਾਰ ਨੇ ਦੱਸਿਆ ਕਿ ਇਹ ਸਵਿਮਿੰਗ ਪੂਲ ਵਿਸ਼ੇਸ਼ ਤੌਰ 'ਤੇ ਸ਼ਿਸ਼ੂ ਵਾਟਿਕਾ ਦੇ ਨੰਨ੍ਹੇ ਵਿਦਿਆਰਥੀਆਂ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਜਾ ਰਿਹਾ ਹੈ।ਸਕੂਲ ਦਾ ਉਦੇਸ਼ ਖੇਡ-ਖੇਡ ਵਿੱਚ ਸਿੱਖਣ ਦੇ ਮਾਹੌਲ ਨੂੰ ਹੋਰ ਸਮ੍ਰਿੱਧ ਬਣਾਉਣਾ ਹੈ, ਤਾਂ ਜੋ ਬੱਚਿਆਂ ਦਾ ਸਰਬ ਪੱਖੀ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਸਾਰੇ ਹਾਜ਼ਰ ਸੱਜਣਾਂ ਨੇ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ ਅਤੇ ਸਕੂਲ ਦੀ ਤਰੱਕੀ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਮੰਗਲ ਕਾਮਨਾਵਾਂ ਕੀਤੀਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਰਾਮ ਮੰਦਰ ਦਾ ਚੜ੍ਹਾਵਾ ਵਿਵਾਦ

ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਵੱਲੋਂ ਅਯੁੱਧਿਆ ਦੇ ਰਾਮ ਮੰਦਰ 'ਚ ਚੜ੍ਹਾਵੇ ਦੇ ਕਰੋੜਾਂ ਰੁਪਏ ਗਾਇਬ ਹੋਣ ਦੇ ਮਾਮਲੇ ਦਾ ਅਦਾਲਤਾਂ ਵੱਲੋਂ ਖੁਦ ਨੋਟਿਸ ਲੈਣ ਦੀ ਮੰਗ ਕਰਦਾ ਬਿਆਨ ਦੇਣ ਤੋਂ ਬਾਅਦ ਭਗਵਾਂ ਕੈਂਪ ਵਿੱਚ ਬੇਚੈਨੀ ਵਧਾ ਦਿੱਤੀ ਹੈ। ਮੰਦਰ ਦਾ ਪ੍ਰਬੰਧ ਕਰਨ ਵਾਲੇ ਟਰੱਸਟ ਨੇ ਜਿਸ ਅਪਾਰਦਰਸ਼ੀ ਤਰੀਕੇ ਨਾਲ ਇਸ ਮਾਮਲੇ ਨੂੰ ਸੰਭਾਲਿਆ ਹੈ, ਉਸ ਨੇ ਅਟਕਲਾਂ ਅਤੇ ਸ਼ੱਕ ਨੂੰ ਹੋਰ ਹਵਾ ਦੇ ਦਿੱਤੀ ਹੈ।

ਅਖਿਲੇਸ਼ ਦੇ ਬਿਆਨ ਦੇ ਜਵਾਬ ਵਿੱਚ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਜਨਰਲ ਸਕੱਤਰ ਤੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਸੀਨੀਅਰ ਆਗੂ ਚੰਪਤ ਰਾਏ ਨੇ ਸਪੱਸ਼ਟੀਕਰਨ 'ਚ ਕਿਹਾ ਕਿ ਟਰੱਸਟ ਸਮੇਂ-ਸਮੇਂ 'ਤੇ ਆਪਣੇ ਕੰਮ ਦਾ ਅੰਦਰੂਨੀ ਤੌਰ 'ਤੇ ਆਡਿਟ ਕਰਵਾਉਂਦਾ ਹੈ ਅਤੇ ਹੁਣ ਤੱਕ ਕੁਝ ਵੀ ਮਹੱਤਵਪੂਰਨ ਗੜਬੜ ਸਾਹਮਣੇ ਨਹੀਂ ਆਈ, ਪਰ ਚੰਪਤ ਰਾਏ ਦੇ ਸਪੱਸ਼ਟੀਕਰਨ 'ਤੇ ਭਗਵਾਂ ਪਾਰਟੀ ਨਾਲ ਜੁੜੇ ਲੋਕਾਂ ਨੂੰ ਵੀ ਯਕੀਨ ਨਹੀਂ ਹੋ ਰਿਹਾ।

ਅਯੁੱਧਿਆ ਵਿੱਚ ਦੰਦਾਂ ਦੇ ਡਾਕਟਰ ਤੇ ਭਾਜਪਾ ਨੇਤਾ ਰਜਨੀਸ਼ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਮਾਮਲੇ ਦੀ ਜਾਂਚ ਸੀ ਬੀ ਆਈ ਜਾਂ ਈ ਡੀ ਵਰਗੀ ਏਜੰਸੀ ਤੋਂ ਕਰਵਾਈ ਜਾਵੇ। ਉਸ ਨੇ ਟਰੱਸਟ ਦੇ ਬੈਂਕ ਖਾਤੇ ਵਿੱਚ ਦਾਨ ਇਕੱਠਾ ਕਰਨ, ਗਿਣਨ, ਲਿਜਾਣ ਅਤੇ ਜਮ੍ਹਾਂ ਕਰਨ ਦੀ ਪੂਰੀ ਪ੍ਰਕਿਰਿਆ ਦਾ ਵਿਸ਼ੇਸ਼ ਆਡਿਟ ਕਰਾਉਣ ਦੀ ਵੀ ਮੰਗ ਕੀਤੀ ਹੈ। ਜਾਂਚ ਰਿਪੋਰਟ ਨੂੰ ਜਨਤਕ ਕੀਤਾ ਜਾਵੇ ਤਾਂ ਜੋ ਰਾਮ ਦੇ ਭਗਤਾਂ ਦਾ ਵਿਸ਼ਵਾਸ ਬਹਾਲ ਕੀਤਾ ਜਾ ਸਕੇ। ਸ਼ੁਰੂ ਵਿੱਚ ਉਸ ਨੂੰ ਦੋਸ਼ਾਂ ਬਾਰੇ ਯਕੀਨੀ ਨਹੀਂ ਸੀ, ਪਰ ਟਰੱਸਟ ਦੇ ਪ੍ਰਧਾਨ ਮਹੰਤ ਨ੍ਰਿਤਿਆ ਗੋਪਾਲ ਦਾਸ ਦੇ ਉੱਤਰਾਧਿਕਾਰੀ ਕਮਲ ਨਯਨ ਦਾਸ ਦੇ ਜਨਤਕ ਬਿਆਨ ਤੋਂ ਬਾਅਦ ਮਾਮਲਾ ਗੜਬੜ ਲੱਗਿਆ। ਕਮਲ ਨਯਨ ਦਾਸ ਨੇ ਮੀਡੀਆ ਨਾਲ ਗੱਲਬਾਤ ਵਿੱਚ ਕਿਹਾ ਸੀ ਕਿ ਉਹ ਖੁਦ ਇਸ ਮਾਮਲੇ ਦੀ ਜਾਂਚ ਦੇ ਹੱਕ ਵਿੱਚ ਹਨ। ਉਨ੍ਹਾ ਜਾਂਚ ਕਰ ਰਹੇ ਟਰੱਸਟ ਦੇ ਮੈਂਬਰਾਂ 'ਤੇ ਵੀ ਸਵਾਲ ਉਠਾਏ ਸਨ। ਉਨ੍ਹਾ ਕਿਹਾ ਸੀ, "ਜਦੋਂ ਜਾਂਚ ਕਰਨ ਵਾਲੇ ਲੋਕ ਬੇਈਮਾਨ ਹੋਣ ਤਾਂ ਜਾਂਚ ਸਹੀ ਕਿਵੇਂ ਹੋਵੇਗੀ? ਉਹ ਸਾਰੇ ਬੇਈਮਾਨ ਹਨ। ਕੁਝ ਲੋਕ, ਜੋ ਪਹਿਲਾਂ ਸਿਰਫ ਰਿਕਸ਼ੇ ਜਾਂ ਸਾਈਕਲ 'ਤੇ ਯਾਤਰਾ ਕਰਦੇ ਸਨ, ਹੁਣ ਵੱਡੀਆਂ ਕਾਰਾਂ ਅਤੇ ਵੱਡੇ ਘਰਾਂ ਦੇ ਮਾਲਕ ਬਣ ਚੁੱਕੇ ਹਨ।"

ਇਲਾਹਾਬਾਦ ਹਾਈ ਕੋਰਟ ਦੇ ਵਕੀਲ, ਆਰ ਐੱਸ ਐੱਸ ਮੈਂਬਰ ਤੇ ਭਾਜਪਾ ਨੇਤਾ ਮੁਰਲੀਧਰ ਸਿੰਘ ਨੇ ਵੀ ਮੰਗ ਕੀਤੀ ਹੈ ਕਿ ਆਡਿਟ ਭਾਰਤ ਦੇ ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਤੋਂ ਕਰਵਾਇਆ ਜਾਣਾ ਚਾਹੀਦਾ ਹੈ। ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਨੇ ਦੋਸ਼ ਲਾਇਆ ਹੈ ਕਿ ਦਾਨ ਦੀ ਰਕਮ ਗੁੰਮ ਹੋਣਾ ਮੰਦਰ ਵਿੱਚ ਬੇਨੇਮੀਆਂ ਦੀ ਲੰਬੀ ਸੂਚੀ ਵਿੱਚ ਇੱਕ ਹੋਰ ਮਾਮਲਾ ਹੈ, ਜੋ ਕਿ ਨੀਂਹ ਪੱਥਰ ਰੱਖਣ ਤੋਂ ਬਾਅਦ ਤੋਂ ਚੱਲ ਰਹੀਆਂ ਹਨ। ਉਨ੍ਹਾ ਕਿਹਾ, "ਇਸ ਲਈ ਚੰਪਤ ਰਾਏ ਜ਼ਿੰਮੇਵਾਰ ਹੈ। ਕੀ ਤੁਹਾਨੂੰ 'ਚੰਪਤ' ਦਾ ਅਰਥ ਪਤਾ ਹੈ? ਇਹ ਸ਼ਬਦ 'ਚੰਪ' ਮੂਲ ਤੋਂ ਲਿਆ ਗਿਆ ਹੈ; ਸੰਸਕ੍ਰਿਤ ਵਿੱਚ, 'ਚੰਪਤ' ਦਾ ਅਰਥ ਹੈ ਕਿਸੇ ਚੀਜ਼ ਨਾਲ ਭੱਜਣਾ। 'ਚੰਪਤ ਹੋ ਜਾਣ' ਦਾ ਅਰਥ ਹੈ ਕਿਸੇ ਚੀਜ਼ ਨਾਲ ਭੱਜ ਜਾਣਾ। ਦੂਜੇ ਸ਼ਬਦਾਂ ਵਿੱਚ, ਜਦੋਂ ਚੰਪਤ ਰਾਏ ਨਾਂਅ ਦੇ ਆਦਮੀ ਨੂੰ ਉੱਥੇ ਰੱਖਿਆ ਜਾਂਦਾ ਹੈ, ਤਾਂ ਤੁਹਾਨੂੰ ਚੰਗੀ ਤਰ੍ਹਾਂ ਸਮਝਣਾ ਚਾਹੀਦਾ ਹੈ ਕਿ ਕੀ ਹੋਣ ਵਾਲਾ ਹੈ।"

ਸ੍ਰੀ ਰਾਮ ਮੰਦਰ ਲੱਖਾਂ ਹਿੰਦੂਆਂ ਲਈ ਆਸਥਾ, ਸ਼ਰਧਾ ਅਤੇ ਵਿਸ਼ਵਾਸ ਦਾ ਕੇਂਦਰ ਹੈ। ਭਾਰਤ ਤੇ ਵਿਦੇਸ਼ਾਂ ਤੋਂ ਸ਼ਰਧਾਲੂ ਆਪਣੀ ਆਸਥਾ ਅਨੁਸਾਰ ਦਾਨ ਕਰਦੇ ਹਨ। ਜੇ ਦੁਰਵਰਤੋਂ, ਗਬਨ ਜਾਂ ਵਿੱਤੀ ਬੇਨੇਮੀਆਂ ਦੇ ਦੋਸ਼ ਸੱਚ ਸਾਬਤ ਹੁੰਦੇ ਹਨ, ਤਾਂ ਇਹ ਨਾ ਸਿਰਫ ਇੱਕ ਆਰਥਿਕ ਅਪਰਾਧ ਹੋਵੇਗਾ, ਸਗੋਂ ਲੱਖਾਂ ਰਾਮ ਭਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਡੂੰਘੀ ਠੇਸ ਪਹੁੰਚਾਏਗਾ। ਦੇਖਣ ਵਾਲੀ ਗੱਲ ਹੋਵੇਗੀ ਕਿ ਪ੍ਰਧਾਨ ਮੰਤਰੀ ਮਾਮਲੇ ਦੀ ਨਿਰਪੱਖ ਜਾਂਚ ਕਰਾਉਣਗੇ ਜਾਂ ਮੰਦਰ ਦੇ ਟਰੱਸਟ ਨੂੰ ਬਦਨਾਮ ਕਰਨ ਦੀ ਗੱਲ ਕਹਿ ਕੇ ਮਾਮਲਾ ਰਫਾ-ਦਫਾ ਕਰ ਦੇਣਗੇ।

# ਕੀ ਭਾਰਤ ਨੂੰ ਇੱਕ ਹੋਰ 'ਆਜ਼ਾਦੀ ਅੰਦੋਲਨ' ਦੀ ਲੋੜ ਹੈ



ਗੁਰਮੀਤ ਸਿੰਘ ਪਲਾਹੀ

ਅਜੋਕੇ ਦੌਰ ਵਿੱਚ ਭਾਰਤ ਦਾ ਆਮ ਨਾਗਰਿਕ ਇੱਕ ਅਜਿਹੇ ਦੌਰ ਵਿੱਚੋਂ ਲੰਘ ਰਿਹਾ ਹੈ, ਜਿੱਥੇ ਉਸ ਦੀ ਆਰਥਿਕ ਆਜ਼ਾਦੀ ਅਤੇ ਰੋਜ਼ਾਨਾ ਦੀ ਹੋਂਦ ਸਭ ਤੋਂ ਵੱਡੇ ਸੰਕਟ ਵਿੱਚ ਹੈ।

ਦੇਸ਼ ਵਿੱਚ ਪਿਛਲੇ ਕੁਝ ਦਿਨਾਂ ਤੋਂ ਮਹਿੰਗਾਈ ਆਮ ਲੋਕਾਂ ਲਈ ਇੱਕ ਨਾ-ਸਹਿਣਯੋਗ ਕਹਿਰ ਬਣ ਕੇ ਟੁੱਟ ਰਹੀ ਹੈ। ਜੇਕਰ ਮਹਿਜ਼ ਪਿਛਲੇ 30 ਦਿਨਾਂ ਦੇ ਅੰਕੜਿਆਂ 'ਤੇ ਨਜ਼ਰ ਮਾਰੀਏ, ਤਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਭਗ 7.50 ਰੁਪਏ ਪ੍ਰਤੀ ਲੀਟਰ ਦਾ ਭਾਰੀ ਅਤੇ ਬੇਰਹਿਮ ਵਾਧਾ ਕੀਤਾ ਜਾ ਚੁੱਕਾ ਹੈ। ਇਹ ਵਾਧਾ ਸਿਰਫ਼ ਤੇਲ ਦੀਆਂ ਕੀਮਤਾਂ ਤੱਕ ਸੀਮਤ ਨਹੀਂ, ਬਲਕਿ ਇਸ ਦਾ ਸਿੱਧਾ ਅਤੇ ਘਾਤਕ ਅਸਰ ਦੇਸ਼ ਦੇ ਕਰੋੜਾਂ ਪਰਵਾਰਾਂ ਦੀ ਰਸੋਈ ਅਤੇ ਬਜਟ 'ਤੇ ਪਿਆ ਹੈ।

ਇਸ ਅਚਾਨਕ ਹੋਏ ਵਾਧੇ ਨੇ ਇੱਕ ਸਧਾਰਨ ਮੱਧਵਰਗੀ ਜਾਂ ਹੇਠਲੇ ਮੱਧਵਰਗੀ ਪਰਵਾਰ ਦਾ ਮਹੀਨਾਵਾਰ ਬਜਟ 2000 ਰੁਪਏ ਤੋਂ ਲੈ ਕੇ 3000 ਰੁਪਏ ਤੱਕ ਵਧਾ ਦਿੱਤਾ ਹੈ। ਜਦੋਂ ਦੇਸ਼ ਵਿੱਚ ਤੇਲ ਦੀਆਂ ਕੀਮਤਾਂ ਵਧਦੀਆਂ ਹਨ, ਤਾਂ ਕਾਰ, ਸਕੂਟਰ, ਟਰੈਕਟਰ ਅਤੇ ਪਬਲਿਕ ਟ੍ਰਾਂਸਪੋਰਟ ਦੇ ਖਰਚੇ ਵਧਣੇ ਲਾਜ਼ਮੀ ਹਨ। ਇਸ ਟ੍ਰਾਂਸਪੋਰਟੇਸ਼ਨ ਖਰਚੇ (ਭਾੜੇ) ਦੇ ਵਾਧੇ ਦਾ ਸਿੱਧਾ ਅਸਰ ਬਾਜ਼ਾਰ ਵਿੱਚ ਮਿਲਣ ਵਾਲੀਆਂ ਸਬਜ਼ੀਆਂ, ਫਲਾਂ, ਦੁੱਧ ਅਤੇ ਰੋਜ਼ਾਨਾ ਦੇ ਕਰਿਆਨੇ ਦੇ ਭਾਅ 'ਤੇ ਪੈਂਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਆਮ ਆਦਮੀ ਦੀ ਕਮਾਈ ਦਾ ਇੱਕ ਬਹੁਤ ਵੱਡਾ ਹਿੱਸਾ ਸਿਰਫ਼ ਜ਼ਿੰਦਾ ਰਹਿਣ ਲਈ ਲੋੜੀਂਦੀਆਂ ਵਸਤੂਆਂ ਖਰੀਦਣ ਵਿੱਚ ਹੀ ਖ਼ਤਮ ਹੋ ਜਾਂਦਾ ਹੈ। ਇਹ ਵਧ ਰਹੀ ਮਹਿੰਗਾਈ ਦੇਸ਼ ਦੇ ਆਮ ਨਾਗਰਿਕਾਂ ਦੀ ਜੇਬ 'ਤੇ ਇੱਕ ਅਜਿਹਾ ਚੁੱਪ-ਚਾਪ ਡਾਕਾ ਹੈ, ਜਿਸ ਦੀ ਗੂੰਜ ਭਾਵੇਂ ਸੜਕਾਂ 'ਤੇ ਸੁਣਾਈ ਨਾ ਦੇਵੇ, ਪਰ ਇਸ ਦਾ ਦਰਦ ਹਰ ਘਰ ਵਿੱਚ ਮਹਿਸੂਸ ਕੀਤਾ ਜਾ ਰਿਹਾ ਹੈ। ਲੋਕ ਇਸ ਨੂੰ ਆਪਣੀ ਕਿਸਮਤ ਮੰਨ ਕੇ, ਇੱਕ ਸਾੜ੍ਹਸਤੀ ਵਾਂਗ ਚੁੱਪਚਾਪ ਸਹਿਣ ਕਰਨ ਲਈ ਮਜਬੂਰ ਹੋ ਗਏ ਹਨ।

ਜੇਕਰ ਅਸੀਂ ਭਾਰਤ ਦੇ ਰਾਜਨੀਤਕ ਅਤੀਤ ਵੱਲ ਝਾਤ ਮਾਰੀਏ, ਤਾਂ ਜਨਤਾ ਦੇ ਹੱਕਾਂ ਲਈ ਲੜਨ ਅਤੇ ਸਰਕਾਰਾਂ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਦਾ ਇੱਕ ਸ਼ਾਨਦਾਰ ਇਤਿਹਾਸ ਮਿਲਦਾ ਹੈ। ਇੱਕ ਦੌਰ ਉਹ ਸੀ, ਜਦੋਂ ਦੇਸ਼ ਵਿੱਚ ਡਬਲਰੋਟੀ ਜਾਂ ਕਿਸੇ ਆਮ ਵਸਤੂ ਦੀ ਕੀਮਤ ਵਿੱਚ ਮਹਿਜ਼ ਇੱਕ ਪੈਸੇ ਦਾ ਵਾਧਾ ਹੋਣ 'ਤੇ ਵੀ ਦੇਸ਼ ਦੀਆਂ ਕਮਿਊਨਿਸਟ ਅਤੇ ਖੱਬੀਆਂ ਪਾਰਟੀਆਂ ਸੜਕਾਂ 'ਤੇ ਉਤਰ ਆਉਂਦੀਆਂ ਸਨ। ਪੂਰੇ ਦੇਸ਼ ਵਿੱਚ ਤੁਰੰਤ ਦੇਸ਼ ਵਿਆਪੀ ਅੰਦੋਲਨ ਛੇੜ ਦਿੱਤੇ ਜਾਂਦੇ ਸਨ, ਜਿਸ ਨਾਲ ਹਾਕਮ ਧਿਰ ਨੂੰ ਆਪਣੇ ਫੈਸਲੇ ਬਦਲਣੇ ਪੈਂਦੇ ਸਨ। ਸਿਆਸਤ ਵਿੱਚ ਜਨਤਾ ਪ੍ਰਤੀ ਇੱਕ ਜਵਾਬਦੇਹੀ ਅਤੇ ਡਰ ਹੁੰਦਾ ਸੀ।

ਪਰ ਅੱਜ ਦੇ ਵਰਤਮਾਨ ਦੌਰ ਵਿੱਚ ਸਥਿਤੀ ਬਿਲਕੁਲ ਉਲਟ ਚੁੱਕੀ ਹੈ। ਅੱਜ ਜਦੋਂ ਮਹਿੰਗਾਈ ਅਸਮਾਨ ਛੂਹ ਰਹੀ ਹੈ ਅਤੇ ਤੇਲ ਦੀਆਂ ਕੀਮਤਾਂ ਰੋਜ਼ਾਨਾ ਨਵੇਂ ਰਿਕਾਰਡ ਬਣਾ ਰਹੀਆਂ ਹਨ, ਤਾਂ ਦੇਸ਼ ਦੀਆਂ ਖੱਬੀਆਂ ਧਿਰਾਂ ਅਤੇ ਰਵਾਇਤੀ ਅੰਦੋਲਨਕਾਰੀ ਪਾਰਟੀਆਂ ਹਨ। ਦੂਜੇ ਪਾਸੇ, ਦੇਸ਼ ਦੀ ਮੁੱਖ ਵਿਰੋਧੀ ਧਿਰ ਦੇ ਆਗੂਆਂ ਨੇ ਜਨਤਾ ਦੀ ਲੜਾਈ ਸੜਕਾਂ 'ਤੇ ਲੜਨ ਦੀ ਬਜਾਏ, ਸੋਸ਼ਲ ਮੀਡੀਆ ਦੇ ਪਲੇਟਫਾਰਮਾਂ ਤੱਕ ਸੀਮਤ ਕਰ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਸੋਸ਼ਲ ਮੀਡੀਆ 'ਤੇ ਬਿਆਨਬਾਜ਼ੀ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਸੁਰਖ਼ਰੂ ਹੋ ਰਹੇ ਹਨ।

ਜਨਤਾ ਦੇ ਹੱਕਾਂ ਲਈ ਇੱਕ ਮਜ਼ਬੂਤ ਵਿਰੋਧ ਪ੍ਰਦਰਸ਼ਨ ਖੜ੍ਹਾ ਕਰਨ ਦੀ ਬਜਾਏ, ਸਿਆਸੀ ਆਗੂ ਅਜੀਬੋ-ਗਰੀਬ ਦਲੀਲਾਂ ਦੇ ਰਹੇ ਹਨ। ਅੱਜ ਇਹ ਕਿਹਾ ਜਾ ਰਿਹਾ ਹੈ ਕਿ ਮੋਦੀ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਕਿਸ਼ਤਾਂ ਵਿੱਚ ਇਸ ਲਈ ਵਧਾਈਆਂ ਜਾ ਰਹੀਆਂ ਹਨ, ਤਾਂ ਜੋ ਜਨਤਾ ਨੂੰ ਇਕਦਮ ਵੱਡਾ ਝਟਕਾ ਨਾ ਲੱਗੇ ਅਤੇ ਉਨ੍ਹਾਂ ਦੀ ਜੇਬ ਆਸਾਨੀ ਨਾਲ ਅਤੇ ਚੁੱਪਚਾਪ ਕੱਟੀ ਜਾ ਸਕੇ। ਇਹ ਸਥਿਤੀ ਵਿਰੋਧੀ ਧਿਰ ਦੀ ਨਾਕਾਮੀ ਨੂੰ ਦਰਸਾਉਂਦੀ ਹੈ। ਸਵਾਲ ਇਹ ਪੈਦਾ ਹੁੰਦਾ ਹੈ ਕਿ ਅੱਜ ਦੀ ਵਿਰੋਧੀ ਧਿਰ ਇਸ ਮਹਿੰਗਾਈ, ਵਧ ਰਹੀ ਬੇਰੁਜ਼ਗਾਰੀ, ਬੇਲਗਾਮ ਭ੍ਰਿਸ਼ਟਾਚਾਰ, ਕੁਸ਼ਾਸਨ ਅਤੇ ਕਾਰਪੋਰੇਟ ਜਗਤ ਵੱਲੋਂ ਕੀਤੀ ਜਾ ਰਹੀ ਅੰਨ੍ਹੀ ਲੁੱਟ ਵਿਰੁੱਧ ਇੱਕ ਦੇਸ਼ ਵਿਆਪੀ ਅਤੇ ਪ੍ਰਭਾਵਸ਼ਾਲੀ ਜਨ-ਅੰਦੋਲਨ ਖੜ੍ਹਾ ਕਰਨ ਵਿੱਚ ਏਨਾ ਅਸਫ਼ਲ ਅਤੇ ਬੇਵੱਸ ਕਿਉਂ ਸਾਬਤ ਹੋ ਰਿਹਾ ਹੈ?

ਹੁਣ ਸਵਾਲ ਇਹ ਉੱਠਦਾ ਹੈ ਕਿ ਪਿਛਲੇ ਸਾਲਾਂ ਵਿੱਚ ਏਨਾ ਅੰਨ੍ਹਾ ਮੁਨਾਫ਼ਾ ਕਮਾਉਣ ਦੇ ਬਾਵਜੂਦ ਜਦੋਂ ਵੀ ਕੰਪਨੀਆਂ ਨੂੰ ਅੰਤਰਰਾਸ਼ਟਰੀ ਹਾਲਾਤ ਕਾਰਨ ਥੋੜ੍ਹੇ ਸਮੇਂ ਲਈ ਮਾਮੂਲੀ ਘਾਟਾ ਪੈਂਦਾ ਹੈ, ਤਾਂ ਉਸ ਦਾ ਸਾਰਾ ਭਾਰ ਤੁਰੰਤ ਆਮ ਜਨਤਾ ਦੇ ਸਿਰ ਕਿਉਂ ਮੜ੍ਹ ਦਿੱਤਾ ਜਾਂਦਾ ਹੈ? ਕੰਪਨੀਆਂ ਆਪਣੇ ਮੁਨਾਫ਼ੇ ਵਿੱਚੋਂ ਉਸ ਘਾਟੇ ਨੂੰ ਕਿਉਂ ਨਹੀਂ ਭਰਦੀਆਂ? ਦੇਸ਼ ਦਾ ਪੈਟਰੋਲੀਅਮ ਅਤੇ ਪ੍ਰਾਕਿਰਤਕ ਗੈਸ ਮੰਤਰਾਲਾ ਅੱਜ ਜਨਤਾ ਦੇ ਸਾਹਮਣੇ ਕਬੂਲ ਕਰ ਰਿਹਾ ਹੈ ਕਿ ਤੇਲ ਕੀਮਤਾਂ 'ਚ ਵਾਧੇ ਬਾਅਦ ਸਰਕਾਰੀ ਕੰਪਨੀਆਂ ਦਾ ਘਾਟਾ ਹੁਣ 600 ਕਰੋੜ ਰੁਪਏ ਰਹਿ ਗਿਆ ਹੈ।

ਇਸ ਤੋਂ ਵੀ ਗੰਭੀਰ ਗੱਲ ਇਹ ਹੈ ਕਿ ਜੀਓ-ਬੀ ਪੀ ਜਾਂ ਨਾਇਰਾ ਐਨਰਜੀ ਵਰਗੀਆਂ ਨਿੱਜੀ ਕੰਪਨੀਆਂ, ਜਿਨ੍ਹਾਂ ਦਾ ਦੇਸ਼ ਦੇ ਤੇਲ ਕਾਰੋਬਾਰ ਵਿੱਚ ਸਿਰਫ਼ 10 ਫੀਸਦੀ ਹਿੱਸਾ ਹੈ, ਨੂੰ ਫਾਇਦਾ ਪਹੁੰਚਾਉਣ ਲਈ ਸਰਕਾਰੀ ਨੀਤੀਆਂ ਅਤੇ ਕੀਮਤਾਂ ਦੇ ਢਾਂਚੇ ਨੂੰ ਮਰੋੜਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰੀ ਕੰਪਨੀਆਂ ਵੀ ਕੀਮਤਾਂ ਵਧਾ ਰਹੀਆਂ ਹਨ।

ਸਿਆਸੀ ਪਾਰਟੀਆਂ ਅਤੇ ਤੇਲ ਕੰਪਨੀਆਂ ਦਾ ਆਪਸੀ ਗੱਠਜੋੜ ਦੇਸ਼ ਦੇ ਪੰਜ ਰਾਜਾਂ ਦੀਆਂ ਚੋਣਾਂ ਦੌਰਾਨ ਪੂਰੀ ਤਰ੍ਹਾਂ ਨੰਗਾ ਹੋ ਗਿਆ ਸੀ। ਜਦੋਂ ਤੱਕ ਚੋਣਾਂ ਦਾ ਦੌਰ ਚਲਦਾ ਰਿਹਾ, ਉਦੋਂ ਤੱਕ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਦੇ ਬਾਵਜੂਦ ਭਾਰਤ ਵਿੱਚ ਪੈਟਰੋਲ-ਡੀਜ਼ਲ ਦੇ ਭਾਅ 'ਤੇ ਪੂਰੀ ਤਰ੍ਹਾਂ ਚੁੱਪੀ ਵੱਟੀ ਗਈ ਅਤੇ ਇੱਕ ਪੈਸਾ ਵੀ ਨਹੀਂ ਵਧਾਇਆ ਗਿਆ, ਪਰ ਜਿਵੇਂ ਹੀ ਚੋਣਾਂ ਦਾ ਆਖਰੀ ਦੌਰ ਖ਼ਤਮ ਹੋਇਆ ਅਤੇ ਵੋਟਾਂ ਪੈ ਗਈਆਂ, ਤੁਰੰਤ ਤੇਲ ਦੀਆਂ ਕੀਮਤਾਂ ਵਿੱਚ ਰਿਕਾਰਡ ਵਾਧਾ ਕਰਕੇ ਜਨਤਾ ਦੇ ਸਿਰ 'ਤੇ ਭਾਰੀ ਪੰਡ ਲੱਦ ਦਿੱਤੀ ਗਈ।

ਇੱਥੇ ਇਹ ਦੇਖਣ ਵਾਲੀ ਮਹੱਤਵਪੂਰਨ ਗੱਲ ਹੈ ਕਿ ਤੇਲ ਕੰਪਨੀਆਂ ਅੰਤਰਰਾਸ਼ਟਰੀ ਬਾਜ਼ਾਰ ਦੀਆਂ ਕੀਮਤਾਂ ਦਾ ਬਹਾਨਾ ਸਿਰਫ਼ ਆਪਣਾ ਫਾਇਦਾ ਦੇਖ ਕੇ ਬਣਾਉਂਦੀਆਂ ਹਨ। ਜਦੋਂ ਵੀ ਕੱਚੇ ਤੇਲ ਦੀਆਂ ਅੰਤਰਰਾਸ਼ਟਰੀ ਕੀਮਤਾਂ ਵਧਦੀਆਂ ਹਨ, ਤਾਂ ਕੰਪਨੀਆਂ ਤੁਰੰਤ ਭਾਅ ਵਧਾਉਣ ਲਈ ਤਰਲੋਮੱਛੀ ਹੁੰਦੀਆਂ ਹਨ ਅਤੇ ਜਨਤਾ ਦੀ ਜੇਬ ਕੱਟ ਕੇ ਆਪਣਾ ਖਜ਼ਾਨਾ ਭਰ ਲੈਂਦੀਆਂ ਹਨ, ਪਰ ਇਸ ਦੇ ਉਲਟ ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਬਹੁਤ ਜ਼ਿਆਦਾ ਘਟ ਜਾਂਦੀਆਂ ਹਨ, ਤਾਂ ਉਸ ਦਾ ਕੋਈ ਵੀ ਲਾਭ ਆਮ ਲੋਕਾਂ ਤੱਕ ਨਹੀਂ ਪਹੁੰਚਾਇਆ ਜਾਂਦਾ।

ਉਦਾਹਰਨ ਵਜੋਂ ਦਸੰਬਰ 2023 ਤੱਕ ਦੇ ਲਗਾਤਾਰ 19 ਮਹੀਨਿਆਂ ਵਿੱਚ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚਾ ਤੇਲ ਘਟ ਕੇ ਲਗਭਗ 77 ਡਾਲਰ ਪ੍ਰਤੀ ਬੈਰਲ 'ਤੇ ਆ ਗਿਆ ਸੀ। ਇਸ ਦੌਰਾਨ ਤੇਲ ਕੰਪਨੀਆਂ ਨੇ ਲਗਭਗ 1.32 ਲੱਖ ਕਰੋੜ ਰੁਪਏ ਦਾ ਰਿਕਾਰਡ ਮੁਨਾਫ਼ਾ ਕਮਾਇਆ, ਪਰ ਜਨਤਾ ਨੂੰ ਪੈਟਰੋਲ-ਡੀਜ਼ਲ ਸਸਤਾ ਕਰਕੇ ਕੋਈ ਰਾਹਤ ਨਹੀਂ ਦਿੱਤੀ ਗਈ। ਇਸ ਦੇ ਉਲਟ, ਜਦੋਂ ਅਗਸਤ-ਸਤੰਬਰ 2021 ਵਿੱਚ ਕੱਚਾ ਤੇਲ 85 ਡਾਲਰ ਪ੍ਰਤੀ ਬੈਰਲ ਸੀ, ਤਾਂ ਤੇਲ ਕੰਪਨੀਆਂ ਨੇ ਮਹਿਜ਼ 33 ਦਿਨਾਂ ਦੇ ਅੰਦਰ 25 ਵਾਰ ਕੀਮਤਾਂ ਵਧਾਈਆਂ। ਉਸ ਵੇਲੇ ਭੋਪਾਲ ਵਰਗੇ ਸ਼ਹਿਰਾਂ ਵਿੱਚ ਪੈਟਰੋਲ ਦੀ ਕੀਮਤ 114.54 ਰੁਪਏ ਅਤੇ ਡੀਜ਼ਲ ਦੀ ਕੀਮਤ 105.97 ਰੁਪਏ ਪ੍ਰਤੀ ਲੀਟਰ ਤੱਕ ਪਹੁੰਚਾ ਦਿੱਤੀ ਗਈ ਸੀ।

ਅੱਜ ਦੇਸ਼ ਦੀ ਰਾਜਨੀਤੀ ਵਿੱਚ ਇੱਕ ਬਹੁਤ ਹੀ ਖ਼ਤਰਨਾਕ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ। ਚਾਹੇ ਭਾਜਪਾ ਹੋਵੇ, ਕਾਂਗਰਸ ਹੋਵੇ, ਟੀ ਐੱਮ ਸੀ ਹੋਵੇ ਸਾਰੀਆਂ ਸਿਆਸੀ ਧਿਰਾਂ ਜਨਤਾ ਦੇ ਨਾਂਅ 'ਤੇ ਸਿਰਫ਼ ਆਪਣੀਆਂ ਸਿਆਸੀ ਰੋਟੀ ਸੇਕ ਰਹੀਆਂ ਹਨ। ਚੋਣਾਂ ਜਿੱਤਣ ਅਤੇ ਸੱਤਾ ਹਾਸਲ ਕਰਨ ਲਈ ਸਾਮ, ਦਾਮ, ਦੰਡ, ਭੇਦ ਦੀ ਖੁੱਲ੍ਹ ਕੇ ਵਰਤੋਂ ਕੀਤੀ ਜਾ ਰਹੀ ਹੈ। ਇੱਕ ਪਾਸੇ ਵਿਰੋਧੀ ਸੁਰਾਂ ਨੂੰ ਦਬਾਉਣ ਲਈ ਈ ਡੀ, ਇਨਕਮ ਟੈਕਸ ਅਤੇ ਹੋਰ ਸਰਕਾਰੀ ਜਾਂਚ ਏਜੰਸੀਆਂ ਦੀ ਮਦਦ ਲਈ ਜਾ ਰਹੀ ਹੈ ਅਤੇ ਦੂਜੇ ਪਾਸੇ ਵੋਟਰਾਂ ਨੂੰ ਭਰਮਾਉਣ ਲਈ 'ਮੁਫ਼ਤ ਦੀਆਂ ਰੇਵੜੀਆਂ' ਯਾਨੀ ਲੋਕ-ਲੁਭਾਊ ਯੋਜਨਾਵਾਂ ਦਾ ਸਹਾਰਾ ਲਿਆ ਜਾ ਰਿਹਾ ਹੈ।

ਦੇਸ਼ ਦੀ ਅੱਧੀ ਆਬਾਦੀ ਯਾਨੀ ਔਰਤਾਂ ਨੂੰ ਆਪਣੇ ਵੱਲ ਆਕਰਸ਼ਿਤ ਕਰਨ ਲਈ ਵੱਖ-ਵੱਖ ਰਾਜਾਂ ਵਿੱਚ 1500 ਰੁਪਏ ਤੋਂ ਲੈ ਕੇ 2500 ਰੁਪਏ ਮਹੀਨਾਵਾਰ ਆਰਥਿਕ ਸਹਾਇਤਾ ਦੇਣ ਦੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਚੋਣਾਂ ਤੋਂ ਐਨ ਪਹਿਲਾਂ ਔਰਤਾਂ ਦੇ ਖ਼ਾਤਿਆਂ ਵਿੱਚ ਨਕਦੀ ਪਾ ਕੇ ਉਨ੍ਹਾਂ ਨੂੰ ਖੁਸ਼ ਕਰਨਾ ਅਤੇ ਵੋਟਾਂ ਬਟੋਰਨਾ ਅੱਜ ਦੀ ਰਾਜਨੀਤੀ ਦਾ ਮੁੱਖ ਹਥਿਆਰ ਬਣ ਚੁੱਕਾ ਹੈ, ਪਰ ਕੋਈ ਵੀ ਸਰਕਾਰ ਇਸ ਬੁਨਿਆਦੀ ਸਵਾਲ ਦਾ ਜਵਾਬ ਨਹੀਂ ਦਿੰਦੀ ਕਿ ਦੇਸ਼ ਦੇ ਨਾਗਰਿਕਾਂ ਨੂੰ ਮੁਫ਼ਤਖ਼ੋਰੀ ਦੀ ਦਲਦਲ ਵਿੱਚ ਧੱਕਣ ਦੀ ਬਜਾਏ, ਉਨ੍ਹਾਂ ਨੂੰ ਸਵੈ-ਨਿਰਭਰ ਕਿਉਂ ਨਹੀਂ ਬਣਾਇਆ ਜਾਂਦਾ?

ਆਰਥਕ ਮਾਹਰਾਂ ਦਾ ਮੰਨਣਾ ਹੈ ਕਿ ਕਲਿਆਣਕਾਰੀ ਯੋਜਨਾਵਾਂ ਦੇ ਨਾਂਅ 'ਤੇ ਸ਼ੁਰੂ ਕੀਤੀਆਂ ਗਈਆਂ ਇਹ ਅੰਨ੍ਹੇਵਾਹ ਮੁਫ਼ਤ ਦੀਆਂ ਸਕੀਮਾਂ ਦੇਸ਼ ਅਤੇ ਸੂਬਿਆਂ ਦੀ ਆਰਥਿਕਤਾ ਨੂੰ ਖੋਖਲਾ ਕਰ ਰਹੀਆਂ ਹਨ। ਭਾਰਤ ਦੇ ਕਈ ਸੂਬੇ ਅੱਜ ਲੱਖਾਂ ਕਰੋੜਾਂ ਰੁਪਏ ਦੇ ਕਰਜ਼ੇ ਦੀ ਦਲਦਲ ਵਿੱਚ ਡੁੱਬ ਚੁੱਕੇ ਹਨ। ਵਿੱਤੀ ਅਨੁਸ਼ਾਸਨ, ਜੋ ਕਿ ਕਿਸੇ ਵੀ ਦੇਸ਼ ਜਾਂ ਸੂਬੇ ਦੀ ਆਰਥਿਕਤਾ ਦੇ ਵਿਕਾਸ ਲਈ 'ਰੀੜ੍ਹ ਦੀ ਹੱਡੀ' ਵਾਂਗ ਹੁੰਦਾ ਹੈ, ਉਹ ਅੱਜ ਪੂਰੀ ਤਰ੍ਹਾਂ ਚਰਮਰਾ ਚੁੱਕਾ ਹੈ।

ਇਸ ਸਿਆਸੀ ਲਾਹੇ ਅਤੇ ਵੋਟ ਬੈਂਕ ਦੀ ਖੇਡ ਅੱਗੇ ਦੇਸ਼ ਦੇ ਸਿਆਣੇ ਅਤੇ ਅਰਥ ਸ਼ਾਸਤਰੀਆਂ ਦੀਆਂ ਚਿੰਤਾਵਾਂ ਪੂਰੀ ਤਰ੍ਹਾਂ ਬੇਅਸਰ ਦਿਖਾਈ ਦੇ ਰਹੀਆਂ ਹਨ। ਸਿਆਸਤਦਾਨਾਂ ਨੇ ਬਹੁਤ ਹੀ ਚਲਾਕੀ ਨਾਲ ਆਮ ਸਾਧਾਰਨ ਲੋਕਾਂ ਨੂੰ ਦੇਸ਼ ਦੀ ਮੁੱਖ ਰਾਜਨੀਤੀ, ਨੀਤੀ-ਨਿਰਧਾਰਨ ਅਤੇ ਵਿਕਾਸ ਦੀ ਪ੍ਰਕਿਰਿਆ ਤੋਂ ਦੂਰ ਕਰ ਦਿੱਤਾ ਹੈ। ਜਨਤਾ ਨੂੰ ਸਿਰਫ਼ ਇੱਕ 'ਲਾਭਪਾਤਰੀ ਵਰਗ' ਜਾਂ ਕੈਟਾਗਰੀ ਵਿੱਚ ਉਲਝਾ ਕੇ ਰੱਖ ਦਿੱਤਾ ਗਿਆ ਹੈ, ਤਾਂ ਜੋ ਉਹ ਕਦੇ ਵੀ ਰੁਜ਼ਗਾਰ, ਸਿੱਖਿਆ ਅਤੇ ਸਿਹਤ ਵਰਗੇ ਬੁਨਿਆਦੀ ਹੱਕਾਂ 'ਤੇ ਸਰਕਾਰਾਂ ਨੂੰ ਸਵਾਲ ਨਾ ਕਰ ਸਕਣ। ਇਹ ਦੇਸ਼ ਦੇ ਲੋਕਤੰਤਰ ਲਈ ਇੱਕ ਬਹੁਤ ਹੀ ਕੋਝੀ ਅਤੇ ਖ਼ਤਰਨਾਕ ਚਾਲ ਹੈ।

ਅੱਜ ਦੇਸ਼ ਜਿਸ ਨਾਜ਼ੁਕ ਅਤੇ ਚਿੰਤਾਜਨਕ ਦੌਰ ਵਿੱਚੋਂ ਲੰਘ ਰਿਹਾ ਹੈ, ਉੱਥੇ ਮਹਿੰਗਾਈ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਵਰਗੇ ਮੁੱਦੇ ਹਾਕਮ ਧਿਰ ਦੇ ਸਰੋਕਾਰ (ਏਜੰਡੇ) ਵਿੱਚੋਂ ਪੂਰੀ ਤਰ੍ਹਾਂ ਗਾਇਬ ਹੋ ਚੁੱਕੇ ਹਨ। ਅੱਜ ਸੱਤਾ ਦਾ ਇੱਕੋ-ਇੱਕ ਸਰੋਕਾਰ ਸਿਰਫ਼ ਦੇਸ਼ ਦੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਨੂੰ ਖੁਸ਼ ਰੱਖਣਾ ਰਹਿ ਗਿਆ ਹੈ। ਇਨ੍ਹਾਂ ਕਾਰਪੋਰੇਟਾਂ ਰਾਹੀਂ ਮਿਲਣ ਵਾਲੇ ਅੰਨ੍ਹੇ ਪੈਸੇ ਅਤੇ ਮੀਡੀਆ ਦੀ ਤਾਕਤ ਦੇ ਬਲ 'ਤੇ ਆਪਣੀ ਸਿਆਸੀ ਕੁਰਸੀ ਨੂੰ ਸੁਰੱਖਿਅਤ ਰੱਖਣਾ ਹੀ ਅੱਜ ਦੀ ਲੀਡਰਸ਼ਿਪ ਦਾ ਮੁੱਖ ਮਕਸਦ ਬਣ ਚੁੱਕਾ ਹੈ।

ਇਸ ਹਨੇਰੇ ਵਿੱਚ ਇੱਕ ਉਮੀਦ ਦੀ ਕਿਰਨ ਵੀ ਦਿਖਾਈ ਦੇ ਰਹੀ ਹੈ। ਬਿਨਾਂ ਸ਼ੱਕ, ਦੇਸ਼ ਦਾ ਜਾਗਰੂਕ ਨੌਜਵਾਨ ਵਰਗ ਅਤੇ ਸੂਝਵਾਨ ਨਾਗਰਿਕ ਹੁਣ ਸਿਆਸਤਦਾਨਾਂ ਦੀ ਇਸ ਗੰਦੀ ਖੇਡ ਨੂੰ ਸਮਝਣ ਲੱਗ ਪਏ ਹਨ। ਸੋਸ਼ਲ ਮੀਡੀਆ, ਆਜ਼ਾਦ ਪੱਤਰਕਾਰੀ ਅਤੇ ਪ੍ਰੈੱਸ ਰਾਹੀਂ ਹਾਕਮਾਂ ਵੱਲੋਂ ਕੀਤੀ ਜਾ ਰਹੀ ਇਸ ਆਰਥਿਕ ਲੁੱਟ, ਫਿਰਕੂ ਨੀਤੀਆਂ ਅਤੇ ਭ੍ਰਿਸ਼ਟਾਚਾਰ ਦੇ ਖਿਲਾਫ ਲਗਾਤਾਰ ਆਵਾਜ਼ਾਂ ਉੱਠ ਰਹੀਆਂ ਹਨ। ਦੇਸ਼ ਦੇ ਚਿੰਤਕ ਅਤੇ ਸਿਆਣੇ ਲੋਕ ਆਪਣੀਆਂ ਲਿਖਤਾਂ ਰਾਹੀਂ ਜਨਤਾ ਨੂੰ ਜਗਾਉਣ ਦਾ ਯਤਨ ਕਰ ਰਹੇ ਹਨ।

ਜਿਸ ਬੇਰਹਿਮੀ ਅਤੇ ਤੇਜ਼ੀ ਨਾਲ ਦੇਸ਼ ਦੇ ਹਾਕਮ ਪੂਰੇ ਤੰਤਰ ਨੂੰ ਆਰਥਿਕ ਅਤੇ ਸਮਾਜਿਕ ਤਬਾਹੀ ਵੱਲ ਲੈ ਕੇ ਜਾ ਰਹੇ ਹਨ, ਉਸ ਨੂੰ ਰੋਕਣ ਲਈ ਸਿਰਫ਼ ਲਿਖਤਾਂ ਜਾਂ ਬਿਆਨ ਕਾਫ਼ੀ ਨਹੀਂ ਹੋਣਗੇ। ਦੇਸ਼ ਦੇ ਆਮ ਨਾਗਰਿਕਾਂ ਨੂੰ, ਆਪਣੀ ਹੋਂਦ, ਆਪਣੇ ਬੱਚਿਆਂ ਦੇ ਭਵਿੱਖ ਅਤੇ ਲੋਕਤੰਤਰ ਦੀ ਰੱਖਿਆ ਲਈ ਆਉਣ ਵਾਲੇ ਸਮੇਂ ਵਿੱਚ ਇੱਕਜੁੱਟ ਹੋਣਾ ਪਵੇਗਾ। ਜੇਕਰ ਮੌਜੂਦਾ ਹਾਲਾਤ ਨਾ ਬਦਲੇ, ਤਾਂ ਸ਼ਾਇਦ ਭਾਰਤ ਦੇ ਆਮ ਲੋਕਾਂ ਨੂੰ ਕਾਰਪੋਰੇਟ-ਸਿਆਸੀ ਗੱਠਜੋੜ ਦੇ ਇਸ ਜਾਲ ਵਿੱਚੋਂ ਨਿਕਲਣ ਲਈ ਇੱਕ ਹੋਰ ਵੱਡਾ ਅਤੇ ਇਤਿਹਾਸਕ 'ਆਜ਼ਾਦੀ ਅੰਦੋਲਨ' ਲੜਨਾ ਪਵੇਗਾ।

# ਸੰਪਰਕ : 98158-02070

# ਵਾਤਾਵਰਨ ਸੁਰੱਖਿਆ ਖੇਤਰ 'ਚ ਮਿਸਾਲ ਬਣੇ ਭਾਰਤੀ ਪਿੰਡ

ਹਰੀ ਕ੍ਰਿਸ਼ਨ ਮਾਇਰ

ਸਾਲ 2011 ਦੀ ਜਨਗਣਨਾ ਮੁਤਾਬਕ ਸਾਡੇ ਮੁਲਕ ਵਿੱਚ ਤਕਰੀਬਨ 649481 ਪਿੰਡ ਹਨ।ਇਨ੍ਹਾਂ ਪਿੰਡਾਂ ਵਿੱਚ ਅਜਿਹੇ ਪਿੰਡ ਵੀ ਹਨ, ਜਿਨ੍ਹਾਂ ਦੀ ਅੱਜ ਵਿਸ਼ਵ ਵਾਤਾਵਰਣ ਦਿਵਸ 'ਤੇ ਗੱਲ ਕਰਨੀ ਬਣਦੀ ਹੈ।ਇਹ ਪਿੰਡ ਨਾਂਅ ਕੇਵਲ ਕੁਦਰਤੀ ਆਫਤਾਂ ਨਾਲ ਮੱਥਾ ਲਾ ਕੇ ਹੋਰ ਮਜ਼ਬੂਤ ਬਣੇ, ਸਗੋਂ ਇਨ੍ਹਾਂ ਦੀ ਜੱਦੋਜਹਿਦ ਦੁਨੀਆ ਲਈ ਇੱਕ ਮਿਸਾਲ ਬਣ ਗਈ।ਇਨ੍ਹਾਂ ਪਿੰਡਾਂ ਨੇ ਪਲਾਸਟਿਕ ਤੋਂ ਪਿੱਛਾ ਛੁਡਾਇਆ।ਹਰਿਤ ਊਰਜਾ ਰਾਹੀਂ ਵਾਤਾਵਰਨ ਸਵੱਛਤਾ ਦੀ ਰਾਹਨੁਮਾਈ ਕਰ ਰਹੇ ਹਨ।ਇਨ੍ਹਾਂ ਪਿੰਡਾਂ ਬਾਰੇ ਗੱਲਬਾਤ ਤੁਹਾਡੇ ਮਨ ਨੂੰ ਨਵੀਂ ਊਰਜਾ ਅਤੇ ਪ੍ਰੇਰਨਾ ਨਾਲ ਭਰ ਦੇਵੇਗੀ।ਆਓ, ਇੱਕ-ਇੱਕ ਕਰਕੇ ਉਨ੍ਹਾਂ ਪਿੰਡਾਂ ਦਾ ਜ਼ਿਕਰ ਕਰਦੇ ਹਾਂ।

**ਰੱਬ ਦਾ ਆਪਣਾ ਬਗੀਚਾ**

ਮੇਘਾਲਿਆ ਵਿੱਚ ਸ਼ਿਲੌਂਗ ਦੇ ਦੱਖਣ ਵਿੱਚ 80 ਕਿ.ਮੀ ਦੀ ਵਿੱਥ ਤੇ ਮਾਲਾਈਨੌਂਗ ( Mawlynnong) ਪਿੰਡ ਨੂੰ ਸੰਨ 2003 ਵਿੱਚ ਡਿਸਕਵਰ ਇੰਡੀਆ ਮੈਗਜ਼ੀਨ ਵੱਲੋਂ 'ਏਸ਼ੀਆ ਦਾ ਸਭ ਤੋਂ ਸਾਫ ਸੁਥਰਾ ਪਿੰਡ' ਐਲਾਨਿਆ ਗਿਆ ਸੀ।ਇਸ ਤੋਂ ਦੋ ਵਰ੍ਹੇ ਪਿੱਛੋਂ ਇਸ ਪਿੰਡ ਨੂੰ ਭਾਰਤ ਦਾ ਸਭ ਤੋਂ ਸਵੱਛ ਪਿੰਡ ਘੋਸ਼ਿਤ ਕੀਤਾ ਗਿਆ।ਮੇਘਾਲਿਆ ਦੇ ਲੋਕ ਇਸ ਪਿੰਡ ਨੂੰ 'ਰੱਬ ਦਾ ਆਪਣਾ ਬਗੀਚਾ' ਕਹਿੰਦੇ ਹਨ। ਇਹ ਪਿੰਡ ਖਾਸੀ ਸੰਸਕ੍ਰਿਤੀ ਦਾ ਬੇਸ਼ਕੀਮਤੀ ਕੇਂਦਰ ਹੈ।ਇੱਥੇ ਲੋਕਾਂ ਨੇ ਸਵੈ ਇੱਛਾ ਨਾਲ ਪਲਾਸਟਿਕ ਦੀ ਵਰਤੋਂ, ਸਿਗਰਟ ਪੀਣ 'ਤੇ ਪਾਬੰਦੀ ਲਗਾ ਰੱਖੀ ਹੈ। ਇੱਥੇ 99 ਫੀਸਦੀ ਪੜ੍ਹੇ-ਲਿਖੇ ਲੋਕ ਰਲ ਮਿਲ ਕੇ ਸਫਾਈ ਅਭਿਆਨ ਚਲਾਉਂਦੇ ਹਨ । ਕੂੜਾ ਇਕੱਠਾ ਕਰਨ ਲਈ ਬਾਂਸ ਦੇ ਕੂੜਾ ਦਾਨ ਹਨ।ਆਮ ਲੋਕਾਂ ਦਾ ਕੰਮ ਖੇਤੀਬਾੜੀ ਅਤੇ ਸੈਰ-ਸਪਾਟਾ ਹੈ।ਨੇੜੇ ਦੇ ਪਿੰਡ ਰਿਵੇਈ ਵਿੱਚ ਖਾਸੀ ਲੋਕਾਂ ਵੱਲੋਂ ਰੁੱਖਾਂ ਦੀਆਂ ਜੜ੍ਹਾਂ ਤੋਂ ਦੁਰਲੱਭ ਅਤੇ ਮਜ਼ਬੂਤ ਪੁਲ ਤਿਆਰ ਕੀਤੇ ਹੋਏ ਹਨ।

**ਸੋਕੇ ਤੋਂ ਉੱਭਰਿਆ ਪਿੰਡ ਹਿਵਰੇ ਬਾਜ਼ਾਰ**

ਮਹਾਰਾਸ਼ਟਰ ਦੇ ਅਹਿਮਦਨਗਰ ਜ਼ਿਲ੍ਹੇ ਵਿੱਚ ਸਥਿਤ ਪਿੰਡ ਹਿਵਰੇ ਬਾਜ਼ਾਰ (Hiware Bazar) ਨੂੰ ਜਲ ਸੁਰੱਖਿਅਣ ਤੇ ਆਤਮ ਨਿਰਭਰਤਾ ਦੇ ਲਈ ਦੁਨੀਆ ਭਰ ਵਿੱਚ ਇੱਕ ਆਦਰਸ਼ ਪਿੰਡ ਦੇ ਤੌਰ 'ਤੇ ਜਾਣਿਆ ਜਾਂਦਾ ਹੈ।ਭਿਆਨਕ ਸੋਕੇ ਅਤੇ ਲੋਕਾਂ ਦੇ ਪਲਾਇਨ ਕਰਨ ਦੀ ਵੱਡੀ ਦਿੱਕਤ ਵਿਚੋਂ ਇਹ ਪਿੰਡ ਕਿਵੇਂ ਉਭਰਿਆ ਅਤੇ ਖੇਤੀਬਾੜੀ, ਪਾਣੀ ਪ੍ਰਬੰਧਨ ਅਤੇ ਵਾਟਰ ਸ਼ੈੱਡ ਵਿਕਸਤ ਕਰਕੇ ਦੁਨੀਆਂ ਸਾਮ੍ਹਣੇ ਇਕ ਮਿਸਾਲ ਬਣ ਗਿਆ ।ਇਸ ਪਿੰਡ ਦੇ ਪਹਿਲੇ ਸਰਪੰਚ ਪਦਮਸ਼੍ਰੀ ਪੋਪਟ ਰਾਓ ਪਵਾਰ ਦੀ ਅਗਵਾਈ ਨਾਲ ਸੋਕਾ ਮਾਰੇ ਪਿੰਡ ਵਿੱਚ ਪਾਣੀ ਨੂੰ ਸਾਂਭ-ਸੰਭਾਲ ਕਰਕੇ ਵਿਰਾਨ ਜ਼ਮੀਨ ਹਰਿਆਵਲ ਭਰੇ ਖੇਤਾਂ ਅਤੇ ਸੰਘਣੇ ਜੰਗਲਾਂ ਵਿੱਚ ਤਬਦੀਲ ਹੋ ਗਈ।

ਇੱਥੇ ਲੋਕਾਂ ਕਰੀਬ ਤੀਹ ਲੱਖ ਰੁੱਖ ਲਗਾਏ।ਘਾਹ ਚਾਰਨ 'ਤੇ ਪਾਬੰਦੀ ਲਗਾਈ ਗਈ। ਹੁਣ ਲੋਕ ਵੱਧ ਕਮਾਈ ਦੇਣ ਵਾਲੀਆਂ ਫਸਲਾਂ ਦੀ ਖੇਤੀ ਕਰਦੇ ਹਨ। ਪਸ਼ੂ ਪਾਲ ਕੇ ਡੇਅਰੀ ਫ਼ਾਰਮਿੰਗ ਕਰਦੇ ਹਨ।ਕਦੀ ਸੋਕੇ ਮਾਰੇ ਲੋਕਾਂ ਵਿੱਚ ਇਸ ਸਮੇਂ ਦਰਜਨਾਂ ਪਰਵਾਰ ਮਿਲੀਨੇਅਰ ਹਨ।ਪਿੰਡ ਨੇ ਰਲ ਕੇ ਸਖ਼ਤ ਅਨੁਸ਼ਾਸਨ ਕਾਇਮ ਕੀਤਾ ਹੋਇਆ ਹੈ।ਸ਼ਰਾਬ ਅਤੇ ਤੰਬਾਕੂ ਪੀਣ ਤੇ ਪੂਰੀ ਪਾਬੰਦੀ ਹੈ।ਪਰਵਾਰ ਵਿੱਚ ਦੋ ਬੱਚੇ ਹੋਣ ਦਾ ਰਿਵਾਜ ਹੈ।ਮੀਂਹਾਂ ਦਾ ਪਾਣੀ ਲੋਕ ਰਲ ਕੇ ਸਾਂਭਦੇ ਹਨ ।ਧਰਤੀ ਥੱਲੜੇ ਪਾਣੀ ਦਾ ਸਤਰ ਦਿਨੋਂ-ਦਿਨ ਸੁਧਰ ਰਿਹਾ ਹੈ।

**ਮਹਿਲਾ ਸ਼ਸ਼ਕਤੀਕਰਨ ਦੀ ਮਿਸਾਲ ਪਿੰਡ ਧਰਹਰਾ**

ਬਿਹਾਰ ਦੇ ਭਾਗਲਪੁਰ ਜ਼ਿਲ੍ਹੇ ਦਾ ਇਕ ਪਿੰਡ ਹੈ ਧਰਹਰਾ ( Dharhara) ਜਿਹੜਾ ਵਾਤਾਵਰਣ ਹਿਤੈਸ਼ੀ ਅਤੇ ਮਹਿਲਾ ਸ਼ਸਕਤੀਕਰਨ ਦੀ ਪੁਰਾਤਨ ਪ੍ਰੰਪਰਾ ਕਰਕੇ ਦੁਨੀਆਂ ਭਰ ਵਿੱਚ ਪ੍ਰਸਿੱਧ ਹੈ।ਇਸ ਪਿੰਡ ਵਿੱਚ ਜਦ ਵੀ ਕਿਸੇ ਘਰ ਕੁੜੀ ਜੰਮਦੀ ਹੈ, ਪਰਵਾਰ ਦੇ ਲੋਕ ਆਪਣੇ ਵਿਹੜੇ ਜਾਂ ਖੇਤ ਵਿੱਚ 10 ਫਲਦਾਰ ਰੁੱਖ ਲਗਾਉਂਦੇ ਹਨ।ਜਦ ਕੁੜੀਆਂ ਵੱਡੀਆਂ ਹੋ ਜਾਂਦੀਆਂ ਹਨ, ਰੁੱਖਾਂ ਦੇ ਫਲ਼ਾਂ ਤੋਂ ਹੋਈ ਆਮਦਨ ਉਨ੍ਹਾਂ ਦੀ ਪੜ੍ਹਾਈ, ਵਿਆਹ ਅਤੇ ਹੋਰ ਆਰਥਿਕ ਜ਼ਰੂਰਤਾਂ ਪੂਰਾ ਕਰਨ ਲਈ ਤਕੜਾ ਸਹਾਰਾ ਬਣਦੀ ਹੈ।ਇਸੇ ਪਰੰਪਰਾ ਦੇ ਚਲਦਿਆਂ ਪਿੰਡ ਵਿੱਚ 20000 ਤੋਂ ਵੱਧ ਫਲਾਂ ਦੇ ਵੱਡੇ ਵੱਡੇ ਰੁੱਖ ਪਿੰਡ ਨੂੰ ਹਰਿਆਲੀ ਨਾਲ ਹਰਾ ਭਰਾ ਕਰਦੇ ਹਨ ਅਤੇ ਵਾਤਾਵਰਣ ਨੂੰ ਸੁਰੱਖਿਅਤ ਬਣਾਉਂਦੇ ਹਨ।ਇਹ ਪਿੰਡ ਦਹਾਕਿਆਂ ਤੋਂ ਤੁਰੀ ਆ ਰਹੀ ਮਹਿਲਾ ਸ਼ਸਕਤੀਕਰਨ ਦੀ ਪਰੰਪਰਾ ਕਰਕੇ ਇੱਕ ਆਦਰਸ਼ ਪਿੰਡ ਬਣਿਆ ਹੋਇਆ ਹੈ।

ਈਕੋ ਫੈਮਿਨਿਜ਼ਮ ਦਾ ਪ੍ਰਤੀਕ ਪਿੰਡ ਪਿਪਲਾਂਤਰੀ ( Piplantri) ਰਾਜਸਥਾਨ ਦੇ ਰਾਜ ਸਾਂਸਦ ਜ਼ਿਲ੍ਹੇ ਦਾ ਇੱਕ ਛੋਟਾ ਜਿਹਾ ਪਿੰਡ ਹੈ, ਜਿਸ ਨੇ 'ਬੇਟੀ ਬਚਾਓ , ਬੇਟੀ ਪੜ੍ਹਾਓ' ਅਤੇ ਵਾਤਾਵਰਨ ਸੁਰੱਖਿਅਣ ਦੇ ਇੱਕ ਅਨੂਠੇ ਮਾਡਲ ਦੇ ਰੂਪ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਈ ਹੈ।ਇਸ ਪਿੰਡ ਦੇ ਸਾਬਕਾਸਰਪੰਚ ਸ਼ਾਮ ਸੁੰਦਰ ਪਾਲੀਵਾਲ ਨੇ ਆਪਣੀ ਜਵਾਨ ਕੁੜੀ ਦੀ ਬੇਵਕਤੀ ਮੌਤ ਪਿੱਛੋਂ ਉਸ ਦੀ ਯਾਦ ਵਿੱਚ ਇੱਕ ਮੁਹਿੰਮ ਦੀ ਸ਼ੁਰੂਆਤ ਕੀਤੀ ਕਿ ਬੇਟੀ ਦੇ ਜੰਮਣ ਨੂੰ ਸਰਾਪ ਨਾਂਅ ਸਮਝਿਆ ਜਾਵੇ, ਸਗੋਂ ਇਸ ਨੂੰ ਉਤਸਵ ਵਾਂਗ ਮਨਾਇਆ ਜਾਵੇ।ਕੁੜੀ ਦੇ ਜੰਮਣ 'ਤੇ ਉਸ ਦੇ ਸਨਮਾਨ ਵਿੱਚ ਲੋਕ ਰਲ ਕੇ 111 ਪੌਦੇ ਲਗਾਉਂਦੇ ਹਨ।ਲੋਕਾਂ ਨੇ ਇੱਕ ਫੰਡ ਸਥਾਪਤ ਕੀਤਾ ਹੈ ਕਿ ਕੁੜੀ ਜੰਮਣ 'ਤੇ 21000 ਰੁਪਏ ਆਪਣੇ ਕੋਲੋਂ ਅਤੇ 10000 ਰੁਪਏ ਲੋਕਾਂ ਤੋਂ ਇਕੱਠੇ ਕੀਤੇ ਸਾਂਝੇ ਫੰਡ ਵਿੱਚੋਂ ਲੈ ਕੇ ਕੁੱਲ 31000 ਰੁਪਏ ਵੀਹ ਸਾਲਾਂ ਦੀ ਮਿਆਦ ਲਈ ਕੁੜੀ ਦੇ ਬੈਂਕ ਖਾਤੇ ਵਿੱਚ ਜਮ੍ਹਾਂ ਕਰਾ ਦਿੱਤੇ ਜਾਂਦੇ ਹਨ। ਇਹ ਰਕਮ ਸਮਾਂ ਪਾ ਕੇ ਕੁੜੀ ਦੀ ਪੜ੍ਹਾਈ ਅਤੇ ਵਿਆਹ ਸਮੇਂ ਕੰਮ ਆਉਂਦੀ ਹੈ।ਇਸ ਪਿੰਡ ਵਿੱਚ ਟਾਹਲੀ, ਨਿੰਮ, ਆਉਲੇ, ਅੰਬ ਦੇ ਰੁੱਖ ਲੋਕਾਂ ਦੀ ਆਮਦਨੀ ਦਾ ਸਾਧਨ ਬਣਦੇ ਹਨ।ਰੁੱਖਾਂ ਨੂੰ ਸਿਉਂਕ ਤੋਂ ਬਚਾਉਣ ਲਈ ਰੁੱਖਾਂ ਵਿਚਕਾਰ ਐਲੋਵੇਰਾ ਦੇ ਪੌਦੇ ਵੀ ਲਗਾਏ ਜਾਂਦੇ ਹਨ।ਵਿਸ਼ਵ ਪੱਧਰ 'ਤੇ ਜਾਣੇ ਜਾਂਦੇ ਇਸ ਪਿੰਡ ਦੇ ਵਿਕਾਸ ਮਾਡਲ ਦੀ ਗਾਥਾ ਦੇਸ਼- ਵਿਦੇਸ਼ ਵਿੱਚ ਬੱਚਿਆਂ ਨੂੰ ਪਾਠ ਪੁਸਤਕਾਂ ਵਿੱਚ ਵੀ ਪੜ੍ਹਾਈ ਜਾਂਦੀ ਹੈ।

**ਗ੍ਰੀਨ ਪਿੰਡ ਖੋਨੋਮਾ**

ਨਾਗਾਲੈਂਡ ਦੀ ਰਾਜਧਾਨੀ ਕੋਹਿਮਾ ਤੋਂ ਤਕਰੀਬਨ 20 ਕਿ. ਮੀ ਦੂਰ ਪਿੰਡ ਖੋਨੋਮਾ ( Khonoma) ਭਾਰਤ ਦਾ ਹੀ ਨਹੀਂ, ਸਗੋਂ ਏਸ਼ੀਆ ਦਾ ਪਹਿਲਾ 'ਗ੍ਰੀਨ ਪਿੰਡ' ਹੈ।ਇਹ ਪਿੰਡ ਜੈਵ ਵਿਭਿੰਨਤਾ ਸੁਰੱਖਿਅਣ, ਵਣ ਸੁਰੱਖਿਅਣ ਅਤੇ ਜੈਵਿਕ ਖੇਤੀ ਲਈ ਪ੍ਰਸਿੱਧ ਹੈ।ਅੰਗਾਮੀ ਜਨਜਾਤੀ ਦੇ ਲੋਕਾਂ ਵੱਲੋਂ ਸੱਤ ਸੌ ਸਾਲ ਪਹਿਲਾਂ ਵਸਾਇਆ ਇਹ ਪਿੰਡ ਅੰਗਰੇਜ਼ਾਂ ਖ਼ਿਲਾਫ਼ ਬਹਾਦਰੀ ਨਾਲ ਲੜਨ ਵਾਲੇ ਯੋਧਿਆਂ ਦਾ ਪਿੰਡ ਹੈ। ਸੰਨ 1998 ਤੋਂ ਪਿੰਡ ਵਿੱਚ ਲੋਕਾਂ ਦੇ ਸ਼ਿਕਾਰ ਖੇਡਣ 'ਤੇ ਪਾਬੰਦੀ ਲਗਾਈ ਗਈ ਹੈ।ਜੰਗਲ ਦੇ ਰੁੱਖ ਕਟਣ ਦੀ ਮਨਾਹੀ ਹੈ।ਉਦੋਂ ਤੋਂ ਇਸ ਪਿੰਡ ਵਿੱਚ ਪ੍ਰਕਿਰਤੀ ਸੁਰੱਖਿਅਣ ਸ਼ੁਰੂ ਹੈ।ਇਸ ਪਿੰਡ ਨੂੰ 'ਨੇਚਰ ਕੰਜ਼ਰਵੇਸ਼ਨ ਐਂਡ ਟ੍ਰੈਗੋਪਨ ਸੈਂਕਚੁਅਰੀ' ਦੇ ਤੌਰ 'ਤੇ ਜਾਣਿਆ ਜਾਂਦਾ ਹੈ।ਕੁਦਰਤ ਪ੍ਰੇਮੀਆਂ ਲਈ ਇਹ ਪਿੰਡ ਇਕ ਮਿਸਾਲ ਬਣ ਗਿਆ ਹੈ।ਖੋਨੋਮ ਉਨਤ ਤਕਨੀਕ ਟੈਰੇਸ ਖੇਤੀਬਾੜੀ ਲਈ ਵੀ ਜਾਣਿਆਂ ਜਾਂਦਾ ਹੈ, ਇੱਥੇ ਵੀਹ ਕਿਸਮ ਦੇ ਚੌਲਾਂ ਦੀ ਖੇਤੀ ਕੀਤੀ ਜਾਂਦੀ ਹੈ।ਖੋਨੋਮ ਦੇ ਲੋਕ ਸਿਰੇ ਦੇ ਇਮਾਨਦਾਰ ਹਨ । ਦੁਕਾਨਾਂ 'ਤੇ ਦੁਕਾਨਦਾਰ ਨਾ ਵੀ ਬੈਠਾ ਹੋਵੇ, ਦੁਕਾਨ ਤੋਂ ਸੌਦੇ ਲੈ ਕੇ ਲੋਕ ਪੈਸੇ ਗੱਲੇ ਵਿਚ ਪਾ ਆਉਂਦੇ ਹਨ।ਇੱਥੇ ਲੋਕ ਘਰਾਂ ਨੂੰ ਤਾਲੇ ਨਹੀਂ ਲਗਾਉਂਦੇ। ਚੋਰੀ ਦਾ ਐਥੇ ਕੋਈ ਨਾਮੋਨਿਸ਼ਾਨ ਨਹੀਂ।

# ਸੰਪਰਕ : 97806-67686

# ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਮੁਹਿੰਮ

ਪਿਰਥੀਪਾਲ ਸਿੰਘ ਮਾੜੀਮੇਘਾ

ਆਰ ਐੱਸ ਐੱਸ ਦੀ ਛਤਰਛਾਇਆ ਹੇਠ ਕੰਮ ਕਰ ਰਹੀ ਕੇਂਦਰ ਦੀ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਨੇ ਦੇਸ਼ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਲਈ 'ਸਪੈਸ਼ਲ ਇੰਟੈਂਸਿਵ ਰਿਵੀਜਨ' (ਐੱਸ ਆਈ ਆਰ) ਮੁਹਿੰਮ ਚਲਾਈ ਹੋਈ ਹੈ । ਇਹ ਮੁਹਿੰਮ ਵੋਟਾਂ ਬਣਾਉਣ ਵਾਸਤੇ ਨਹੀਂ, ਕੱਟਣ ਵਾਸਤੇ ਹੈ । ਕੱਟਣ ਦਾ ਭਾਵ ਇਹ ਹੈ ਕਿ ਜਿਹੜੇ ਵੋਟਰ ਬੀ ਜੇ ਪੀ ਦੇ ਵਿਰੋਧੀ ਹਨ, ਉਨ੍ਹਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਿਆਂ ਕਰਨਾ। ਇਸ ਵੋਟਰ ਸੂਚੀ ਸੁਧਾਈ ਵਿੱਚ ਹਿੰਦੂਆਂ ਨੂੰ ਛੱਡ ਕੇ ਮੁਸਲਮਾਨਾਂ ਤੇ ਹੋਰ ਘੱਟ ਗਿਣਤੀਆਂ ਦੀਆਂ ਵੋਟਾਂ ਕੱਟਣੀਆਂ ਹਨ।

ਸਰਕਾਰ ਨੇ 2003 ਦੀਆਂ ਵੋਟਰ ਸੂਚੀਆਂ ਨੂੰ ਆਧਾਰ ਬਣਾਇਆ ਹੈ ਕਿ ਜਿਨ੍ਹਾਂ ਦਾ 2003 ਦੀ ਵੋਟਰ ਲਿਸਟ ਵਿੱਚ ਨਾਂਅ ਨਹੀਂ, ਉਨ੍ਹਾਂ ਦਾ ਮਗਰਲੀਆਂ ਜਾਂ ਮੌਜੂਦਾ ਵੋਟਰ ਲਿਸਟਾਂ ਵਿੱਚੋਂ ਨਾਂਅ ਕੱਟ ਦਿੱਤਾ ਜਾਵੇ, ਪਰ ਸਰਕਾਰ ਨੇ ਵੋਟਰ ਸੂਚੀਆਂ ਦੀ ਸੁਧਾਈ ਵੇਲੇ ਜਿਹੜੇ ਵੋਟਰਾਂ ਕੋਲੋਂ ਪਰੂਫ ਮੰਗੇ ਹਨ, ਉਨ੍ਹਾਂ ਪਰੂਫਾਂ ਦੇ ਆਧਾਰ 'ਤੇ 2003 ਤੋਂ ਬਾਅਦ ਦੀ ਬਣੀ ਵੋਟ ਵੀ ਬਣੀ ਰਹਿ ਸਕਦੀ ਹੈ। ਸਰਕਾਰ ਨੇ ਵੋਟਰ ਸੂਚੀਆਂ ਦੀ ਸੁਧਾਈ ਲਈ ਪੰਜਾਬ ਦੇ ਵਸਨੀਕ ਵੋਟਰਾਂ ਤੋਂ 12-13 ਕਾਨੂੰਨੀ ਦਸਤਾਵੇਜ਼ ਮੰਗੇ ਹਨ । ਇਹ ਦਸਤਾਵੇਜ਼ ਆਸਾਨੀ ਨਾਲ ਪ੍ਰਾਪਤ ਕਰਕੇ ਵਿਸ਼ੇਸ਼ ਸੁਧਾਈ ਕਰਨ ਵਾਲੇ ਅਧਿਕਾਰੀਆਂ ਨੂੰ ਵਿਖਾਏ ਜਾ ਸਕਦੇ ਹਨ ।

ਵੋਟਰਾਂ ਦੀ ਪੜਤਾਲ ਦੌਰਾਨ ਕੇਵਲ ਆਧਾਰ ਕਾਰਡ ਉੱਤੇ ਦਰਜ ਜਨਮ ਮਿਤੀ ਨੂੰ ਹੀ ਆਧਾਰ ਨਹੀਂ ਮੰਨਿਆ ਜਾਵੇਗਾ । ਇਸੇ ਤਰ੍ਹਾਂ ਆਧਾਰ ਕਾਰਡ ਉੱਤੇ ਦਰਜ ਪਤੇ ਦੇ ਸਬੂਤ ਨੂੰ ਵੀ ਪ੍ਰਮਾਣਿਤ ਨਹੀਂ ਹੋਵੇਗਾ । ਇਸ ਲਈ ਆਧਾਰ ਕਾਰਡ ਤੋਂ ਇਲਾਵਾ ਹੇਠ ਲਿਖੇ ਕਾਨੂੰਨੀ ਤੌਰ 'ਤੇ ਮਾਨਤਾ ਪ੍ਰਾਪਤ ਦਸਤਾਵੇਜ਼ਾਂ ਵਿੱਚੋਂ ਲੋੜ ਅਨੁਸਾਰ ਦਸਤਾਵੇਜ਼ ਅਧਿਕਾਰੀਆਂ ਅੱਗੇ ਜ਼ਰੂਰੀ ਪੇਸ਼ ਕੀਤੇ ਜਾਣ -- ਜਨਮ ਮਿਤੀ ਲਈ ਕਾਨੂੰਨੀ ਮਾਨਤਾ ਪ੍ਰਾਪਤ ਦਸਤਾਵੇਜ਼ - ਜਨਮ ਸਰਟੀਫਿਕੇਟ, ਪੈਨ ਕਾਰਡ, ਡਰਾਈਵਿੰਗ ਲਾਇਸੈਂਸ ਅਤੇ 10/10+02 ਦਾ ਸਰਟੀਫਿਕੇਟ ਜਿਸ ਵਿੱਚ ਜਨਮ ਮਿਤੀ ਦਰਜ ਹੋਵੇ । ਪਤੇ ਦੇ ਸਬੂਤ ਲਈ ਕਾਨੂੰਨੀ ਤੌਰ 'ਤੇ ਮਾਨਤਾ ਪ੍ਰਾਪਤ ਦਸਤਾਵੇਜ਼ - ਪਾਣੀ, ਬਿਜਲੀ ਅਤੇ ਗੈਸ ਬਿੱਲ, ਬੈਂਕ/ਡਾਕਖਾਨੇ ਦੀ ਪਾਸ ਬੁੱਕ, ਭਾਰਤੀ ਪਾਸਪੋਰਟ, ਜ਼ਮੀਨ ਮਾਲਕੀ ਰਿਕਾਰਡ/ਕਿਸਾਨ ਬਹੀ ਭਾਵ ਮਾਲਕੀ ਰਿਕਾਰਡ ਪਾਸ ਬੁੱਕ ਜੋ ਮਾਲ ਵਿਭਾਗ ਵੱਲੋਂ ਜਾਰੀ ਕੀਤੀ ਜਾਂਦੀ, ਜਿਸ ਵਿੱਚ ਜ਼ਮੀਨ ਦੇ ਵੇਰਵੇ, ਖਾਤਾ ਨੰਬਰ ਅਤੇ ਜ਼ਮੀਨ 'ਤੇ ਲਏ ਕਰਜ਼ੇ ਆਦਿ ਦੀ ਪੂਰੀ ਜਾਣਕਾਰੀ ਹੁੰਦੀ ਹੈ।ਰਜਿਸਟਰਡ ਰੈਂਟ ਡੀਡ ਭਾਵ ਮਕਾਨ ਮਾਲਕ ਅਤੇ ਕਿਰਾਏਦਾਰ ਵਿੱਚ ਇੱਕ ਕਾਨੂੰਨੀ ਦਸਤਾਵੇਜ਼ ਅਤੇ ਰਜਿਸਟਰਡ ਸੇਲ ਡੀਡ ਦਾ ਅਰਥ ਜਾਇਦਾਦ ਦੀ ਮਾਲਕੀ ਵੇਚਣ ਵਾਲੇ ਤੋਂ ਖਰੀਦਦਾਰ ਨੂੰ ਤਬਦੀਲ ਕਰਨ ਵਾਲਾ ਕਾਨੂੰਨੀ ਦਸਤਾਵੇਜ਼।

ਉਕਤ ਦਸਤਾਵੇਜ਼ਾਂ ਤੋਂ ਇਲਾਵਾ ਵੀ ਪੱਕੀ ਵਸੋਂ ਦੇ ਹੋਰ ਸਬੂਤ ਵੀ ਦਿੱਤੇ ਜਾ ਸਕਦੇ ਹਨ। ਇਸ ਸਾਰੇ ਕੁਝ ਦੀ ਪੂਰੀ ਜਾਣਕਾਰੀ ਵੋਟਰ ਸੂਚੀਆਂ ਦੀ ਸੁਧਾਈ ਕਰਨ ਵਾਲੇ ਅਧਿਕਾਰੀਆਂ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ। ਵੋਟਾਂ ਦੀ ਸੁਧਾਈ ਕਰਨ ਵਾਲੇ ਅਧਿਕਾਰੀਆਂ ਨੂੰ ਵਸੋਂ ਦੇ ਪੱਕੇ ਸਬੂਤ ਦੇਣੇ ਕੋਈ ਬਹੁਤਾ ਔਖਾ ਕੰਮ ਨਹੀਂ ਹੈ। ਇਹ ਦਸਤਾਵੇਜ਼ ਸੌਖੇ ਹੀ ਪ੍ਰਾਪਤ ਕੀਤੇ ਜਾ ਸਕਦੇ ਹਨ।

ਉਕਤ ਦੱਸੇ ਪ੍ਰਮਾਣਿਤ ਦਸਤਾਵੇਜ਼ ਪ੍ਰਾਪਤ ਕਰਕੇ ਇਨ੍ਹਾਂ 'ਚੋਂ ਚਾਰ ਵੋਟਰ ਸੂਚੀ ਸੁਧਾਈ ਕਰਨ ਵਾਲੇ ਅਧਿਕਾਰੀ ਨੂੰ ਵਿਖਾਉਣੇ ਹਨ। ਦਸਤਾਵੇਜ਼ਾਂ ਦੀਆਂ ਫੋਟੋ ਸਟੇਟ ਕਾਪੀਆਂ 'ਤੇ ਦਸਤਖ਼ਤ ਕਰਕੇ ਜਾਂ ਅੰਗੂਠੇ ਲਾ ਕੇ ਅਧਿਕਾਰੀਆਂ ਨੂੰ ਦੇਣੇ ਹਨ। ਅਧਿਕਾਰੀ ਇੱਕ ਫਾਰਮ ਦੇਵੇਗਾ, ਉਹ ਭਰ ਕੇ ਦੇ ਦੇਣਾ ਹੈ। ਵੇਖਣ ਨੂੰ ਇਹ ਕੰਮ ਔਖਾ ਲਗਦਾ ਹੈ, ਪਰ ਥੋੜ੍ਹੀ ਜਿਹੀ ਕੋਸ਼ਿਸ਼ ਨਾਲ ਵੋਟ ਬਚਾਉਣ ਦਾ ਕੰਮ ਪੂਰਾ ਹੋ ਸਕਦਾ ਹੈ।

ਵੋਟਰਾਂ ਦੀ ਢਿੱਲੇਪਣ ਦੀ ਭਾਵਨਾ ਪਿੱਛੇ ਇਹ ਸਮਝ ਹੁੰਦੀ ਹੈ ਕਿ ਅਸੀਂ ਕਿਹੜਾ ਮੰਤਰੀ ਬਨਣਾ ਹੈ, ਇਸ ਲਈ ਵੋਟਾਂ ਦੀ ਸੁਧਾਈ ਕਰਾਉਣ ਲਈ ਜਾਣ ਦੀ ਕੀ ਜ਼ਰੂਰਤ ਹੈ। ਦੁਕਾਨਦਾਰ ਇਹ ਸੋਚਦਾ ਕਿ ਜੇ ਵੋਟਾਂ ਦੀ ਸੁਧਾਈ ਲਈ ਪੋਲਿੰਗ ਸਟੇਸ਼ਨ 'ਤੇ ਗਿਆ 'ਤੇ ਪਤਾ ਨਹੀਂ ਕਿੰਨਾ ਸਮਾਂ ਲੱਗ ਜਾਣਾ, ਇਸ ਲਈ ਦੁਕਾਨ ਬੰਦ ਕਰਨ ਦੀ ਕੀ ਲੋੜ ਹੈ। ਕਿਸਾਨ ਆਪਣੀਆਂ ਫਸਲਾਂ ਬੀਜਣ ਤੇ ਸਾਂਭਣ ਦੇ ਗੇੜ ਵਿੱਚ ਲੱਗਾ ਹੁੰਦਾ, ਇਸ ਕਰਕੇ ਬਹੁਤੇ ਕਿਸਾਨ ਵੋਟਾਂ ਦੀ ਸੁਧਾਈ ਵਿੱਚ ਹਿੱਸਾ ਨਹੀਂ ਲੈਣਗੇ, ਜੋ ਗਲਤ ਹੈ। ਮਜ਼ਦੂਰ ਦਿਹਾੜੀ ਲਾਉਣ ਤੋਂ ਬਗੈਰ ਆਪ ਤੇ ਆਪਣੇ ਪਰਵਾਰ ਨੂੰ ਰੋਟੀ ਨਹੀਂ ਖਵਾ ਸਕਦਾ, ਇਸ ਲਈ ਉਹ ਵੀ ਮਜਬੂਰੀਵੱਸ ਵੋਟਾਂ ਦੀ ਸ਼ਨਾਖਤ ਵਿੱਚ ਘੱਟ ਹਿੱਸਾ ਲੈਂਦੇ ਹਨ।

ਉਕਤ ਮਜਬੂਰੀਆਂ ਕਰਕੇ ਹੀ ਬਿਹਾਰ ਵਿੱਚ ਵੋਟਾਂ ਦੀ ਸੁਧਾਈ ਵੇਲੇ ਬੀ ਜੇ ਪੀ ਦੀ ਕੇਂਦਰੀ ਸਰਕਾਰ ਨੇ ਲੱਖਾਂ ਵੋਟਰਾਂ ਨੂੰ ਵੋਟਾਂ ਪਾਉਣ ਤੋਂ ਵਾਂਝਿਆਂ ਕਰ ਦਿੱਤਾ। ਲੱਖਾਂ ਵਿੱਚ ਕੁਝ ਵੋਟਰ ਵੋਟਾਂ ਦੀ ਸੁਧਾਈ ਵੇਲੇ ਮੰਗੇ ਗਏ ਪ੍ਰਮਾਣਿਤ ਸਬੂਤ ਦੇਣ ਹੀ ਨਹੀਂ ਗਏ ਅਤੇ ਕੁਝ ਸਬੂਤ ਪ੍ਰਾਪਤ ਨਹੀਂ ਕਰ ਸਕੇ। ਇਸ ਲਈ ਕੇਂਦਰ ਸਰਕਾਰ ਨੇ ਵੋਟਾਂ ਕੱਟ ਦਿੱਤੀਆਂ ਅਤੇ ਉਹ ਵੋਟ ਪਾ ਨਹੀਂ ਸਕੇ। ਇਸ ਢੰਗ ਨਾਲ ਬੀ ਜੇ ਪੀ ਨੇ ਬਿਹਾਰ 'ਤੇ ਕਬਜ਼ਾ ਕਰ ਲਿਆ।

ਬਿਹਾਰ ਤੋਂ ਬਾਅਦ ਕੁਮਾਰੀ ਮਮਤਾ ਬੈਨਰਜੀ ਦੇ ਗੜ੍ਹ ਪੱਛਮੀ ਬੰਗਾਲ ਦੀ ਵਾਰੀ ਆਈ। ਪੱਛਮੀ ਬੰਗਾਲ ਵਿੱਚ ਵੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਮੁਹਿੰਮ ਵਿੱਚ ਲੱਖਾਂ ਲੋਕਾਂ ਦੀਆਂ ਵੋਟਾਂ ਕੱਟ ਦਿੱਤੀਆਂ ਗਈਆਂ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਮੁਸਲਮਾਨ ਸਨ । ਇਹ ਮੁਸਲਮਾਨ ਵੱਸੋਂ ਪਹਿਲਾਂ ਕਮਿਊਨਿਸਟਾਂ ਨਾਲ ਸੀ ਤੇ ਇਨ੍ਹਾਂ ਦੀਆਂ ਵੋਟਾਂ ਆਸਰੇ ਸੀ ਪੀ ਆਈ ਐੱਮ ਦੀ ਅਗਵਾਈ ਹੇਠ ਕਮਿਊਨਿਸਟਾਂ ਦੀ ਸਾਂਝੀ ਸਰਕਾਰ ਲੰਬਾ ਸਮਾਂ ਚੱਲਦੀ ਰਹੀ। ਕਮਿਊਨਿਸਟਾਂ ਤੋਂ ਮੁਸਲਮਾਨ ਨਿਰਾਸ਼ ਹੋ ਕੇ ਮਮਤਾ ਬੈਨਰਜੀ ਦੀ ਪਾਰਟੀ ਨਾਲ ਜੁੜ ਗਏ ਤੇ ਮਮਤਾ ਦੀ ਸਰਕਾਰ ਵੀ ਬੰਗਾਲ 'ਚ ਕਾਫੀ ਸਮਾਂ ਕਾਇਮ ਰਹੀ। ਇਸ ਵਾਰ ਕੇਂਦਰ ਦੀ ਬੀ ਜੇ ਪੀ ਸਰਕਾਰ ਨੇ ਪੱਛਮੀ ਬੰਗਾਲ ਦੀਆਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਕਰਾ ਕੇ ਲੱਖਾਂ ਲੋਕਾਂ ਦੀਆਂ ਵੋਟਾਂ ਕੱਟ ਦਿੱਤੀਆਂ ਅਤੇ ਐੱਸੰਬਲੀ ਚੋਣਾਂ ਵਿੱਚ ਪੱਛਮੀ ਬੰਗਾਲ 'ਤੇ ਕਾਬਜ਼ ਹੋ ਗਈ । ਬੀ ਜੇ ਪੀ ਨੇ ਕੇਂਦਰੀ ਬਲਾਂ ਦੀ ਨਿਗਰਾਨੀ ਹੇਠ ਵੋਟਾਂ ਪੋਲ ਕਰਾਉਣ ਅਤੇ ਗਿਣਤੀ ਸਮੇਂ ਪੂਰੀ ਗੁੰਡਾਗਰਦੀ ਅਤੇ ਧੱਕੇਸ਼ਾਹੀ ਕੀਤੀ । ਇੱਥੋਂ ਤੱਕ ਕਿ ਆਰ ਐੱਸ ਐੱਸ ਦੇ ਗੁੰਡਿਆਂ ਨੇ ਮਮਤਾ ਬੈਨਰਜੀ ਨੂੰ ਵੀ ਨਹੀਂ ਬਖਸ਼ਿਆ।

ਹੁਣ ਆਰ ਐੱਸ ਐੱਸ ਤੇ ਬੀ ਜੇ ਪੀ ਨੇ ਪੰਜਾਬ ਨੂੰ ਚੁਣਿਆ ਹੈ, ਕਿਉਂਕਿ ਪੰਜਾਬ ਦੀਆਂ ਐੱਸੰਬਲੀ ਚੋਣਾਂ ਸਿਰ 'ਤੇ ਹਨ । ਬੀ ਜੇ ਪੀ ਨੂੰ ਇਹ ਤਾਂ ਜਾਣਕਾਰੀ ਹੈ ਕਿ ਪੰਜਾਬ ਵਿੱਚ ਬੰਗਾਲ ਵਾਲੀ ਗੁੰਡਾਗਰਦੀ ਤੇ ਨਹੀਂ ਚੱਲਣੀ, ਕਿਉਂਕਿ ਪੰਜਾਬ ਵਿੱਚ ਸਿੱਖ ਵਸੋਂ ਵਧੇਰੇ ਹੈ। ਇਸ ਲਈ ਬੀ ਜੇ ਪੀ ਵੋਟਰ ਸੂਚੀਆਂ ਦੀ ਸੁਧਾਈ ਮੁਹਿੰਮ 'ਤੇ ਪੂਰਾ ਤਾਣ ਲਾ ਰਹੀ ਹੈ ਕਿ ਬੀ ਜੇ ਪੀ ਵਿਰੋਧੀ ਵੋਟਾਂ ਕੱਟ ਕੇ ਪੰਜਾਬ 'ਤੇ ਕਬਜ਼ਾ ਕੀਤਾ ਜਾਵੇ। ਪੰਜਾਬ ਦੀਆਂ ਪੱਛੜੀਆਂ ਜਾਤੀਆਂ ਵਿੱਚ ਬੀ ਜੇ ਪੀ ਵੜ ਚੁੱਕੀ ਹੈ ਤੇ ਕੋਸ਼ਿਸ਼ ਹੈ ਸਿੱਖਾਂ ਵਿੱਚ ਵੀ ਸੰਨ੍ਹ ਲਾਉਣ ਦੀ।

ਇਸ ਪ੍ਰਸਥਿਤੀ ਵਿੱਚ ਪੰਜਾਬ ਦੀਆਂ ਸੁਹਿਰਦ ਧਿਰਾਂ ਨੂੰ ਵੋਟਰ ਸੂਚੀਆਂ ਦੀ ਸੁਧਾਈ ਭਾਵ ਐੱਸ ਆਈ ਆਰ ਵੇਲੇ ਸੁਚੇਤ ਰਹਿ ਕੇ ਆਪਣੇ ਵੋਟਰਾਂ ਦੀਆਂ ਵੋਟਾਂ ਬਚਾਉਣੀਆਂ ਚਾਹੀਦੀਆਂ ਹਨ ।

# ਸੰਪਰਕ : 98760-78731

## ਠੁੱਲੀਵਾਲ ਵਿਖੇ ਭਾਕਿਯੂ ਡਕੌਂਦਾ ਧਨੇਰ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਹੋਈ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਠੁੱਲੀਵਾਲ ਵਿਖੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੀ ਅਹਿਮ ਇਕੱਤਰਤਾ ਹੋਈ। ਇਸ ਮੌਕੇ ਜਥੇਬੰਦੀ ਦੇ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਨਾਨਕ ਸਿੰਘ ਅਮਲਾ ਸਿੰਘ ਵਾਲਾ ਨੇ ਜੱਥੇਬੰਦੀ ਦੀਆਂ ਨੀਤੀਆਂ ਅਤੇ ਕਿਸਾਨਾਂ-ਮਜ਼ਦੂਰਾਂ ਨਾਲ ਜੁੜੇ ਮਸਲਿਆਂ ਬਾਰੇ ਵਰਕਰਾਂ ਨੂੰ ਜਾਗਰੂਕ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰਾਂ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਦੀ ਬਜਾਏ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਭਰਮ ਪਾਲ ਰਹੀਆਂ ਹਨ।ਇਸ ਮੌਕੇ ਪਿੰਡ ਠੁੱਲੀਵਾਲ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿਚ ਪ੍ਰਧਾਨ ਭੋਲਾ ਸਿੰਘ, ਜਨਰਲ ਸਕੱਤਰ ਸਤਵੰਤ ਸਿੰਘ, ਖਜ਼ਾਨਚੀ ਜਗਤਾਰ ਸਿੰਘ, ਸਹਾਇਕ ਖਜ਼ਾਨਚੀ ਕੇਵਲ ਸਿੰਘ, ਮੀਤ ਪ੍ਰਧਾਨ ਰੁਪਿੰਦਰ ਸਿੰਘ, ਗੁਰਮੇਲ ਸਿੰਘ, ਨਿਰਭੈ ਸਿੰਘ ਅਤੇ ਦਰਸ਼ਨ ਸਿੰਘ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ 28 ਮੈਂਬਰੀ ਕਾਰਜਕਾਰਨੀ ਕਮੇਟੀ ਦਾ ਵੀ ਗਠਨ ਕੀਤਾ ਗਿਆ।ਇਸ ਮੌਕੇ ਦਰਸ਼ਨ ਸਿੰਘ, ਅਜਾਇਬ ਸਿੰਘ, ਸੁਖਚੈਨ ਸਿੰਘ, ਸੁਖਵਿੰਦਰ ਸਿੰਘ, ਜਗਤਾਰ ਸਿੰਘ, ਗੁਰਮੇਲ ਸਿੰਘ, ਦੇਵ ਸਿੰਘ, ਜੀਤ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਕਾਮਯਾਬੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ (ਪੰਜਾਬ) ਦੇ ਰਾਜਨੀਤੀ ਵਿਗਿਆਨ ਵਿਭਾਗ ਲਈ ਇਹ ਮਾਣ ਦੀ ਗੱਲ ਹੈ ਕਿ ਵਿਭਾਗ ਦੇ ਵਿਦਿਆਰਥੀਆਂ ਨੇ ਹਾਰਟਫੁਲਨੈੱਸ ਐਜੂਕੇਸ਼ਨ ਟਰੱਸਟ ਅਤੇ ਦ ਕਾਮਨਵੈਲਥ ਦੇ ਸਹਿਯੋਗ ਨਾਲ ਕਰਵਾਏ ਗਏ ਕੌਮਾਂਤਰੀ ਲੇਖ ਲਿਖਣ ਮੁਕਾਬਲੇ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਵਿਖਾਈ ਹੈ। ਐਮ.ਏ. ਰਾਜਨੀਤੀ ਵਿਗਿਆਨ (ਭਾਗ ਪਹਿਲਾ) ਦੀਆਂ ਵਿਦਿਆਰਥਣਾਂ ਮਿਸ ਸਿਮਰਨਜੀਤ ਕੌਰ ਅਤੇ ਮਿਸ ਸੁਮਨਪ੍ਰੀਤ ਕੌਰ ਨੇ ਇਸ ਮੁਕਾਬਲੇ ਵਿੱਚ ਪਹਿਲੇ ਦਸ ਸਭ ਤੋਂ ਵਧੀਆ ਮੁਕਾਬਲੇਬਾਜ਼ਾਂ ਵਿੱਚ ਆਪਣਾ ਸਥਾਨ ਬਣਾਇਆ, ਜਦ ਕਿ ਪੰਜ ਵਿਦਿਆਰਥੀਆਂ ਨੇ ਪਹਿਲੇ ਪੰਜਾਹ ਭਾਗੀਦਾਰਾਂ ਵਿੱਚ ਜਗ੍ਹਾ ਹਾਸਲ ਕੀਤੀ। ਉਨ੍ਹਾਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਭੇਟ ਕੀਤੇ ਗਏ। ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਵਿਦਿਅਕ ਸਮਰੱਥਾ ਅਤੇ ਸਿਰਜਣਾਤਮਕ ਯੋਗਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਪਰਖਵੀਂ ਸੋਚ, ਪੜਤਾਲ ਕਰਨ ਦੀ ਸਮਰੱਥਾ ਅਤੇ ਗਿਆਨਕ ਵਿਕਾਸ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਕਿਹਾ ਕਿ ਵਿਦਿਆਰਥਣਾਂ ਨੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ।

## ਸਿੱਧੂ ਮੂਸੇਵਾਲਾ ਦੇ ਜਨਮ ਦਿਨ 'ਤੇ ਲਗਾਈ ਛਬੀਲ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਪੰਜਾਬੀ ਸੰਗੀਤ ਅਤੇ ਸਿਨੇਮਾ ਨਾਲ ਜੁੜੇ ਭਾਰਤੀ ਗਾਇਕ, ਰੈਪਰ ਅਤੇ ਅਦਾਕਾਰ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਜਨਮ ਦਿਨ 'ਤੇ ਸ਼ੁਭਚਿੰਤਕਾਂ ਨੇ ਸਥਾਨਕ ਅਗਰਵਾਲ ਸਟਰੀਟ 'ਤੇ ਕੇਕ ਕੱਟਣ ਦੀ ਰਸਮ ਦਾ ਆਯੋਜਨ ਕੀਤਾ ਅਤੇ ਠੰਡੇ-ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਇਸ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੂਬਾ ਉਪ ਪ੍ਰਧਾਨ ਅਤੇ ਸਮਾਜ ਸੇਵਕ ਅਸ਼ੋਕ ਅਨੇਜਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਰਿੰਕੂ ਢੀਂਗਰਾ, ਮਨੀਆ ਨਾਰੰਗ, ਟੂਸ਼ਾਲ, ਅਵੀਰਾਜ ਬਜਾਜ, ਸ਼੍ਰੀਮਤੀ ਰਿੰਪੀ ਢੀਂਗਰਾ, ਮਾਤਾ ਰਾਜ ਰਾਣੀ, ਲਵਲੀ ਟੇਲਰ, ਜੀ.ਐਸ. ਟੇਲਰ, ਟੋਨੀ ਬੇਦੀ, ਓਮ ਪ੍ਰਕਾਸ਼, ਰਮੇਸ਼ ਕੁਮਾਰ ਸੁਦਾਮਾ, ਅਸ਼ੋਕ ਗਗਨੇਜਾ ਅਤੇ ਪੱਪੂ ਅਰੋੜਾ ਸ਼ਾਮਲ ਸਨ। ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਅਤੇ ਸ਼ੁਭਚਿੰਤਕਾਂ ਨੇ ਹਿੱਸਾ ਲਿਆ ਅਤੇ ਸਿੱਧੂ ਮੂਸੇਵਾਲਾ ਨੂੰ ਉਸ ਦੇ ਗੀਤਾਂ ਰਾਹੀਂ ਯਾਦ ਕੀਤਾ। ਸਿੱਧੂ ਮੂਸੇਵਾਲਾ ਦਾ ਜਨਮ 11 ਜੂਨ 1993 ਨੂੰ ਹੋਇਆ ਸੀ ਅਤੇ 29 ਮਈ 2022 ਨੂੰ ਉਨ੍ਹਾਂ ਦ ਹੱਤਿਆ ਕਰ ਦਿੱਤੀ ਗਈ ਸੀ।

## ਪੰਜਾਬ ਕਾਂਗਰਸ ਵੱਲੋਂ ਧੂਰੀ ਹਲਕੇ ਦੇ ਬੂਥ ਏਜੰਟਾਂ ਲਈ ਵਿਸ਼ੇਸ਼ ਟ੍ਰੇਨਿੰਗ ਕੈਂਪ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਧਾਨ ਸਭਾ ਹਲਕਾ ਧੂਰੀ ਦੇ ਕਾਂਗਰਸੀ ਬੂਥ ਏਜੰਟਾਂ ਨੂੰ ਚੋਣ ਪ੍ਰਕਿਰਿਆ ਨਾਲ 'ਐਸ.ਆਈ.ਆਰ.' ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਦਾ ਆਯੋਜਨ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਦੌਰਾਨ ਬੂਥ ਪੱਧਰ ਦੇ ਵਰਕਰਾਂ ਨੂੰ ਚੋਣਾਂ ਦੌਰਾਨ ਵਰਤੀ ਜਾਣ ਵਾਲੀ ਬਾਰੀਕੀ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ।ਇਸ ਸਿਖਲਾਈ ਕੈਂਪ ਦਾ ਮੁੱਖ ਮਨੋਰਥ ਹਲਕੇ ਦੇ 189 ਬੂਥਾਂ ਦੇ ਬੀ.ਐਲ.ਏ.-1 ਅਤੇ ਬੀ.ਐਲ.ਏ.-2 ਨੂੰ ਐਸ.ਆਈ.ਆਰ. ਦੇ ਤਕਨੀਕੀ ਤੇ ਸੰਗਠਨਾਤਮਕ ਪਹਿਲੂਆਂ ਤੋਂ ਚੰਗੀ ਤਰ੍ਹਾਂ ਜਾਣੂ ਕਰਵਾਉਣਾ ਸੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਗਾਗਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਟ੍ਰੇਨਿੰਗ ਸੈਸ਼ਨ ਵਿੱਚ ਪੰਜਾਬ ਕਾਂਗਰਸ ਵੱਲੋਂ ਜਿਲ੍ਹਾ ਸੰਗਰੂਰ ਦੇ ਐਸ.ਆਈ.ਆਰ ਕੈਂਪਾਂ ਦੇ ਕੋਆਰਡੀਨੇਟਰ ਅਤੇ ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਹਰਵਿੰਦਰ ਸਿੰਘ ਨਿੱਪੀ ਅਤੇ ਟਰੇਨਿੰਗ ਕੈਂਪ ਦੇ ਆਗੂ ਰਵਿੰਦਰ ਸਿੰਘ ਨੇ ਵਰਕਰਾਂ ਨੂੰ ਐਸ.ਆਈ.ਆਰ. ਵਿਸ਼ੇ 'ਤੇ ਮਾਸਟਰ ਟ੍ਰੇਨਿੰਗ ਦਿੰਦਿਆਂ ਅਪੀਲ ਕੀਤੀ ਕਿ ਉਹ ਬੂਥ ਪੱਧਰ 'ਤੇ ਮੁਸਤੈਦ ਰਹਿਣ ਅਤੇ ਹਰ ਇੱਕ ਜਾਇਜ਼ ਵੋਟ 'ਤੇ ਤਿੱਖੀ ਨਿਗ੍ਹਾ ਰੱਖਣ।ਹਲਕਾ ਧੂਰੀ ਦੇ ਬੀ.ਐਲ.ਏ. ਇੰਚਾਰਜ ਗੁਰਪਿਆਰ ਸਿੰਘ ਧੂਰਾ ਨੇ ਵੀ ਹਾਜ਼ਰ ਵਰਕਰਾਂ ਤੇ ਏਜੰਟਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਸਮੁੱਚੀ ਲੀਡਰਸ਼ਿਪ ਅਤੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਵਿੱਚ ਇੰਦਰਪਾਲ ਸਿੰਘ ਗੋਲਡੀ, ਚਮਕੌਰ ਸਿੰਘ ਕੁੰਬੜਵਾਲ, ਜਗਤਾਰ ਸਿੰਘ ਤਾਰਾ ਬੇਨੜਾ, ਨਰੇਸ਼ ਕੁਮਾਰ ਮੰਗੀ, ਪ੍ਰੇਮ ਕੁਮਾਰ ਠੇਕੇਦਾਰ, ਮਹਾਂਵੀਰ ਸਿੰਘ, ਸਾਬਕਾ ਕੌਂਸਲਰ ਸਾਧੂ ਸਿੰਘ, ਸਰਪੰਚ ਮਿੱਠੂ ਲੱਡਾ, ਜਗਪਾਲ ਸਿੰਘ, ਰਾਕੇਸ਼ ਕੁਮਾਰ ਅਤੇ ਵੀਰਪਾਲ ਸਿੰਘ ਕਾਕਾ ਤੂਰ ਸਮੇਤ ਕਈ ਹੋਰ ਆਗੂ ਤੇ ਵਰਕਰ ਸ਼ਾਮਲ ਸਨ।

## ਐਸ ਆਈ ਆਰ ਨੂੰ ਸਫਲ ਬਣਾਉਣ ਲਈ ਚੋਣ ਅਮਲੇ ਦੀ ਟ੍ਰੇਨਿੰਗ ਆਯੋਜਿਤ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਦੀਆਂ ਤਿਆਰੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਥਾਨਕ ਪੰਜਾਬ ਉਰਦੂ ਅਕਾਦਮੀ ਵਿਖੇ ਜਿਲਾ ਪੱਧਰ ਅਤੇ ਅਸੈਂਬਲੀ ਪੱਧਰ 'ਤੇ ਤਾਇਨਾਤ ਚੋਣ ਅਮਲੇ, ਸੁਪਰਵਾਈਜ਼ਰਾਂ ਅਤੇ ਅਸੈਂਬਲੀ ਲੈਵਲ ਮਾਸਟਰ ਟਰੇਨਰਾਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਆਯੋਜਿਤ ਕੀਤਾ ਗਿਆ।ਟ੍ਰੇਨਿੰਗ ਦੌਰਾਨ ਚੋਣ ਅਮਲੇ ਨੂੰ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੀ ਪ੍ਰਕਿਰਿਆ, ਘਰ-ਘਰ ਸਰਵੇਖਣ, ਗਣਨਾ ਫਾਰਮ ਭਰਨ, ਯੋਗ ਵੋਟਰਾਂ ਦੀ ਸ਼ਮੂਲੀਅਤ ਅਤੇ ਅਯੋਗ ਐਂਟਰੀਆਂ ਦੀ ਪਛਾਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਅਧਿਕਾਰੀਆਂ ਨੇ ਦੱਸਿਆ ਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਵੋਟਰਾਂ ਦੇ ਗਣਨਾ ਫਾਰਮ ਭਰਵਾਉਣਗੇ ਅਤੇ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਅਤੇ ਭਰੋਸੇਯੋਗ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਲਵਲੀਨ ਕੌਰ ਬੜਿੰਗ, ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਨ, ਚੋਣ ਤਹਿਸੀਲਦਾਰ ਬ੍ਰਿਜ ਮੋਹਨ, ਸਹਾਇਕ ਜ਼ਿਲਾ ਆਈ.ਟੀ ਮੈਨੇਜਰ ਨਰਿੰਦਰ ਸ਼ਰਮਾਂ, ਜ਼ਿਲਾ ਲੈਵਲ ਮਾਸਟਰ ਟਰੇਨਰ ਰੋਹਿਤ ਕੁਮਾਰ ਅਤੇ ਪਰਮਜੀਤ ਸਿੰਘ, ਸੁਪਰਡੈਂਟ ਗੋਪਾਲਾ ਨੰਦ, ਮਨਪ੍ਰੀਤ ਸਿੰਘ, ਪ੍ਰੋਗਰਾਮਰ ਸੰਜੇ ਅਰੋੜਾ ਤੋਂ ਇਲਾਵਾ ਚੋਣ ਅਮਲੇ ਵਿੱਚ ਤਾਇਨਾਤ ਹੋਰ ਕਰਮਚਾਰੀ ਹਾਜਰ ਸਨ।

## ਮਲੇਰੀਆ ਸੰਬੰਧੀ ਜਾਗਰੂਕਤਾ ਕੈਂਪ ਲਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਲੇਰੀਆ ਸਬੰਧੀ ਸੀ.ਐੱਚ.ਸੀ. ਮਾਛੀਵਾੜਾ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਾਏ ਜਾ ਰਹੇ ਹਨ। ਪ੍ਰਦੀਪ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਜੂਨ ਨੂੰ ਮਲੇਰੀਆ ਮਹੀਨਾ ਵਜੋਂ ਮਨਾਇਆ ਜਾਂਦਾ ਹੈ, ਜਿਸ ਤਹਿਤ ਮਲੇਰੀਆ ਸਬੰਧੀ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਇਸੇ ਲੜੀ ਤਹਿਤ ਸਬ ਸੈਂਟਰ ਤੱਖਰਾਂ ਵਿਖੇ ਮਲੇਰੀਆ ਬੁਖਾਰ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ। ਮਨਮੋਹਨ ਸਿੰਘ ਹੈਲਥ ਸੁਪਰਵਾਈਜ਼ਰ ਨੇ ਕਿਹਾ ਕਿ ਮਲੇਰੀਏ ਦਾ ਮੱਛਰ ਸਾਫ਼ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ, ਇਸ ਲਈ ਸਾਨੂੰ ਆਪਣੇ ਆਲੇ ਦੁਆਲੇ ਪਾਣੀ ਜਮ੍ਹਾਂ ਨਹੀਂ ਹੋਣ ਦੇਣਾ ਚਾਹੀਦਾ ਤੇ ਮਲੇਰੀਏ ਦੇ ਲੱਛਣ ਦਿਖਣ 'ਤੇ ਨੇੜਲੇ ਸਿਹਤ ਕੇਂਦਰ ਵਿੱਚ ਖੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਲਖਵੀਰ ਸਿੰਘ, ਪਿੰਡ ਤੱਖਰਾਂ ਦੇ ਸਰਪੰਚ ਤੋਂ ਇਲਾਵਾ ਪਤਵੰਤੇ ਹਾਜ਼ਰ ਸਨ।

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਧਰਨਾ ਮੁਲਤਵੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ ਵੱਲੋਂ 12 ਜੂਨ ਨੂੰ ਸਥਾਨਕ ਮੰਗਾਂ ਲਈ ਲਗਾਇਆ ਜਾ ਰਿਹਾ ਧਰਨਾ ਮੁਲਤਵੀ ਕਰ ਦਿੱਤਾ ਗਿਆ ਹੈ।ਪ੍ਰੈੱਸ ਬਿਆਨ ਜਾਰੀ ਕਰਦਿਆਂ ਬਲਾਕ ਪ੍ਰਧਾਨ ਗੁਰਚਰਨ ਸਿੰਘ ਰਾਮਾਂ, ਜੰਗੀਰ ਸਿੰਘ ਹਿੰਮਤਪੁਰਾ ਤੇ ਗੁਰਮੁੱਖ ਸਿੰਘ ਹਿੰਮਤਪੁਰਾ ਨੇ ਕਿਹਾ ਕਿ 11 ਮਈ ਨੂੰ ਬਲਾਕ ਨਿਹਾਲ ਸਿੰਘ ਵਾਲਾ ਵਿੱਚ ਦੇ ਪਿੰਡਾਂ ਵਿੱਚ ਆਏ ਤੇਜ਼ ਝੱਖੜ ਤੇ ਗੜੇਮਾਰੀ ਨਾਲ ਖ਼ਰਾਬ ਹੋਈਆਂ ਫਸਲਾਂ ਤੇ ਸਬਜ਼ੀਆਂ ਦੀ ਵਿਸ਼ੇਸ਼ ਗਿਰਦਾਵਰੀ ਕਰਕੇ ਮੁਆਵਜ਼ੇ ਲਈ, ਮਜਬੂਰੀਵੱਸ ਕਿਸਾਨਾਂ ਵੱਲੋਂ ਕਣਕ ਦੇ ਨਾੜ ਨੂੰ ਲਾਈ ਅੱਗ ਕਰਕੇ ਕਿਸਾਨਾਂ 'ਤੇ ਪਾਏ ਕੇਸਾਂ ਖਿਲਾਫ ਐੱਸ ਡੀ ਐੱਮ ਨਿਹਾਲ ਸਿੰਘ ਵਾਲਾ ਦੇ ਦਫ਼ਤਰ ਅੱਗੇ 12 ਜੂਨ ਨੂੰ ਧਰਨਾ ਲਗਾਇਆ ਜਾ ਰਿਹਾ ਸੀ, ਪਰ ਅੱਜ ਐੱਸ ਡੀ ਐੱਮ ਤੇ ਐੱਸ ਐੱਚ ਓ ਨਿਹਾਲ ਸਿੰਘ ਵਾਲਾ ਵੱਲੋਂ ਇਨ੍ਹਾਂ ਮੰਗਾਂ 'ਤੇ ਜਥੇਬੰਦੀ ਨਾਲ ਮੀਟਿੰਗ ਕੀਤੀ ਗਈ।ਐੱਸ ਡੀ ਐੱਮ ਨੇ ਕਿਹਾ ਕਿ ਫਸਲਾਂ ਦੇ ਖ਼ਰਾਬੇ ਲਈ ਲਗਭਗ 8 ਕਰੋੜ ਦੀ ਡਿਮਾਂਡ ਭੇਜਣ ਤੇ ਐੱਸ ਐੱਚ ਓ ਵੱਲੋਂ ਪਿੰਡ ਹਿੰਮਤਪੁਰਾ ਵਿੱਚ ਕਣਕ ਦੇ ਨਾੜ ਅੱਗ ਲਾਉਣ ਦੇ ਕੇਸ ਰੱਦ ਕਰਨ ਦੇ ਦਿੱਤੇ ਭਰੋਸੇ ਤੋਂ ਬਾਅਦ ਜਥੇਬੰਦੀ ਵੱਲੋਂ ਧਰਨਾ ਮੁਲਤਵੀ ਕਰ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਜੇਕਰ ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਛੇਤੀ ਨਹੀਂ ਮੰਨੀਆਂ ਜਾਂਦੀਆਂ ਤਾਂ ਜਥੇਬੰਦੀ ਵੱਲੋਂ ਦੁਬਾਰਾ ਧਰਨਾ ਲਗਾਇਆ ਜਾਵੇਗਾ।

# ਜਲ ਸਪਲਾਈ ਤੇ ਸੈਨੀਟੇਸ਼ਨ ਦੇ ਇਨਲਿਸਟਮੈਂਟ/ ਆਊਟਸੋਰਸ ਵਰਕਰਾਂ ਵੱਲੋਂ ਅਰਥੀ ਫੂਕ ਪ੍ਰਦਰਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਵਾਲੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਨਾਲ 11 ਜੂਨ ਦੀ ਮੀਟਿੰਗ ਨੂੰ ਕੈਂਸਲ ਕਰਨ ਦੇ ਰੋਸ ਵਜੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਠੇਕਾ ਪ੍ਰਣਾਲੀ ਦਾ ਸੰਤਾਪ ਭੋਗ ਰਹੇ ਇਨਲਿਸਟਮੈਂਟ/ਆਊਟਸੋਰਸ ਵਰਕਰ ਵੱਲੋਂ ਜ਼ਿਲ੍ਹਾ ਪੱਧਰ 'ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਇਸ ਸਬੰਧੀ ਸੂਬਾਈ ਆਗੂ ਰੁਪਿੰਦਰ ਸਿੰਘ, ਜ਼ਿਲ੍ਹਾ ਖ਼ਜ਼ਾਨਚੀ ਬਲਜਿੰਦਰ ਸਿੰਘ ਨੇ ਦੱਸਿਆ ਕਿ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਯੂਨੀਅਨ ਦੇ ਨਾਲ ਮੰਗ-ਮਸਲਿਆਂ ਦਾ ਹੱਲ ਕਰਨ ਲਈ 11 ਜੂਨ ਨੂੰ ਮੀਟਿੰਗ ਚੰਡੀਗੜ੍ਹ ਵਿਖੇ ਤੈਅ ਹੋਈ ਸੀ, ਪਰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ, ਜਿਸ ਕਾਰਨ ਵਰਕਰਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 16 ਜੂਨ 2026 ਨੂੰ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਨਾਲ ਕੀਤੀ ਜਾਣ ਵਾਲੀ ਮੀਟਿੰਗ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਕੰਮ ਕਰਦੇ ਇਨਲਿਸਟਮੈਂਟ ਵਰਕਰਾਂ ਦਾ ਪੱਕਾ ਰੁਜ਼ਗਾਰ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਵਿੱਚ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਲ ਕਰਕੇ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਸਬ ਕਮੇਟੀ ਦੇ ਨਾਲ ਹੋਣ ਵਾਲੀ ਇਸ ਮੀਟਿੰਗ ਵਿੱਚ ਜੇਕਰ ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਵਿਭਾਗ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਈ ਪੀ ਐੱਫ ਤੇ ਈਐੱਸਆਈ ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਿਸੀ ਅਧੀਨ 'ਪੱਕੇ ਰੁਜ਼ਗਾਰ' ਦਾ ਪ੍ਰਬੰਧ ਕਰਨ ਲਈ ਫੈਸਲਾ ਨਹੀਂ ਕੀਤਾ ਗਿਆ ਜਾਂ ਫਿਰ ਇਹ ਮੀਟਿੰਗ ਸਬ ਕਮੇਟੀ ਵੱਲੋਂ ਕੈਂਸਲ ਕੀਤੀ ਜਾਂਦੀ ਹੈ ਤਾਂ ਯੂਨੀਅਨ ਵੱਲੋਂ 18 ਜੂਨ 2026 ਨੂੰ ਪਟਿਆਲਾ ਦੀ ਧਰਤੀ 'ਤੇ ਵੱਡਾ ਇਕੱਠ ਕਰਕੇ 28 ਮਈ ਤੋਂ ਲਗਾਤਾਰ ਚੱਲ ਰਹੇ ਪੱਕੇ ਮੋਰਚੇ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਪ੍ਰੈੱਸ ਸਕੱਤਰ ਰਣਜੀਤ ਸਿੰਘ ਖਾਲਸਾ, ਸੁਰਜੀਤ ਸਿੰਘ, ਸਲਵਿੰਦਰ ਸਿੰਘ, ਮਲਕੀਤ ਚੰਦ, ਗੁਰਪ੍ਰੀਤ ਸਿੰਘ, ਸੁਖਚੈਨ ਸਿੰਘ, ਗੁਰਮੁੱਖ ਸਿੰਘ, ਸੁਖਦੇਵ ਸਿੰਘ, ਵਿਜੇ ਕੁਮਾਰ, ਪਰਵਿੰਦਰ ਸਿੰਘ ਰਾਜਾ ਆਦਿ ਆਗੂ ਹਾਜ਼ਰ ਸਨ।

# ਆਦਰਸ਼ ਸਕੂਲਾਂ ਦੇ ਸਟਾਫ਼ ਦੀਆਂ ਤਨਖਾਹਾਂ ਦਾ ਮਸਲਾ ਇੱਕ ਹਫ਼ਤੇ 'ਚ ਹੱਲ ਕਰਨ ਦਾ ਭਰੋਸਾ

### ਚਾਉਕੇ ਸਕੂਲ ਦੇ ਬਰਖ਼ਾਸਤ ਕਰਮਚਾਰੀਆਂ ਦੇ ਮਾਮਲੇ ਦੀ ਹੋਵੇਗੀ ਜਾਂਚ



**ਮਾਨਸਾ (ਆਤਮਾ ਸਿੰਘ ਪਮਾਰ)**-ਆਦਰਸ਼ ਸਕੂਲ ਐਸੋਸੀਏਸ਼ਨ ਪੰਜਾਬ ਦੇ ਕਨਵੀਨਰਾਂ ਦੀ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਤੇ ਉੱਚ ਅਧਿਕਾਰੀਆਂ ਨਾਲ ਚੰਡੀਗੜ੍ਹ ਸਿਵਲ ਸਕੱਤਰੇਤ ਵਿਖੇ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਦੀਆਂ ਨਿਗੂਣੀਆਂ ਤਨਖਾਹਾਂ, ਸੇਵਾ ਸੁਰੱਖਿਆ ਤੇ ਹੋਰ ਲੰਬਿਤ ਮੰਗਾਂ ਸਬੰਧੀ ਵਿਸਥਾਰਤ ਚਰਚਾ ਹੋਈ। ਮੀਟਿੰਗ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐਸੋਸੀਏਸ਼ਨ ਦੇ ਕਨਵੀਨਰਾਂ ਅਮਨਦੀਪ ਸ਼ਾਸਤਰੀ, ਅਮਰਜੋਤ ਜੋਸ਼ੀ, ਸਲੀਮ ਮੁਹੰਮਦ, ਨਛੱਤਰ ਸਿੰਘ, ਮੱਖਣ ਸਿੰਘ ਬੀਰ, ਬਲਵਿੰਦਰ ਸਿੰਘ ਚਾਉਕੇ ਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਨੇ ਆਦਰਸ਼ ਸਕੂਲਾਂ ਦੇ ਸਟਾਫ਼ ਦੀਆਂ ਤਨਖਾਹਾਂ ਨਾਲ ਸਬੰਧਤ ਮਸਲੇ ਨੂੰ ਇੱਕ ਹਫ਼ਤੇ 'ਚ ਹੱਲ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਆਦਰਸ਼ ਸਕੂਲ ਚਾਉਕੇ ਦੇ ਬਰਖ਼ਾਸਤ ਕੀਤੇ ਗਏ ਕਰਮਚਾਰੀਆਂ ਦਾ ਮਾਮਲਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ, ਜਿਸ 'ਤੇ ਵਿੱਤ ਮੰਤਰੀ ਨੇ ਡੀ.ਪੀ.ਆਈ. ਸੈਕੰਡਰੀ ਸਿੱਖਿਆ ਨੂੰ ਜਾਂਚ ਦੇ ਹੁਕਮ ਜਾਰੀ ਕਰਦਿਆਂ ਮਾਮਲੇ ਦੀ ਰਿਪੋਰਟ ਪੇਸ਼ ਕਰਨ ਲਈ ਕਿਹਾ।ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲਾਂ ਦਾ ਸਟਾਫ਼ ਲੰਬੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਿਹਾ ਹੈ ਅਤੇ ਹੁਣ ਸਰਕਾਰ ਵੱਲੋਂ ਦਿੱਤੇ ਭਰੋਸੇ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇੱਕ ਹਫ਼ਤੇ ਦੇ ਅੰਦਰ ਤਨਖਾਹਾਂ ਸਬੰਧੀ ਮਸਲੇ ਦਾ ਠੋਸ ਹੱਲ ਨਾ ਕੀਤਾ ਗਿਆ ਤਾਂ ਆਦਰਸ਼ ਸਕੂਲ ਐਸੋਸੀਏਸ਼ਨ ਪੰਜਾਬ ਆਗਾਮੀ ਦਿਨਾਂ 'ਚ ਆਪਣਾ ਸੰਘਰਸ਼ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ।ਆਗੂਆਂ ਨੇ ਉਮੀਦ ਜਤਾਈ ਕਿ ਸਰਕਾਰ ਆਪਣੇ ਵਾਅਦੇ ਅਨੁਸਾਰ ਜਲਦ ਹੀ ਕਰਮਚਾਰੀਆਂ ਦੀਆਂ ਮੰਗਾਂ ਦਾ ਹੱਲ ਕਰਕੇ ਆਦਰਸ਼ ਸਕੂਲਾਂ ਦੇ ਸਟਾਫ਼ ਨੂੰ ਰਾਹਤ ਪ੍ਰਦਾਨ ਕਰਨ ਦਾ ਕੰਮ ਕਰੇਗੀ।

## ਬਾਲ ਮਜ਼ਦੂਰੀ ਰੋਕਣ ਲਈ ਵੱਖ-ਵੱਖ ਥਾਵਾਂ 'ਤੇ ਛਾਪਾਮਾਰੀ

**ਮਾਨਸਾ (ਆਤਮਾ ਸਿੰਘ ਪਮਾਰ)**-ਬਾਲ ਮਜ਼ਦੂਰੀ ਰੋਕਣ ਤੇ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮਾਨਸਾ ਸ਼ਹਿਰ 'ਚ ਕਿਰਤ ਵਿਭਾਗ ਦੀਆਂ ਟੀਮਾਂ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਛਾਪਾਮਾਰੀ ਕੀਤੀ ਗਈ।

ਕਿਰਤ ਵਿਭਾਗ, ਜ਼ਿਲ੍ਹਾ ਬਾਲ ਸੁਰੱਖਿਆ ਇਕਾਈ, ਪੁਲਸ ਵਿਭਾਗ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਸਾਂਝੀ ਟੀਮ ਵੱਲੋਂ ਕਈ ਵਪਾਰਕ ਅਦਾਰਿਆਂ, ਦੁਕਾਨਾਂ ਤੇ ਹੋਰ ਕਾਰੋਬਾਰੀ ਥਾਵਾਂ ਦੀ ਜਾਂਚ ਕੀਤੀ ਗਈ।ਇਸ ਦੌਰਾਨ ਨਾਬਾਲਗ ਬੱਚਿਆਂ ਨੂੰ ਮਜ਼ਦੂਰੀ ਤੋਂ ਦੂਰ ਰੱਖਣ ਤੇ ਉਨ੍ਹਾਂ ਨੂੰ ਸਿੱਖਿਆ ਨਾਲ ਜੋੜਨ ਲਈ ਜਾਗਰੂਕ ਕੀਤਾ ਗਿਆ।ਇਸ ਮੌਕੇ ਦਵਿੰਦਰ ਸਿੰਘ ਲੇਬਰ ਇੰਸਪੈਕਟਰ ਨੇ ਕਿਹਾ ਕਿ ਬਾਲ ਮਜ਼ਦੂਰੀ (ਪ੍ਰਤੀਬੰਧ ਤੇ ਨਿਯਮਨ) ਕਾਨੂੰਨ ਤਹਿਤ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਕਿਸੇ ਵੀ ਤਰ੍ਹਾਂ ਦਾ ਕੰਮ ਕਰਵਾਉਣਾ ਗੈਰ-ਕਾਨੂੰਨੀ ਹੈ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਅਜਿਹੀ ਚੈਕਿੰਗ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਬਾਲ ਮਜ਼ਦੂਰੀ ਕਰਵਾਉਂਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਵੀ ਬਾਲ ਮਜ਼ਦੂਰੀ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਤੁਰੰਤ ਸਬੰਧਤ ਵਿਭਾਗ ਜਾਂ ਚਾਈਲਡ ਹੈਲਪਲਾਈਨ 1098 'ਤੇ ਸੂਚਿਤ ਕੀਤਾ ਜਾਵੇ।ਇਸ ਮੌਕੇ ਸਿਹਤ ਵਿਭਾਗ ਤੋਂ ਦਰਸ਼ਨ ਸਿੰਘ, ਪੁਲਸ ਵਿਭਾਗ ਤੋਂ ਹਰਪ੍ਰੀਤ ਸਿੰਘ, ਹਰਦੀਪ ਕੁਮਾਰ ਆਦਿ ਹਾਜ਼ਰ ਸਨ।

## ਐੱਲ ਬੀ ਸੀ ਟੀ ਦੀ ਮੀਟਿੰਗ 'ਚ ਦੋ ਨਵੇਂ ਮੈਂਬਰਾਂ ਦਾ ਨਿੱਘਾ ਸਵਾਗਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਲਾਰਡ ਬੁੱਧਾ ਚੈਰੀਟੇਬਲ ਟਰੱਸਟ (ਐੱਲ.ਬੀ.ਸੀ.ਟੀ.) ਦੀ ਇੱਕ ਵਿਸ਼ੇਸ਼ ਮੀਟਿੰਗ ਇੱਥੋਂ ਦੇ ਕੋਟਕਪੂਰਾ ਰੋਡ ਸਥਿਤ ਹੋਟਲ ਅਰੋਮਾ ਵਿਖੇ ਜ਼ਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਟਰੱਸਟ ਦੇ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਟਰੱਸਟ ਦੀਆਂ ਸਮਾਜ ਸੇਵੀ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਤੇ ਮੈਂਬਰਸ਼ਿਪ ਵਧਾਉਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਉਣ ਦਾ ਅਹਿਮ ਫੈਸਲਾ ਲਿਆ ਗਿਆ।ਇਸ ਮੌਕੇ ਸੇਵਾ-ਮੁਕਤ ਬੈਂਕ ਮੈਨੇਜਰ ਨਿਰਮਲ ਸਿੰਘ ਸੰਧੂ ਤੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਮੈਡਮ ਮਹਿੰਦਰ ਕੌਰ ਨੇ ਟਰੱਸਟ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ।ਟਰੱਸਟ ਦੇ ਆਗੂਆਂ ਵੱਲੋਂ ਦੋਵਾਂ ਨਵੇਂ ਮੈਂਬਰਾਂ ਨੂੰ ਗੁਲਦਸਤੇ ਭੇਟ ਕਰਕੇ ਜਥੇਬੰਦੀ ਵਿੱਚ ਜੀ ਆਇਆਂ ਨੂੰ ਆਖਿਆ ਗਿਆ।ਇਸ ਮੀਟਿੰਗ ਵਿੱਚ ਜ਼ਿਲ੍ਹਾ ਚੇਅਰਮੈਨ ਡਾ. ਹਰਪਾਲ ਸਿੰਘ, ਸੀਨੀਅਰ ਵਾਇਸ ਪ੍ਰਧਾਨ ਇੰਸ. ਰਮੇਸ਼ ਕੁਮਾਰ, ਲੀਗਲ ਅਡਵਾਇਜ਼ਰ ਐਡਵੋਕੇਟ ਪ੍ਰਦੀਪ ਸਿੰਘ ਅਟਵਾਲ, ਸੀਨੀਅਰ ਇਸਤਰੀ ਆਗੂ ਮੈਡਮ ਮੰਜੂ ਸੁਖੀਜਾ, ਵਿਸ਼ਵਦੀਪ ਕੌਰ ਤੇ ਨਰਿੰਦਰ ਕਾਕਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸਮਾਣਾ ਤ੍ਰਾਸਦੀ 'ਚ ਮਾਰੇ ਗਏ ਬੱਚਿਆਂ ਦੇ ਪਰਿਵਾਰਾਂ ਨੂੰ ਸਰਕਾਰੀ ਨੌਕਰੀ ਦੇਣ ਦੇ ਮਾਮਲੇ 'ਚ ਹਾਈ ਕੋਰਟ ਨੇ ਸਰਕਾਰ ਤੋਂ ਮੰਗਿਆ ਜਵਾਬ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਤੋਂ ਵਿਸਥਾਰਪੂਰਵਕ ਜਵਾਬ ਮੰਗਿਆ ਹੈ।ਇਹ ਜਵਾਬ ਉਨ੍ਹਾਂ ਬੱਚਿਆਂ ਦੇ ਪਰਿਵਾਰਾਂ ਵੱਲੋਂ ਦਾਇਰ ਕੀਤੀ ਗਈ ਰਿਟ ਪਟੀਸ਼ਨ ਦੇ ਸਬੰਧ ਵਿੱਚ ਮੰਗਿਆ ਗਿਆ ਹੈ, ਜਿਨ੍ਹਾਂ ਨੇ 7 ਮਈ 2025 ਨੂੰ ਸਮਾਣਾ ਵਿੱਚ ਵਾਪਰੀ ਦੁਖਦਾਈ ਘਟਨਾ ਦੌਰਾਨ ਆਪਣੀਆਂ ਜਾਨਾਂ ਗੁਆ ਦਿੱਤੀਆਂ ਸਨ।ਭਾਵਨਾ ਤੇ ਹੋਰਨਾਂ ਵੱਲੋਂ ਦਾਇਰ ਇਹ ਮਾਮਲਾ 8 ਮਈ 2026 ਨੂੰ ਜਸਟਿਸ ਜਗਮੋਹਨ ਬੰਸਲ ਦੀ ਅਦਾਲਤ ਵਿੱਚ ਸੁਣਵਾਈ ਲਈ ਪੇਸ਼ ਹੋਇਆ।ਸੁਣਵਾਈ ਦੌਰਾਨ ਪਟੀਸ਼ਨਕਰਤਾਵਾਂ ਦੀ ਪੱਖੋਂ ਪੇਸ਼ ਹੋਏ ਵਕੀਲ ਗੁਰਕਿਰਨ ਸਿੰਘ ਤੇ ਰਮਿਤਾ ਪੁਰੀ ਨੇ ਅਦਾਲਤ ਨੂੰ ਦੱਸਿਆ ਕਿ ਇਸ ਦੁਖਦਾਈ ਘਟਨਾ ਤੋਂ ਤੁਰੰਤ ਬਾਅਦ ਪੰਜਾਬ ਦੇ ਮੁੱਖ ਮੰਤਰੀ ਨੇ 7 ਜੂਨ 2025 ਨੂੰ ਖੁਦ ਸਮਾਣਾ ਦਾ ਦੌਰਾ ਕੀਤਾ ਸੀ।ਉਸ ਸਮੇਂ ਉਨ੍ਹਾਂ ਐਲਾਨ ਕੀਤਾ ਸੀ ਕਿ ਮ੍ਰਿਤਕ ਬੱਚਿਆਂ ਦੀਆਂ ਮਾਵਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ ਤੇ ਪ੍ਰਭਾਵਿਤ ਪਰਵਾਰਾਂ ਨੂੰ ਦਿੱਤੇ ਜਾਣ ਵਾਲੇ ਮੁਆਵਜ਼ੇ ਵਿੱਚ ਵੀ ਵਾਧਾ ਕੀਤਾ ਜਾਵੇਗਾ।ਅਦਾਲਤ ਅੱਗੇ ਇਹ ਵੀ ਰੱਖਿਆ ਗਿਆ ਕਿ ਇਹ ਭਰੋਸਾ ਉਨ੍ਹਾਂ ਮ੍ਰਿਤਕ ਬੱਚਿਆਂ ਤੇ ਡਰਾਈਵਰ ਦੇ ਪਰਵਾਰਾਂ ਨੂੰ ਦਿੱਤਾ ਗਿਆ ਸੀ, ਜਿਨ੍ਹਾਂ ਦੀ ਇਸ ਹਾਦਸੇ ਵਿੱਚ ਮੌਤ ਹੋ ਗਈ ਸੀ, ਪਰ ਇੱਕ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਨਾ ਤਾਂ ਸਰਕਾਰੀ ਨੌਕਰੀ ਦੇਣ ਦਾ ਆਪਣਾ ਵਾਅਦਾ ਪੂਰਾ ਕਰ ਸਕੀ ਹੈ ਤੇ ਨਾ ਹੀ ਮੁਆਵਜ਼ੇ ਦੀ ਰਕਮ ਵਿੱਚ ਵਾਧਾ ਕੀਤਾ ਗਿਆ ਹੈ।ਪਟੀਸ਼ਨਕਰਤਾਵਾਂ ਨੇ ਅਦਾਲਤ ਨੂੰ ਦੱਸਿਆ ਕਿ ਭਾਵੇਂ ਹਰ ਮ੍ਰਿਤਕ ਲਈ 2 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਗਿਆ ਸੀ, ਪਰ ਅੱਜ ਤੱਕ ਕਿਸੇ ਵੀ ਯਾਚਿਕਾਕਾਰ ਨੂੰ ਸਰਕਾਰੀ ਨੌਕਰੀ ਨਹੀਂ ਦਿੱਤੀ ਗਈ ਤੇ ਨਾ ਹੀ ਮੁਆਵਜ਼ੇ ਦੀ ਰਕਮ ਵਧਾਈ ਗਈ ਹੈ।ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਆਪਣਾ ਵਿਸਥਾਰਪੂਰਵਕ ਜਵਾਬ ਦਾਖਲ ਕਰਨ ਲਈ ਸਮਾਂ ਦਿੱਤਾ ਹੈ ਤੇ ਮਾਮਲੇ ਦੀ ਅਗਲੀ ਸੁਣਵਾਈ 20 ਜੁਲਾਈ 2026 ਲਈ ਨਿਰਧਾਰਤ ਕਰ ਦਿੱਤੀ ਹੈ।ਇਹ ਮਾਮਲਾ ਸਰਕਾਰੀ ਜਵਾਬਦੇਹੀ, ਪੀੜਤ ਪਰਵਾਰਾਂ ਨਾਲ ਕੀਤੇ ਜਨਤਕ ਵਾਅਦਿਆਂ ਨੂੰ ਪੂਰਾ ਕਰਨ ਅਤੇ ਜਨਤਕ ਤੌਰ 'ਤੇ ਕੀਤੇ ਗਏ ਭਰੋਸਿਆਂ ਨਾਲ ਜੁੜੇ ਸੰਵਿਧਾਨਕ ਤੇ ਕਾਨੂੰਨੀ ਫਰਜ਼ਾਂ ਦੀ ਪਾਲਣਾ ਨਾਲ ਸੰਬੰਧਤ ਮਹੱਤਵਪੂਰਨ ਸਵਾਲ ਖੜ੍ਹੇ ਕਰਦਾ ਹੈ।

# ਬਲਾਕ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਲਾਕ ਕਾਂਗਰਸ ਕਮੇਟੀ ਮਾਛੀਵਾੜਾ ਸਾਹਿਬ ਦੀ ਮਹੀਨਾਵਾਰ ਮੀਟਿੰਗ ਸਥਾਨਕ ਦਾਣਾ ਮੰਡੀ ਦਫ਼ਤਰ 'ਚ ਹੋਈ। ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇਹ ਮੀਟਿੰਗ ਸਰਪ੍ਰਸਤ ਸੁਰਿੰਦਰ ਕੁੰਦਰਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਭ ਤੋਂ ਪਹਿਲਾਂ ਮਰਹੂਮ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਸਰਪ੍ਰਸਤ ਸੁਰਿੰਦਰ ਕੁੰਦਰਾ ਨੇ ਸਮੂਹ ਮੈਂਬਰਾਂ ਨੂੰ ਆਪਣੇ-ਆਪਣੇ ਬੂਥ ਪੱਧਰ 'ਤੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਡੱਟ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਸਮੂਹ ਮੈਂਬਰਾਂ ਨੂੰ ਪਾਰਟੀ ਵੱਲੋਂ ਚੁਣੇ ਗਏ ਬੀ.ਐੱਲ.ਓ.-2 ਨੂੰ ਚੋਣ ਕਮਿਸ਼ਨ ਵੱਲੋਂ ਚਲਾਈ ਗਈ ਐੱਸ.ਆਈ.ਆਰ. ਮੁਹਿੰਮ ਤਹਿਤ ਆਪਣੇ ਆਪਣੇ ਬੂਥਾਂ 'ਤੇ ਵੋਟਰ ਸੂਚੀਆਂ ਦੀ ਸੁਧਾਈ ਲਈ ਸਹਿਯੋਗ ਕਰਨ ਲਈ ਕਿਹਾ ਤਾਂ ਜੋ ਨਜਾਇਜ਼ ਵੋਟਾਂ ਨਾ ਕੱਟੀਆਂ ਜਾਣ। ਸਮੂਹ ਆਗੂਆਂ ਤੇ ਵਰਕਰਾਂ ਨੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਡੱਟ ਕੇ ਕੰਮ ਕਰਨ ਦਾ ਪ੍ਰਣ ਲਿਆ। ਇਸ ਮੌਕੇ ਸੁਖਦੀਪ ਸਿੰਘ ਬਾਜਵਾ, ਜਗਦੇਵ ਸਿੰਘ, ਹਜਾਰਾ ਸਿੰਘ ਅਕਾਲਗੜ੍ਹ, ਜਗਤਾਰ ਸਿੰਘ ਖੀਰਨੀਆਂ, ਕੁਲਵੰਤ ਸਿੰਘ ਸਰਪੰਚ, ਅਮਨਦੀਪ ਸਿੰਘ, ਕੁਲਵਿੰਦਰ ਸਿੰਘ ਸ਼ੇਰੀਆਂ, ਯੁਵਰਾਜਜੀਤ ਸਿੰਘ ਰਾਏ, ਸਰਪੰਚ ਰਾਜਨ ਕੁਮਾਰ, ਸੰਜੀਵ ਕੁਮਾਰ, ਰਮੇਸ਼ ਕੁਮਾਰ ਚਕਲੀ ਆਦਲ, ਮਨਜੀਤ ਮੰਡੇਰ, ਸ਼ੇਰ ਸਿੰਘ ਬੋਹਾਪੁਰ, ਬਲਕਾਰ ਸਿੰਘ ਪਵਾਰ, ਭੋਲਾ ਰਾਣਾ ਸਿਹਾਲਾ ਮੌਜੂਦ ਸਨ।

## ਇਆਲੀ ਦੇ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਆਉਣ ਨਾਲ ਪਾਰਟੀ ਮਜ਼ਬੂਤ ਹੋਵੇਗੀ : ਲਵਲੀ



**ਸਮਰਾਲਾ (ਸੁਰਜੀਤ ਸਿੰਘ)**-'ਅਕਾਲੀ ਦਲ ਵਾਰਿਸ ਪੰਜਾਬ ਦੇ' ਸੀਨੀਅਰ ਆਗੂ ਰਾਜੀਵ ਕੁਮਾਰ ਲਵਲੀ ਨੇ ਕਿਹਾ ਕਿ ਤਿੰਨ ਵਾਰ ਵਿਧਾਇਕ ਤੇ ਤਜਰਬੇਕਾਰ ਸਿਆਸਤਦਾਨ ਮਨਪ੍ਰੀਤ ਸਿੰਘ ਇਆਲੀ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਵਰਕਰਾਂ 'ਚ ਭਾਰੀ ਉਤਸ਼ਾਹ ਹੈ।ਉਨ੍ਹਾਂ ਨੇ ਇਆਲੀ ਨੂੰ ਮਾਲਵੇ ਦਾ ਨਿਧੜਕ ਯੋਧਾ ਕਰਾਰ ਦਿੰਦੇ ਹੋਏ ਕਿਹਾ ਕਿ ਕਈ ਵੱਡੀਆਂ ਕੌਮੀ ਪਾਰਟੀਆਂ ਨੂੰ ਛੱਡ ਕੇ ਇਨ੍ਹਾਂ ਦੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਨਾਲ ਲੋਕ ਹਿੱਤ ਵਿੱਚ ਪਾਰਟੀ ਦੀ ਨੀਤੀ ਨੂੰ ਹੋਰ ਮਜ਼ਬੂਤੀ ਮਿਲੀ ਹੈ।ਲਵਲੀ ਨੇ ਕਿਹਾ ਕਿ ਇਆਲੀ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਜਿੱਥੇ ਉੱਪਰਲੀਆਂ ਸਫਾਂ ਵਿੱਚ ਪੰਜਾਬ ਦੀ ਸਿਆਸਤ ਨੇ ਰੰਗ ਬਦਲਿਆ ਹੈ, ਉੱਥੇ ਹੀ ਪਾਰਟੀ ਵਰਕਰਾਂ ਵਿੱਚ ਇਸ ਗੱਲ ਦਾ ਉਤਸ਼ਾਹ ਹੈ ਕਿ ਸਥਾਪਨਾ ਤੋਂ ਕਰੀਬ ਦੋ ਸਾਲਾਂ ਅੰਦਰ ਪਾਰਟੀ ਦੇ ਦੋ ਸੰਸਦ ਮੈਂਬਰ ਤੇ ਇੱਕ ਵਿਧਾਇਕ ਬਣ ਗਏ ਹਨ। ਉਨ੍ਹਾਂ ਜ਼ੋਰ ਦਿੰਦੇ ਹੋਏ ਕਿਹਾ ਕਿ ਆਉਂਦੇ ਦਿਨਾਂ ਦੌਰਾਨ ਕਈ ਹੋਰ ਲੋਕ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੁੰਦੇ ਨਜ਼ਰ ਆਉਣਗੇ।ਉਨ੍ਹਾਂ ਸੀਨੀਅਰ ਆਗੂ ਇਆਲੀ ਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਹੈ ਤੇ ਉਮੀਦ ਪ੍ਰਗਟਾਈ ਕਿ ਇਨ੍ਹਾਂ ਦਾ ਕਰੀਬ 25 ਸਾਲਾਂ ਦਾ ਸਿਆਸੀ ਤਜਰਬਾ ਪਾਰਟੀ ਨੂੰ ਉੱਚਾ ਚੁੱਕਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

# ਵਿਸ਼ਵ ਖ਼ੂਨਦਾਨੀ ਦਿਵਸ ਨੂੰ ਸਮਰਪਤ 11 ਸਟਾਰ ਬਲੱਡ ਡੋਨਰਾਂ ਨੂੰ ਕੀਤਾ ਸਨਮਾਨਤ

### ਖ਼ੂਨਦਾਨੀਆਂ ਦੀ ਭਲਾਈ ਸੰਬੰਧੀ ਬੋਰਡ ਦੇ ਗਠਨ ਦਾ ਐਲਾਨ ਕਰਨ ਮੁੱਖ ਮੰਤਰੀ : ਹਰਦੀਪ ਸਨੌਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੂਰੀ ਦੁਨੀਆ ਵਿਚ ਵਿਸ਼ਵ ਸਿਹਤ ਸੰਗਠਨ ਵੱਲੋਂ ਮਨੁੱਖੀ ਖ਼ੂਨ ਦੇ ਗਰੁੱਪਾਂ ਦਾ ਪਤਾ ਲਗਾਉਣ ਵਾਲੇ ਵਿਗਿਆਨ 'ਚ ਨੋਬਲ ਪੁਰਸਕਾਰ ਜੇਤੂ ਕਾਰਲ ਲੈਂਡਸਟਾਈਨ ਦੀ ਯਾਦ ਵਿੱਚ ਉਨ੍ਹਾਂ ਦੇ ਜਨਮ ਦਿਨ 14 ਜੂਨ ਨੂੰ ਸਮਰਪਤ ਸਾਲ 2005 ਤੋਂ ਵਿਸ਼ਵ ਪੱਧਰ 'ਤੇ 'ਵਿਸ਼ਵ ਖ਼ੂਨਦਾਨੀ ਦਿਵਸ' ਵਜੋਂ ਮਨਾਇਆ ਜਾਣਾ ਸ਼ੁਰੂ ਕੀਤਾ ਗਿਆ।ਕਾਰਲ ਲੈਂਡਸਟਾਈਨ ਦਾ ਜਨਮ 14 ਜੂਨ 1868 ਵਿੱਚ ਹੋਇਆ ਸੀ ਅਤੇ 1930 ਵਿੱਚ ਨੋਬਲ ਪੁਰਸਕਾਰ ਪ੍ਰਦਾਨ ਕੀਤਾ ਗਿਆ।ਸੂਬੇ ਅੰਦਰ ਹਰ ਸਾਲ 4 ਲੱਖ ਦੇ ਕਰੀਬ ਖ਼ੂਨ ਯੂਨਿਟਾਂ ਦੀ ਜ਼ਰੂਰਤ ਹੁੰਦੀ ਹੈ, ਜਿਸ ਦੀ ਪੂਰਤੀ ਲਈ ਵੱਖ-ਵੱਖ ਸੰਸਥਾਵਾਂ ਨਾਲ ਜੁੜੇ ਵਲੰਟੀਅਰ ਖ਼ੂਨਦਾਨ ਕੈਂਪਾਂ 'ਚ ਤੇ ਐਮਰਜੈਂਸੀ ਹਾਲਤਾਂ 'ਚ ਬਲੱਡ ਬੈਂਕਾਂ 'ਚ ਪਹੁੰਚ ਕੇ ਖ਼ੂਨ ਦਾਨ ਕਰਦੇ ਹਨ, ਜਿਨ੍ਹਾਂ ਨੂੰ ਸਮੇਂ ਸਮੇਂ 'ਤੇ ਸੰਸਥਾਵਾਂ ਤੇ ਬਲੱਡ ਸੈਂਟਰਾਂ ਵੱਲੋਂ ਸਨਮਾਨਤ ਕੀਤਾ ਜਾਂਦਾ ਹੈ।ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਨਾਲ ਜੁੜ ਕੇ ਰੈਗੂਲਰ ਖ਼ੂਨਦਾਨ ਕਰਨ ਵਾਲੇ ਸਟਾਰ ਖ਼ੂਨਦਾਨੀਆਂ ਨੂੰ ਗਰੁੱਪ ਵੱਲੋਂ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਕਲਾਸ ਰੂਮ ਵਿੱਚ ਐਵਾਰਡ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ 33 ਵਾਰ ਖ਼ੂਨਦਾਨ ਕਰਨ ਵਾਲੇ ਗੁਰਤੇਜ ਸਿੰਘ ਸਿਉਣਾ ਨੂੰ 3 ਸਟਾਰ ਬਲੱਡ ਡੋਨਰ ਐਵਾਰਡ, 20 ਵਾਰ ਵਾਲੇ ਯੋਗੇਸ਼ ਕੁਮਾਰ ਬਲਬੇੜਾ, ਪਵਨ ਕੁਮਾਰ ਸ਼ਰਮਾ, ਤੀਰਥਇੰਦਰ ਸਿੰਘ ਵਿਰਕ ਮਛਰਾਏ ਕਲਾਂ ਤੇ ਗੁਰਦਾਸ ਸਿੰਘ ਸਿਉਣਾ ਨੂੰ 2 ਸਟਾਰ, 10 ਤੋਂ ਵੱਧ ਵਾਰ ਵਾਲੇ ਲੱਕੀ ਸਿੰਘ ਸਿੰਗਰ, ਪਿਆਰਾ ਸਿੰਘ ਬਿਸ਼ਨਗੜ੍ਹ, ਗੁਰਪ੍ਰੀਤ ਸਿੰਘ ਪਟਿਆਲਾ, ਜਸਵਿੰਦਰ ਸਿੰਘ ਭਾਨਰਾ, ਇੰਦਰਜੀਤ ਸਿੰਘ ਤਫੱਜਲਪੁਰਾ ਤੇ ਸੁਦਰਸ਼ਨ ਕੁਮਾਰ ਮੰਡੀ ਗੋਬਿੰਦਗੜ੍ਹ ਨੂੰ 1 ਸਟਾਰ ਬਲੱਡ ਡੋਨਰ ਐਵਾਰਡਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ।

ਇਹ ਸਨਮਾਨ ਸਾਬਕਾ ਡੀ. ਐੱਸ. ਪੀ. ਤੇ ਗੋਲਡਨ ਸਟਾਰ ਬਲੱਡ ਡੋਨਰ ਨਾਹਰ ਸਿੰਘ ਮਾਜਰੀ, ਮਿਸ਼ਨ ਦੇ ਮੋਢੀ ਹਰਦੀਪ ਸਿੰਘ ਸਨੌਰ, ਜਗਸੀਰ ਸਿੰਘ ਬੌੜਾਂ ਕਲਾਂ, ਪਰਮਜੀਤ ਸਿੰਘ ਅਗਰਵਾਲ, ਹਰਮੀਤ ਸਿੰਘ ਬਡੂੰਗਰ, ਸੁਖਦੀਪ ਸਿੰਘ ਸੋਹਲ, ਲਖਪਤ ਸਿੰਘ, ਹਰਮਿੰਦਰ ਸਿੰਘ ਢੀਂਡਸਾ, ਭਾਈ ਜਰਨੈਲ ਸਿੰਘ ਝੰਡੀ, ਲਖਵਿੰਦਰ ਸਿੰਘ ਬਡਲਾ, ਗੁਰਮੀਤ ਸਿੰਘ ਡੀਲਵਾਲ ਨੇ ਸਾਂਝੇ ਰੂਪ ਵਿਚ ਕੀਤੇ।ਮਿਸ਼ਨ ਦੇ ਮੋਢੀ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਵਿਸ਼ਵ ਖ਼ੂਨਦਾਨੀ ਦਿਵਸ ਮੌਕੇ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਖ਼ੂਨਦਾਨੀਆਂ ਨੂੰ ਤੋਹਫਾ ਪ੍ਰਦਾਨ ਕਰਦੇ ਹੋਏ ਬੋਰਡ ਦੇ ਗਠਨ ਦਾ ਐਲਾਨ ਕਰਨ ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਰੰਗਲਾ ਪੰਜਾਬ ਬਣਾਉਣ ਦੀ ਦਿਸ਼ਾ ਵੱਲ ਅੱਗੇ ਵਧਣ।

## ਡਾ. ਜਸਪ੍ਰੀਤ ਸਿੰਘ ਬੀਜਾ ਵੱਲੋਂ ਵਰਕਰਾਂ ਨਾਲ ਵਿਚਾਰ-ਵਟਾਂਦਰਾ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਲੁਧਿਆਣਾ ਦਿਹਾਤੀ ਐੱਸ.ਸੀ. ਵਿੰਗ ਦੇ ਪ੍ਰਧਾਨ ਡਾ. ਜਸਪ੍ਰੀਤ ਸਿੰਘ ਬੀਜਾ ਵਿਧਾਨ ਸਭਾ ਹਲਕਾ ਪਾਇਲ ਵਿੱਚ ਕਾਫੀ ਸਰਗਰਮ ਨਜ਼ਰ ਆ ਰਹੇ ਹਨ।ਪਾਰਟੀ ਦੀਆਂ ਜ਼ਮੀਨੀ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਉਹ ਲਗਾਤਾਰ ਵਰਕਰਾਂ ਅਤੇ ਆਗੂਆਂ ਨਾਲ ਮੀਟਿੰਗਾਂ ਕਰ ਰਹੇ ਹਨ। ਇਸੇ ਤਹਿਤ ਉਨ੍ਹਾਂ ਨੇ ਦੋਰਾਹਾ ਵਿਖੇ ਆਮ ਆਦਮੀ ਪਾਰਟੀ ਵੱਲੋਂ ਵਾਰਡ ਨੰਬਰ 9 ਤੋਂ ਕੌਂਸਲਰ ਦੀ ਚੋਣ ਲੜੇ ਸ੍ਰੀ ਸੁਖਵਿੰਦਰ ਸਿੰਘ ਨੋਨਾ ਦੇ ਗ੍ਰਹਿ ਵਿਖੇ ਪਾਰਟੀ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੌਰਾਨ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ, ਆਉਣ ਵਾਲੀਆਂ ਰਾਜਨੀਤਿਕ ਸਰਗਰਮੀਆਂ ਅਤੇ ਹਲਕਾ ਪਾਇਲ ਵਿੱਚ ਪਾਰਟੀ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਬੀਜਾ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ ਤੇ ਭ੍ਰਿਸ਼ਟਾਚਾਰ ਖ਼ਿਲਾਫ਼ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ।

## ਏਸ਼ੀਆ ਹਾਕੀ ਕੱਪ 'ਚ ਕਾਂਸੇ ਦਾ ਮੈਡਲ ਜੇਤੂ ਰਸ਼ਮੀਨ ਕੌਰ ਦਾ ਡੀ ਸੀ ਵੱਲੋਂ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਅੰਡਰ-18 ਮਹਿਲਾ ਹਾਕੀ ਟੀਮ ਵਿਚ ਆਪਣੇ ਬਲਬੂਤੇ ਨਾਲ ਸਥਾਨ ਬਣਾਉਣ ਵਾਲੀ ਪੰਜਾਬ ਦੀ ਹੋਣਹਾਰ ਧੀ ਰਸ਼ਮੀਨ ਕੌਰ ਹਾਂਡਾ ਨੇ ਜਾਪਾਨ ਦੇ ਕਾਕਾਮਿਗਾਹਾਰਾ ਵਿਖੇ ਹੋਏ ਅੰਡਰ-18 ਮਹਿਲਾ ਹਾਕੀ ਏਸ਼ੀਆ ਕੱਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਨਾ ਸਿਰਫ਼ ਆਪਣੇ ਪਿੰਡ ਤੇ ਜ਼ਿਲ੍ਹੇ ਦਾ, ਸਗੋਂ ਸਮੁੱਚੇ ਪੰਜਾਬ ਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ। ਇਸ ਕਾਮਯਾਬੀ ਲਈ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਹੋਣਹਾਰ ਖਿਡਾਰੀ ਰਸ਼ਮੀਨ ਕੌਰ ਹਾਂਡਾ ਨੂੰ ਸਨਮਾਨਤ ਕੀਤਾ ਤੇ ਭਵਿੱਖ ਵਿੱਚ ਹੋਰ ਵੱਡੀਆਂ ਉਪਲਬੱਧੀਆਂ ਲਈ ਸ਼ੁੱਭ ਇਛਾਵਾਂ ਪ੍ਰਗਟ ਕੀਤੀਆਂ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਇਸ ਚੈਂਪੀਅਨਸ਼ਿਪ ਵਿੱਚ ਭਾਰਤੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੱਖਣੀ ਕੋਰੀਆ ਨੂੰ 3-0 ਨਾਲ ਹਰਾ ਕੇ ਕਾਂਸੀ ਦਾ ਮੈਡਲ ਜਿੱਤਿਆ ਹੈ। ਇਸ ਉਪਲਬੱਧੀ ਵਿੱਚ ਰਸ਼ਮੀਨ ਕੌਰ ਤੇ ਉਸ ਦੀਆਂ ਸਾਥੀ ਖਿਡਾਰਨਾਂ ਦੇ ਜਜ਼ਬੇ, ਮਿਹਨਤ ਤੇ ਟੀਮ ਵਰਕ ਦਾ ਵੱਡਾ ਯੋਗਦਾਨ ਰਿਹਾ। ਉਨ੍ਹਾ ਆਸ ਪ੍ਰਗਟ ਕੀਤੀ ਗਈ ਭਵਿੱਖ ਵਿੱਚ ਵੀ ਇਹ ਖਿਡਾਰਨ ਇਸੇ ਤਰ੍ਹਾਂ ਆਪਣੇ ਪਿੰਡ, ਮਾਪਿਆਂ ਤੇ ਜ਼ਿਲ੍ਹੇ ਦਾ ਨਾਮ ਰੋਸ਼ਨ ਕਰੇਗੀ। ਉਨ੍ਹਾ ਖਿਡਾਰਣ ਦੇ ਮਾਪਿਆਂ ਤੇ ਕੋਚਾਂ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਗੁਰਦੀਪ ਸਿੰਘ ਗਰੇਵਾਲ, ਹਾਕੀ ਕੋਚ ਮਨਮੀਤ ਸਿੰਘ ਰੂਬਲ, ਖਿਡਾਰਣ ਦੇ ਪਿਤਾ ਸੁਖਵਿੰਦਰ ਸਿੰਘ, ਮਾਤਾ ਸੁਖਵਿੰਦਰ ਕੌਰ, ਭਰਾ ਵਤਨਜੀਤ ਸਿੰਘ, ਦਾਦਾ ਨਗਿੰਦਰ ਸਿੰਘ, ਚਾਚਾ ਮਾਸਟਰ ਕਸ਼ਮੀਰ ਸਿੰਘ ਤੇ ਖੇਡ ਵਿਭਾਗ ਦੇ ਹੋਰ ਕੋਚ ਤੇ ਸਟਾਫ਼ ਹਾਜ਼ਰ ਸਨ।

## ਸ੍ਰੀ ਖਾਟੂ ਸ਼ਿਆਮ ਵੈੱਲਫੇਅਰ ਸੋਸਾਇਟੀ ਨੇ ਲਗਾਈ ਛਬੀਲ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਭਿਆਨਕ ਗਰਮੀ ਤੇ ਵਧ ਰਹੇ ਤਾਪਮਾਨ ਨੂੰ ਦੇਖਦੇ ਹੋਏ ਸ਼੍ਰੀ ਖਾਟੂ ਸ਼ਿਆਮ ਵੈੱਲਫੇਅਰ ਸੋਸਾਇਟੀ (ਰਜਿ.) ਸੁਨਾਮ ਊਧਮ ਸਿੰਘ ਵਾਲਾ ਵੱਲੋਂ ਸ਼ਹਿਰ ਵਿੱਚ ਰਾਹਗੀਰਾਂ ਤੇ ਆਮ ਲੋਕਾਂ ਦੀ ਸੇਵਾ ਲਈ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ।ਸੋਸਾਇਟੀ ਪ੍ਰਧਾਨ ਸੰਜੀਵ ਕੁਮਾਰ (ਸੋਨੂੰ) ਨੇ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਸਮਾਜ ਸੇਵਾ ਤੇ ਲੋੜਵੰਦਾਂ ਦੀ ਸੇਵਾ ਕਰਨਾ ਹੈ।ਉਨ੍ਹਾਂ ਕਿਹਾ ਕਿ ਸ਼੍ਰੀ ਖਾਟੂ ਸ਼ਿਆਮ ਜੀ ਦੀ ਕਿਰਪਾ ਸਦਕਾ ਸੋਸਾਇਟੀ ਵੱਲੋਂ ਸਮੇਂ-ਸਮੇਂ 'ਤੇ ਅਜਿਹੇ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਸੇਵਾ ਕਾਰਜ ਨਿਰੰਤਰ ਜਾਰੀ ਰਹਿਣਗੇ।ਇਸ ਮੌਕੇ ਮਹਿੰਦਰ ਗਰਗ, ਹਰਭਗਵਾਨ (ਬਾਲੀ), ਟਿੰਕਲ ਬਾਂਸਲ, ਰਾਜੇਸ਼ (ਮੋਨੂੰ), ਮੁਕੇਸ਼ ਕੁਮਾਰ, ਖੁਸ਼ਹਾਲ ਗਰਗ, ਅਜੇ ਕੁਮਾਰ, ਰਾਜੂ, ਸ਼ੁਭਮ, ਦੀਪਕ (ਦੀਪੂ), ਸ਼ੰਕੀ ਮਨਚੰਦਾ ਤੇ ਸੋਸਾਇਟੀ ਦੇ ਹੋਰ ਮੈਂਬਰਾਂ ਨੇ ਇਸ ਸੇਵਾ ਕਾਰਜ ਵਿੱਚ ਸਰਗਰਮ ਭੂਮਿਕਾ ਨਿਭਾਈ।

## ਰੈੱਡਕਰਾਸ ਨਸ਼ਾ ਮੁਕਤੀ ਕੇਂਦਰ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ



**ਕੋਟ ਈਸੇ ਖਾਂ (ਅਰੋੜਾ)**-ਵੱਧ ਰਹੀ ਗਰਮੀ ਨੂੰ ਦੇਖਦੇ ਹੋਏ ਰੈੱਡਕ੍ਰਾਸ ਨਸ਼ਾ ਮੁਕਤੀ ਕੇਂਦਰ ਵੱਲੋਂ ਰਾਹਗੀਰਾਂ ਤੇ ਆਮ ਲੋਕਾਂ ਦੀ ਸਹੂਲਤ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਠੰਢਾ ਮਿੱਠਾ ਜਲ ਪਿਲਾ ਕੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਪਿਆਸੇ ਲੋਕਾਂ ਨੂੰ ਪਾਣੀ ਪਿਲਾਉਣਾ ਬਹੁਤ ਹੀ ਪੁੰਨ ਦਾ ਕੰਮ ਹੈ।ਅਜਿਹੇ ਸਮਾਜਿਕ ਤੇ ਸੇਵਾ ਕਾਰਜ ਲੋਕਾਂ ਨੂੰ ਆਪਸੀ ਭਾਈਚਾਰੇ ਤੇ ਮਨੁੱਖਤਾ ਨਾਲ ਜੋੜਦੇ ਹਨ।ਛਬੀਲ ਦੌਰਾਨ ਰਾਹਗੀਰਾਂ ਨੇ ਇਸ ਦੀ ਸ਼ਲਾਘਾ ਕਰਦਿਆਂ ਰੈੱਡਕ੍ਰਾਸ ਦੀ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਸਕੱਤਰ ਰੈੱਡਕ੍ਰਾਸ ਪ੍ਰਦੀਪ ਕੁਮਾਰ, ਪ੍ਰਮਿੰਦਰ ਸਿੰਘ ਸੀਨੀਅਰ ਸਹਾਇਕ, ਹਰਪ੍ਰੀਤ ਸਿੰਘ ਇੰਚਾਰਜ ਰੈੱਡਕ੍ਰਾਸ ਨਸ਼ਾ ਮੁਕਤੀ ਕੇਂਦਰ ਤੇ ਐੱਸ. ਕੇ. ਬਾਂਸਲ ਐੱਨ.ਜੀ.ਓ. ਕੋਆਰਡੀਨੇਟਰ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਬਰੇਟਾ (ਰੀਤਵਾਲ)**-ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਇਕਾਈ ਬਰੇਟਾ ਦੀ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸਿੰਘ ਮੰਡੇਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਸੀਨੀਅਰ ਸਿਟੀਜਨਾਂ ਨੂੰ ਬੈਂਕਾਂ ਵਿੱਚ ਆ ਰਹੀਆਂ ਪ੍ਰੇਸ਼ਾਨੀਆਂ ਬਾਰੇ ਚਿੰਤਾ ਪ੍ਰਗਟ ਕੀਤੀ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਇਨ੍ਹਾਂ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ।ਇਸ ਤੋਂ ਇਲਾਵਾ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ਨੂੰ ਪੂਰਾ ਕਰਨ ਲਈ ਕਿਹਾ ਗਿਆ ਤਾਂ ਕਿ ਬਜ਼ੁਰਗਾਂ ਨੂੰ ਸਥਾਨਕ ਪੱਧਰ 'ਤੇ ਸੰਭਵ ਇਲਾਜ ਮਿਲ ਸਕੇ ਤੇ ਰੇਲਵੇ ਵਿਭਾਗ ਵੱਲੋਂ ਇੰਟਰਸਿਟੀ ਐਕਸਪ੍ਰੈੱਸ ਟ੍ਰੇਨ ਦੇ ਠਹਿਰਾਵ ਨਾਲ ਬਰੇਟਾ ਵਾਸੀਆਂ ਨੂੰ ਬਹੁਤ ਵੱਡੀ ਰਾਹਤ ਮਿਲੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਬੀਰ ਸਿੰਘ ਗੁੱਡੂ ਤੇ ਖੇਮ ਚੰਦ ਹਾਜ਼ਰ ਸਨ।

## ਝੱਖੜ ਨੇ 100 ਸਾਲ ਪੁਰਾਣਾ ਨਿੰਮ ਦਾ ਦਰੱਖਤ ਜੜ੍ਹ ਤੋਂ ਉਖਾੜ ਸੁੱਟਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬੀਤੇ ਕੱਲ੍ਹ ਆਏ ਭਾਰੀ ਮੀਂਹ ਤੇ ਤੂਫਾਨ ਨੇ ਇਥੋਂ ਦੀ ਪਟਿਆਲਾ ਸਥਿਤ ਪੁਰਾਣੇ ਮਾਰਕਿਟ ਕਮੇਟੀ ਦਫ਼ਤਰ ਦੀ ਬੈਕ ਸਾਈਡ ਦਾਣਾ ਮੰਡੀ ਵਿਖੇ ਲਗਭਗ 100 ਸਾਲ ਪੁਰਾਣੇ ਨਿੰਮ ਦੇ ਦਰੱਖਤ ਨੂੰ ਜੜ੍ਹ ਤੋਂ ਉਖਾੜ ਦਿੱਤਾ ਹੈ।ਇਹ ਦਰੱਖਤ ਸ਼ੁਰੂ ਤੋਂ ਹੀ ਜੜ੍ਹ ਤੋਂ ਦੋ ਵੱਡੇ ਤਣਿਆਂ ਵਿੱਚ ਵੰਡਿਆ ਹੋਇਆ ਸੀ।ਦਰੱਖਤ ਦਾ ਭਾਰ ਜ਼ਿਆਦਾ ਸੀ ਤੇ ਜੜ੍ਹ ਤੋਂ ਖੋਖਲਾ ਸੀ।ਮੀਂਹ ਝੱਖੇੜੇ ਦਾ ਬਹਾਨਾ ਭਾਲਦਾ ਇਹ ਦਰੱਖਤ ਜੜ੍ਹ ਵਿੱਚੋਂ ਨਿਕਲ ਕੇ ਧਰਤੀ 'ਤੇ ਡਿੱਗ ਪਿਆ।ਭਾਵੇਂ ਇਥੇ ਮੰਡੀ ਵਿੱਚ ਸ਼ੈੱਡ ਵੀ ਬਣੇ ਹੋਏ ਹਨ, ਫਿਰ ਵੀ ਇਥੇ 30-35 ਨਵੇਂ ਪੁਰਾਣੇ ਦਰੱਖਤ ਅਜੇ ਵੀ ਕਾਇਮ ਹਨ। ਪਟਿਆਲਾ ਰਿਆਸਤ ਵੱਲੋਂ ਵਸਾਈ ਸ਼ਹਿਰ ਦੀ ਪਟਿਆਲਾ ਮੰਡੀ ਵਿੱਚ ਉਸ ਟਾਈਮ ਲੋਕਾਂ ਵੱਲੋਂ ਅਪਣੀ ਸੁੱਖ ਸਹੂਲਤ ਲਈ ਇਹ ਦਰੱਖਤ ਲਾਏ ਗਏ ਸਨ, 40-50 ਸਾਲ ਪਹਿਲਾਂ ਇਹ ਸ਼ੈੱਡ ਬਨਣ ਤੋਂ ਪਹਿਲਾਂ ਮੰਡੀ ਦੇ ਲੋਕ ਇਨ੍ਹਾਂ ਦਰੱਖਤਾਂ ਥੱਲੇ ਜੇਠ-ਹਾੜ੍ਹ ਦੀਆਂ ਲੰਮੀਆਂ ਦੁਪਹਿਰਾਂ ਗੁਜ਼ਾਰਦੇ ਸਨ।ਅਜੇ ਵੀ ਲੋਕ ਇਨ੍ਹਾਂ ਦਰੱਖ਼ਤਾਂ ਦੀਆਂ ਠੰਡੀਆਂ ਛਾਵਾਂ ਦਾ ਅਨੰਦ ਮਾਣਦੇ ਹਨ।

## ਹਿਮਾਚਲ 'ਚ ਪੰਜਾਬੀਆਂ ਤੇ ਸਿੱਖਾਂ 'ਤੇ ਹਮਲੇ ਬਰਦਾਸ਼ਤ ਤੋਂ ਬਾਹਰ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਹਿਮਾਚਲ ਵਿਚ ਯਾਤਰਾ ਕਰਨ ਗਏ ਸਿੱਖ ਨੌਜਵਾਨਾਂ ਨਾਲ ਕੁਝ ਸਿਰਫਿਰੇ ਭੂਤਰੇ ਹੋਏ ਹਿਮਾਚਲੀ ਨੌਜਵਾਨਾਂ ਨੇ ਗੱਡੀ ਵਿਚ ਸਫਰ ਕਰ ਰਹੇ 4 ਸਿੱਖ ਨੌਜਵਾਨਾਂ ਨੂੰ ਘੇਰ ਕੇ ਬਹੁਤ ਹੀ ਬੇਰਹਿਮੀ ਅਤੇ ਗੈਰ ਇਨਸਾਨੀਅਤ ਢੰਗ ਨਾਲ ਕੁੱਟਮਾਰ ਹੀ ਨਹੀਂ ਕੀਤੀ ਬਲ ਕਿ ਇਨ੍ਹਾਂ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਦਾ ਅਪਮਾਨ ਵੀ ਕੀਤਾ ਗਿਆ ਪਰ ਦੁੱਖ ਅਤੇ ਅਫਸੋਸ ਹੈ ਕਿ ਸੰਬੰਧਤ ਕੁੱਲੂ-ਮਨਾਲੀ ਦੇ ਇਲਾਕੇ ਨਾਲ ਸੰਬੰਧਤ ਪੁਲਿਸ ਅਫਸਰ ਅਤੇ ਸਰਕਾਰ ਵੱਲੋਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਜਾਂ ਉਨ੍ਹਾਂ ਵਿਰੁੱਧ ਕੇਸ ਦਰਜ ਕਰਨ ਦੀ ਬਜਾਏ ਪੀੜ੍ਹਤਾਂ ਉਤੇ ਹੀ ਕੇਸ ਦਰਜ ਕਰਕੇ ਗ੍ਰਿਫਤਾਰ ਕਰਨ ਦੀ ਕਾਰਵਾਈ ਤੋਂ ਸਾਫ ਹੈ ਕਿ ਪੁਲਿਸ ਵੱਲੋਂ ਮੁਤੱਸਵੀ ਸੋਚ ਅਧੀਨ ਬੇਇਨਸਾਫ਼ੀ ਕੀਤੀ ਜਾ ਰਹੀ ਹੈ ਜੋ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਸਿੱਖ ਕੌਮ ਵੱਲੋਂ ਨਾਬਰਦਾਸ਼ਤ ਕਰਨ ਯੋਗ ਹੈ।ਇਹ ਵਿਚਾਰ ਸ੍ਰ. ਇਕਬਾਲ ਸਿੰਘ ਟਿਵਾਣਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰਗਟ ਕਰਦਿਆਂ ਹਿਮਾਚਲ ਦੀ ਸੁੱਖੂ ਸਰਕਾਰ ਤੇ ਡੀ ਜੀ ਪੀ ਹਿਮਾਚਲ ਨੂੰ ਦੋਸ਼ੀਆਂ ਵਿਰੁੱਧ ਕਾਰਵਾਈ ਨਾ ਹੋਣ 'ਤੇ ਹਾਲਾਤ ਦੇ ਵਿਸਫੋਟਕ ਬਣ ਜਾਣ ਲਈ ਖਬਰਦਾਰ ਕਰਦੇ ਹੋਏ ਪ੍ਰਗਟ ਕੀਤੇ।ਸ. ਟਿਵਾਣਾ ਨੇ ਪੰਜਾਬ ਦੀ ਸ. ਭਗਵੰਤ ਸਿੰਘ ਮਾਨ ਸਰਕਾਰ ਦਾ ਇਸ ਗੰਭੀਰ ਵਿਸ਼ੇ ਵੱਲ ਧਿਆਨ ਕੇਂਦਰਿਤ ਕਰਦੇ ਹੋਏ ਕਿਹਾ ਕਿ ਅਜਿਹੀਆ ਕਾਰਵਾਈਆਂ ਕੁਝ ਸਮੇ ਤੋਂ ਹਿਮਾਚਲ ਵਿਚ ਆਮ ਹੋ ਗਈਆਂ ਹਨ ਤੇ ਪੰਜਾਬੀਆਂ ਅਤੇ ਸਿੱਖਾਂ ਉਤੇ ਹੋ ਰਹੇ ਹਮਲਿਆ ਦੀ ਰੋਕਥਾਮ ਲਈ ਕੋਈ ਅਮਲ ਜ਼ਰੂਰ ਹੋਣਾ ਚਾਹੀਦਾ ਹੈ।

